ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

https://youtu.be/LQwolgxDu7I

awazeqaumtvpunjab@gmail.com

ਵੀਰਵਾਰ, 24 ਅਪ੍ਰੈਲ 2025 (ਨਾਨਕਸ਼ਾਹੀ ਸੰਮਤ : ੫੫੭, ੧੨ ਵੈਸਾਖ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111, +447976210161, +919729091243




## ਪਹਿਲਗਾਮ ਹਮਲੇ ਦਾ ਪੰਜਾਬ ’ਚ ਅਸਰ, 12 ਹਜ਼ਾਰ ਦੇ ਕਰੀਬ ਟੈਕਸੀ ਬੁਕਿੰਗਾਂ ਰੱਦ

**ਜਲੰਧਰ, 23 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਪਹਿਲਗਾਮ ਵਿਚ ਹੋਏ ਅੱਤਵਾਦ ਹਮਲੇ ਦਾ ਪੰਜਾਬ ਵਿਚ ਵੀ ਅਸਰ ਵੇਖਣ ਨੂੰ ਮਿਲਿਆ ਹੈ। ਜਲੰਧਰ ਵਿੱਚ ਟੈਕਸੀ ਯੂਨੀਅਨ ਨੇ ਜੰਮੂ-ਕਸ਼ਮੀਰ ਦੇ ਪਹਿਲਗਾਮ ਵਿੱਚ ਹੋਏ ਅੱਤਵਾਦੀ ਹਮਲੇ ਦਾ ਵਿਰੋਧ ਕੀਤਾ। ਯੂਨੀਅਨ ਦਾ ਕਹਿਣਾ ਹੈ ਕਿ ਅੱਤਵਾਦੀ ਹਮਲੇ ਕਾਰਨ ਦੇਸ਼ ਵਿੱਚ ਦਹਿਸ਼ਤ ਦਾ ਮਾਹੌਲ ਹੈ। ਹਰ ਨਾਗਰਿਕ ਦੇ ਮਨ ਵਿੱਚ ਗੁੱਸਾ ਹੈ। ਹਰ ਕਿਸੇ ਦਾ ਦਿਲ ਗੁੱਸੇ ਨਾਲ ਭਰਿਆ ਹੋਇਆ ਹੈ। ਉਨ੍ਹਾਂ ਅਪੀਲ ਕੀਤੀ ਹੈ ਕਿ ਦੇਸ਼ ਦੀ ਸਰਕਾਰ ਇਸ ਹਮਲੇ ਦਾ ਢੁੱਕਵਾਂ ਜਵਾਬ ਦੇਵੇ। ਉਨ੍ਹਾਂ ਕਿਹਾ ਕਿ ਉਹ ਸਥਾਨਕ ਸੁਰੱਖਿਆ ਨੂੰ ਲੈ ਕੇ ਪੁਲਸ ਕਮਿਸ਼ਨਰ ਅਤੇ ਪੰਜਾਬ ਸਰਕਾਰ ਨੂੰ ਇਕ ਮੰਗ ਪੱਤਰ ਦੇਣਗੇ। ਟੈਕਸੀ ਯੂਨੀਅਨ ਦੇ ਪ੍ਰਧਾਨ ਹਰਦੀਪ ਸਿੰਘ ਰਾਜੂ ਨੇ ਕਿਹਾ ਕਿ ਇਸ ਅੱਤਵਾਦੀ ਹਮਲੇ ਤੋਂ ਹਰ ਕੋਈ ਗੁੱਸੇ ਵਿੱਚ ਹੈ। ਉਨ੍ਹਾਂ ਕਿਹਾ ਕਿ ਪੂਰੇ ਪੰਜਾਬ ਤੋਂ ਟੈਕਸੀਆਂ ਅਤੇ ਟੈਂਪੂ ਇਥੋਂ ਬੁੱਕ ਕਰਵਾ ਕੇ ਸੈਲਾਨੀਆਂ ਲਈ ਜੰਮੂ-ਕਸ਼ਮੀਰ ਜਾਂਦੇ ਸਨ। ਉਨ੍ਹਾਂ ਕਿਹਾ ਕਿ ਸੀਜ਼ਨ ਦੌਰਾਨ ਲੱਖਾਂ ਸੈਲਾਨੀ ਜੰਮੂ ਕਸ਼ਮੀਰ ਅਤੇ ਸ਼੍ਰੀਨਗਰ ਘੁੰਮਣ ਜਾਂਦੇ ਹਨ ਪਰ ਕੱਲ੍ਹ ਹੋਏ ਅੱਤਵਾਦੀ ਹਮਲੇ ਤੋਂ ਬਾਅਦ ਭਾਵੇਂ ਉਹ ਅਮਰਨਾਥ ਯਾਤਰਾ ਹੋਵੇ ਜਾਂ ਕੋਈ ਹੋਰ ਸੈਲਾਨੀ ਯਾਤਰਾ, ਉਨ੍ਹਾਂ ਦੇ ਮਨਾਂ ਵਿੱਚ ਡਰ ਹੈ। ਉਨ੍ਹਾਂ ਦੱਸਿਆ ਕਿ ਹਮਲੇ ਤੋਂ ਬਾਅਦ ਉਨ੍ਹਾਂ ਦੀਆਂ ਲਗਭਗ 12 ਹਜ਼ਾਰ ਬੁਕਿੰਗਾਂ ਰੱਦ ਕਰ ਦਿੱਤੀਆਂ ਗਈਆਂ ਹਨ। ਹੁਣ ਲੋਕ ਅਮਰਨਾਥ ਯਾਤਰਾ ’ਤੇ ਜਾਣ ਤੋਂ ਵੀ ਡਰਦੇ ਹਨ।

### ਪਹਿਲਗਾਮ ਅੱਤਵਾਦੀ ਹਮਲੇ ਤੋਂ ਬਾਅਦ

# ਇੱਕ ਹੋਰ ਏਅਰਸਟ੍ਰਾਈਕ ਦੀ ਤਿਆਰੀ?

**ਨਵੀਂ ਦਿੱਲੀ/ਸ੍ਰੀਨਗਰ, 23 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਜੰਮੂ-ਕਸ਼ਮੀਰ ਦੇ ਪਹਿਲਗਾਮ ਵਿੱਚ ਹੋਏ ਅੱਤਵਾਦੀ ਹਮਲੇ ਤੋਂ ਬਾਅਦ ਸੁਰੱਖਿਆ ਬਲਾਂ ਨੇ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਇਸ ਦੌਰਾਨ, ਫੌਜ ਨੇ POK ਵਿੱਚ 42 ਅੱਤਵਾਦੀ ਕੈਂਪਾਂ ਦੀ ਪਛਾਣ ਕੀਤੀ। ਦੱਸਿਆ ਜਾ ਰਿਹਾ ਹੈ ਕਿ ਜੇਕਰ ਲੋੜ ਪਈ ਤਾਂ ਇਨ੍ਹਾਂ ਕੈਂਪਾਂ ਨੂੰ ਤਬਾਹ ਕਰ ਦਿੱਤਾ ਜਾਵੇਗਾ। ਇਨ੍ਹਾਂ ਵਿੱਚ 10 ਉੱਤਰੀ ਪੀਰ ਪੰਜਾਲ ਰੇਂਜ (ਕਸ਼ਮੀਰ ਦੇ ਦੂਜੇ ਪਾਸੇ ਪੀਓਕੇ ਵਿੱਚ) ਅਤੇ 32 ਦੱਖਣੀ ਪੀਰ ਪੰਜਾਲ ਰੇਂਜ (ਜੰਮੂ ਦੇ ਦੂਜੇ ਪਾਸੇ ਪੀਓਕੇ ਵਿੱਚ) ਸ਼ਾਮਲ ਹਨ। ਪੀਓਕੇ ਵਿੱਚ ਕੁੱਲ 110 ਤੋਂ 130 ਅੱਤਵਾਦੀ ਲਾਂਚ ਪੈਡ ਹੋਣ ਦੀ ਸੰਭਾਵਨਾ ਹੈ। ਉੱਤਰੀ ਪੀਰ ਪੰਜਾਲ ਵਿੱਚ 30 ਤੋਂ 35 ਅੱਤਵਾਦੀ ਲਾਂਚ ਪੈਡ ਹਨ। ਪੀਓਕੇ ਦੇ ਦੱਖਣੀ ਪੀਰ ਪੰਜਾਲ ਖੇਤਰ ਵਿੱਚ ਲਗਭਗ 100 ਅੱਤਵਾਦੀ ਲਾਂਚ ਪੈਡ ਹਨ। ਪਹਿਲਗਾਮ ਵਿੱਚ ਹੋਏ ਭਿਆਨਕ ਅੱਤਵਾਦੀ ਹਮਲੇ ਤੋਂ ਇੱਕ ਦਿਨ ਬਾਅਦ, ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਸੁਰੱਖਿਆ ਸਬੰਧੀ ਕੈਬਨਿਟ ਕਮੇਟੀ ਬੁੱਧਵਾਰ ਸ਼ਾਮ ਨੂੰ ਮੀਟਿੰਗ ਕੀਤੀ ਹੈ। ਪੀਐਮ ਮੋਦੀ ਤੋਂ ਇਲਾਵਾ, ਸੁਰੱਖਿਆ ਬਾਰੇ ਕੈਬਨਿਟ ਕਮੇਟੀ ਵਿੱਚ ਗ੍ਰਹਿ ਮੰਤਰੀ ਅਮਿਤ ਸ਼ਾਹ, ਰੱਖਿਆ ਮੰਤਰੀ ਰਾਜਨਾਥ ਸਿੰਘ, ਵਿਦੇਸ਼ ਮੰਤਰੀ ਐਸ ਜੈਸ਼ੰਕਰ ਅਤੇ ਵਿੱਤ ਮੰਤਰੀ ਨਿਰਮਲਾ ਸੀਤਾਰਮਨ ਸ਼ਾਮਲ ਹਨ। ਪਹਿਲਗਾਮ ਹਮਲੇ ਤੋਂ ਬਾਅਦ ਭਾਰਤ ਸਖ਼ਤ ਕਾਰਵਾਈ ਕਰ ਸਕਦਾ ਹੈ। ਪ੍ਰਧਾਨ ਮੰਤਰੀ ਦੀ ਪ੍ਰਧਾਨਗੀ ਹੇਠ ਹੋਣ ਵਾਲੀ CCS ਮੀਟਿੰਗ ਵਿੱਚ ਪਾਕਿਸਤਾਨ ਨਾਲ ਕੂਟਨੀਤਕ ਸਬੰਧ ਖਤਮ ਕਰਨ ਦਾ ਫੈਸਲਾ ਲਿਆ ਜਾ ਸਕਦਾ ਹੈ। ਸਿੰਧੂ ਜਲ ਸਮਝੌਤੇ ’ਤੇ ਵੀ ਵੱਡਾ ਫੈਸਲਾ ਲਿਆ ਜਾ ਸਕਦਾ ਹੈ। ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਪਹਿਲਗਾਮ ਅੱਤਵਾਦੀ ਹਮਲੇ ਦੀ ਨਿੰਦਾ ਕੀਤੀ ਹੈ। ਉਨ੍ਹਾਂ ਦੇਸ਼ ਵਾਸੀਆਂ ਨੂੰ ਭਰੋਸਾ ਦਿੱਤਾ ਕਿ ਸਰਕਾਰ ਹਰ ਜ਼ਰੂਰੀ ਕਦਮ ਚੁੱਕੇਗੀ। ਉਨ੍ਹਾਂ ਕਿਹਾ, “ਸਾਡੀ ਅੱਤਵਾਦ ਵਿਰੁੱਧ ਜ਼ੀਰੋ ਟਾਲਰੈਂਸ ਨੀਤੀ ਹੈ। ਭਾਰਤ ਦਾ ਹਰ ਨਾਗਰਿਕ ਇਸ ਕਾਇਰਾਨਾ ਕਾਰਵਾਈ ਵਿਰੁੱਧ ਇੱਕਜੁੱਟ ਹੈ। ਭਾਰਤ ਨੂੰ ਡਰਾਇਆ ਨਹੀਂ ਜਾ ਸਕਦਾ। ਮੈਂ ਦੇਸ਼ ਵਾਸੀਆਂ ਨੂੰ ਭਰੋਸਾ ਦਿਵਾਉਂਦਾ ਹਾਂ ਕਿ ਇਸ ਘਟਨਾ ਦੇ ਮੱਦੇਨਜ਼ਰ, ਭਾਰਤ ਸਰਕਾਰ ਹਰ ਜ਼ਰੂਰੀ ਅਤੇ ਢੁਕਵਾਂ ਕਦਮ ਚੁੱਕੇਗੀ।” ਇਸ ਤੋਂ ਪਹਿਲਾਂ, ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਪਹਿਲਗਾਮ ਦੇ ਬੈਸਰਨ ਦਾ ਦੌਰਾ ਕੀਤਾ, ਜਿੱਥੇ ਅੱਤਵਾਦੀਆਂ ਨੇ ਹਮਲਾ ਕੀਤਾ ਸੀ।



## ਬੇਕਸੂਰ ਤੇ ਨਿਹੱਥੇ ਮਾਸੂਮਾਂ ਨੂੰ ਨਿਸ਼ਾਨਾ ਬਣਾਉਣਾ ਮਨੁੱਖਤਾ ’ਤੇ ਹਮਲਾ-ਸੰਤ ਗਿ.ਹਰਨਾਮ ਸਿੰਘ ਖਾਲਸਾ

**ਚੌਕ ਮਹਿਤਾ, 23 ਅਪ੍ਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਜੰਮੂ-ਕਸ਼ਮੀਰ ਦੇ ਪਹਿਲਗਾਮ ਵਿਖੇ ਬੀਤੇਂ ਦਿਨੀਂ ਹੋਏ ਅੱਤਵਾਦੀ ਹਮਲੇ ‘ਚ 26 ਤੋਂ ਵੱਧ ਸੈਲਾਨੀਆਂ ਦੀ ਮੌਤ ਉੱਪਰ ਗਹਿਰਾ ਦੁੱਖ ਵਿਅਕਤ ਕਰਦੇ ਹੋਏ ਦਮਦਮੀ ਟਕਸਾਲ ਮੁਖੀ ਤੇ ਸੰਤ ਸਮਾਜ ਦੇ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਨੇ ਮਾਰੇ ਗਏ ਲੋਕਾਂ ਦੇ ਪਰਿਵਾਰਾਂ ਨਾਲ ਸੰਵੇਦਨਾ ਪ੍ਰਗਟ ਕੀਤੀ ਹੈ। ਉਨ੍ਹਾਂ ਕਿਹਾ ਕਿ ਦੀ ਬੈਸਰਨ ਘਾਟੀ ਘੁੰਮਣ ਗਏ ਸੈਲਾਨੀਆਂ ’ਤੇ ਹੋਇਆ ਇਹ ਅੱਤਵਾਦੀ ਹਮਲਾ ਕਾਇਰਤਾ ਦੀ ਵੱਡੀ ਨਿਸ਼ਾਨੀ ਹੈ,ਜੋ ਬਹੁਤ ਹੀ ਸ਼ਰਮਨਾਕ ਤੇ ਨਿੰਦਣਯੋਗ ਹੈ।ਇਸ ਅਣਮਨੁੱਖੀ ਤੇ ਕਰੂਰ ਕਾਰੇ ਨੇ ਸਮਾਜਿਕ ਕਦਰਾਂ ਕੀਮਤਾਂ ਨੂੰ ਬਹੁਤ ਭਾਰੀ ਸੱਟ ਮਾਰੀ ਹੈ। ਦਹਿਸ਼ਤਗਰਦ ਲੋਕਾਂ ਵੱਲੋਂ ਧਰਮ ਦੇ ਨਾਂ ‘ਤੇ ਬੇਕਸੂਰ ਤੇ ਨਿਹੱਥੇ ਮਾਸੂਮਾਂ ਨੂੰ ਨਿਸ਼ਾਨਾ ਬਣਾਉਣਾ ਮਨੁੱਖਤਾ ’ਤੇ ਹਮਲਾ ਹੈ ਤੇ ਇਸ ਜ਼ਾਲਮਾਨਾ ਕਾਰਵਾਈ ਲਈ ਜ਼ਿੰਮੇਵਾਰ ਲੋਕਾਂ ਨੂੰ ਖਿਲਾਫ ਸਖਤ ਤੋਂ ਸਖਤ ਕਾਰਵਾਈ ਹੋਈ ਚਾਹੀਦੀ ਹੈ ਉਨ੍ਹਾਂ ਕਿਹਾ ਕਿ ਮਾਨਵੀ ਸਰੋਕਾਰ ਅਜਿਹਾ ਨਹੀਂ ਸਿਖਾਉਂਦੇ, ਸਗੋਂ ਸਾਰਿਆਂ ਨੂੰ ਭਾਈਚਾਰੇ ਤੇ ਸਦਭਾਵਨਾ ਦਾ ਰਾਹ ਦਿਖਾਉਂਦੇ ਹਨ।ਉਹਨਾਂ ਨੇ ਜੰਮੂ ਕਸ਼ਮੀਰ ‘ਚ ਵੀ ਲੱਗਭੱਗ 25 ਸਾਲ ਪਹਿਲਾਂ ਚਿੱਟੀ ਸਿੰਘਪੁਰਾ ਵਿਖੇ 35 ਨਿਰਦੋਸ਼ ਸਿੱਖਾਂ ਦਾ ਗੋਲੀਆਂ ਮਾਰਕੇ ਕੀਤੇ ਗਏ ਕਤਲ ਦੀ ਘਟਨਾ ਨੂੰ ਯਾਦ ਕਰਦਿਆਂ ਕਿਹਾ ਕਿ ਅੱਜ ਇੰਨਾਂ ਲੰਬਾ ਸਮਾਂ ਬੀਤ ਜਾਣ ਦੇ ਬਾਵਜੂਦ ਉਸ ਕਤਲੇਆਮ ਦਾ ਇਨਸਾਫ ਅੱਜ ਤਕ ਹੀ ਸਿੱਖਾਂ ਨੂੰ ਨਹੀ ਮਿਲਿਆ। ਅਖੀਰ ਟਕਸਾਲ ਮੁਖੀ ਨੇ ਇਸ ਪਹਿਲਗਾਮ ਹਮਲੇ ਦੀ ਕਰੜੇ ਸ਼ਬਦਾਂ ‘ਚ ਨਿੰਦਾ ਕਰਦਿਆਂ ਮਾਰੇ ਗਏ ਲੋਕਾਂ ਦੇ ਪਰਿਵਾਰਾਂ ਨਾਲ ਦਿਲੀ ਦੁੱਖ ਦਾ ਪ੍ਰਗਟਾਵਾ ਕੀਤਾ ਤੇ ਵਿਛੜੀਆਂ ਰੂਹਾਂ ਦੀ ਆਤਮਿਕ ਸ਼ਾਂਤੀ ਲਈ ਅਰਦਾਸ ਬੇਨਤੀ ਕੀਤੀ।



## ਪੰਜਾਬ ਪੁਲਸ ਦੇ ਐਨਕਾਊਂਟਰ ’ਚ ਮਾਰੇ ਗਏ ਗੁਰਪ੍ਰੀਤ ਸਿੰਘ ਦਾ ਭਰਾ ਆਇਆ ਸਾਹਮਣੇ

**ਜਲੰਧਰ, 23 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਸੁਲਤਾਨਪੁਰ ਲੋਧੀ ਦੇ ਨੇੜਲੇ ਕਸਬੇ ਲੋਹੀਆਂ ਖਾਸ ਦੇ ਪਿੰਡ ਕੁਤਬੀਵਾਲ ਪੁੱਜੀ ਸੀ. ਆਈ. ਏ. ਟੀਮ ਅਤੇ ਨਸ਼ਾ ਸਮੱਗਲਰਾਂ ਵਿਚਕਾਰ ਬੀਤੇ ਦਿਨੀਂ ਗੋਲ਼ੀਬਾਰੀ ਹੋਈ। ਇਸ ਦੌਰਾਨ ਕੁਤਬੀਵਾਲ ਦੇ ਗੁਰਪ੍ਰੀਤ ਸਿੰਘ ਉਰਫ਼ ਗੋਪੀ ਦੇ ਮਾਰੇ ਜਾਣ ਦੀਆਂ ਖ਼ਬਰ ਮਿਲੀ ਸੀ, ਜਦਕਿ ਪੁਲਸ ਵੱਲੋਂ ਲਵਪ੍ਰੀਤ ਸਿੰਘ ਉਰਫ਼ ਲੱਭਾ ਅਤੇ ਰੋਹਿਤ ਉਰਫ਼ ਰੋਹੀ ਨੂੰ ਹੈਰੋਇਨ ਅਤੇ ਅਸਲੇ ਸਮੇਤ ਕਾਬੂ ਕਰ ਲਿਆ ਗਿਆ ਹੈ। ਉਧਰ ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਸੀਨੀਅਰ ਪੁਲਸ ਕਪਤਾਨ ਹਰਵਿੰਦਰ ਸਿੰਘ ਵਿਰਕ, ਪੀ. ਪੀ. ਐੱਸ. ਨੇ ਦੱਸਿਆ ਸੀ ਕਿ ਸਰਬਜੀਤ ਰਾਏ, ਪੀ. ਪੀ. ਐੱਸ. ਪੁਲਸ ਕਪਤਾਨ (ਇੰਨਵੈਸਟੀਗੇਸ਼ਨ) ਦੀ ਅਗਵਾਈ ਹੇਠ ਸੀ. ਆਈ. ਏ. ਟੀਮ ਨੂੰ ਗੁਪਤ ਸੂਚਨਾ ’ਤੇ ਆਧਾਰ ’ਤੇ ਪਿੰਡ ਕੁਤਬੀਵਾਲ ਥਾਣਾ ਲੋਹੀਆਂ ਵਿਖੇ ਕਾਰਵਾਈ ਲਈ ਭੇਜਿਆ ਗਿਆ ਸੀ। ਉਨ੍ਹਾਂ ਕਿਹਾ ਕਿ ਇਹ ਟੀਮ ਪਿੰਡ ਕੁਤਬੀਵਾਲ (ਥਾਣਾ ਲੋਹੀਆਂ) ਵਿਖੇ ਛਾਪੇਮਾਰੀ ਕਰਨ ਗਈ ਸੀ। ਛਾਪੇਮਾਰੀ ਦੌਰਾਨ ਟੀਮ ਨੇ 3 ਸ਼ੱਕੀ ਵਿਅਕਤੀਆਂ ਨੂੰ ਚੈੱਕ ਕੀਤਾ, ਜਦੋਂ ਪੁਲਸ ਅਧਿਕਾਰੀ ਉਨ੍ਹਾਂ ਦੀ ਚੈਕਿੰਗ ਕਰ ਰਹੇ ਸਨ, ਉਸ ਸਮੇਂ ਗੁਰਪ੍ਰੀਤ ਉਰਫ਼ ਗੋਪੀ ਨੇ ਏ. ਐੱਸ. ਆਈ. ਮਨਦੀਪ ਸਿੰਘ ਗੋਨਾ ਉੱਤੇ ਆਪਣਾ ਹਥਿਆਰ ਤਾਣ ਦਿੱਤਾ, ਜਿਸ ਕਾਰਨ ਉਹ ਆਪਸ ਵਿਚ ਗੁਥਮ-ਗੁੱਥਾ ਹੋ ਗਏ। ਇਸ ਆਪਸੀ ਤਰਕਾਰ ਦੌਰਾਨ ਗੁਰਪ੍ਰੀਤ ਗੋਪੀ ਨੇ ਏ. ਐੱਸ. ਆਈ. ਮਨਦੀਪ ਸਿੰਘ ਉਰਫ਼ ਗੋਨਾ ’ਤੇ ਫਾਇਰ ਕਰ ਦਿੱਤਾ, ਇਸੇ ਦੌਰਾਨ ਫੁਰਤੀ ਵਿਖਾਉਂਦੇ ਹੋਏ ਏ. ਐੱਸ. ਆਈ. ਮਨਦੀਪ ਸਿੰਘ ਹੇਠਾਂ ਬੈਠ ਗਿਆ ਅਤੇ ਖ਼ੁਦ ਨੂੰ ਅਸੁਰੱਖਿਅਤ ਸਮਝਦੇ ਹੋਏ ਏ. ਐੱਸ. ਆਈ. ਮਨਦੀਪ ਸਿੰਘ ਗੋਨਾ ਨੇ ਨਿੱਜੀ ਸੁਰੱਖਿਆ ਲਈ ਗੋਲ਼ੀ ਚਲਾਈ, ਜੋ ਗੁਰਪ੍ਰੀਤ ਉਰਫ਼ ਗੋਪੀ ਨੂੰ ਲੱਗੀ ਅਤੇ ਉਸ ਨੂੰ ਤੁਰੰਤ ਹਸਪਤਾਲ ਲਿਜਾਇਆ ਗਿਆ, ਜਿੱਥੇ ਉਸ ਦੀ ਇਲਾਜ ਦੌਰਾਨ ਮੌਤ ਹੋ ਗਈ। ਉਧਰ ਦੂਜੇ ਪਾਸੇ ਇਸ ਮਾਮਲੇ ਨੂੰ ਲੈ ਕੇ ਮ੍ਰਿਤਕ ਗੁਰਪ੍ਰੀਤ ਸਿੰਘ ਗੋਪੀ ਦੇ ਪਰਿਵਾਰਿਕ ਮੈਂਬਰ ਮੀਡੀਆ ਸਾਹਮਣੇ ਆਏ ਹਨ। ਜਾਣਕਾਰੀ ਦਿੰਦੇ ਹੋਏ ਉਸ ਦੇ ਭਰਾ ਜਸ਼ਨਪ੍ਰੀਤ ਸਿੰਘ ਪੁੱਤਰ ਬਲਵਿੰਦਰ ਸਿੰਘ ਵਾਸੀ ਕੁਤਬੀਵਾਲ ਨੇ ਪੁਲਸ ਦੀ ਕਾਰਵਾਈ ਨੂੰ ਸਿਰਫ਼ ਧੱਕੇਸ਼ਾਹੀ ਕਰਾਰ ਦਿੱਤਾ ਹੈ ਅਤੇ ਐਨਕਾਊਂਟਰ ਨੂੰ ਵੀ ਫੇਕ ਐਨਕਾਊਂਟਰ ਕਰਾਰ ਦਿੱਤਾ ਹੈ। ਮ੍ਰਿਤਕ ਗੁਰਪ੍ਰੀਤ ਦੇ ਛੋਟੇ ਭਰਾ ਜਸਪ੍ਰੀਤ ਸਿੰਘ ਨੇ ਕਿਹਾ ਕਿ ਮੇਰਾ ਭਰਾ ਅਤੇ ਉਸ ਦੇ ਸਾਥੀ ਪਿੰਡ ’ਚ ਇਕ ਮੋਟਰ ’ਤੇ ਮੌਜੂਦ ਸੀ ਅਤੇ ਕਣਕ ਵੱਢਣ ਦਾ ਕੰਮ ਕਰ ਰਹੇ ਸਨ। ਅਚਾਨਕ ਗੋਲ਼ੀਆਂ ਚੱਲਣ ਦੀ ਆਵਾਜ਼ ਆਉਂਦੀ ਹੈ, ਇਸ ਤੋਂ ਬਾਅਦ ਸਾਨੂੰ ਪਤਾ ਲੱਗਦਾ ਹੈ ਕਿ ਪਿੰਡ ਵਿਚ ਪੁਲਸ ਆਈ ਹੋਈ ਹੈ ਅਤੇ ਪੁਲਸ ਇਨ੍ਹਾਂ ਨੂੰ ਉਥੋਂ ਲੈ ਕੇ ਚਲੀ ਜਾਂਦੀ ਹੈ, ਸਾਨੂੰ ਸ਼ਾਮ ਸਾਢੇ 6 ਵਜੇ ਜਾਣਕਾਰੀ ਦਿੱਤੀ ਜਾਂਦੀ ਹੈ ਕਿ ਗੁਰਪ੍ਰੀਤ ਸਿੰਘ ਦੀ ਮੌਤ ਹੋ ਚੁੱਕੀ ਹੈ। ਸਾਨੂੰ ਕੁਝ ਨਹੀਂ ਪਤਾ ਕਿ ਗੁਰਪ੍ਰੀਤ ਸਿੰਘ ਨੂੰ ਉੱਥੇ ਪਿੰਡ ’ਚ ਹੀ ਗੋਲ਼ੀ ਮਾਰੀ ਗਈ ਹੈ ਜਾਂ ਪਾਸੇ ਲਿਜਾ ਕੇ ਕਿਥੇ ਹੋਰ ਗੋਲ਼ੀ ਮਾਰੀ ਗਈ ਹੈ। ਪੁਲਸ ਵੱਲੋਂ ਲਗਾਏ ਜਾ ਰਹੇ ਆ ਦੋਸ਼ ਬਿਲਕੁਲ ਬੇਬੁਨਿਆਦ ਹਨ, ਉਨ੍ਹਾਂ ਕੋਲ ਕਿਸੇ ਕਿਸਮ ਦਾ ਅਸਲਾ ਨਹੀਂ ਸੀ ਨਾ ਹੀ ਉਨ੍ਹਾਂ ’ਤੇ ਪਹਿਲੋਂ ਕਦੇ ਕੋਈ ਨਸ਼ਾ ਸਮੱਗਲਿੰਗ ਨੂੰ ਲੈ ਕੇ ਕੋਈ ਮਾਮਲਾ ਹੀ ਦਰਜ ਸੀ। ਉਥੇ ਹੀ ਇਸ ਮਾਮਲੇ ਸਬੰਧੀ ਸੀਨੀਅਰ ਪੁਲਸ ਕਪਤਾਨ ਹਰਵਿੰਦਰ ਸਿੰਘ ਵਿਰਕ ਨੇ ਦੱਸਿਆ ਕਿ ਇਸੇ ਕਾਰਵਾਈ ਦੌਰਾਨ ਪੁਲਸ ਪਾਰਟੀ ਨੇ ਤੁਰੰਤ ਐਕਸ਼ਨ ਕਰਦੇ ਹੋਏ ਰੋਹਿਤ ਉਰਫ਼ ਰੋਹੀ ਪੁੱਤਰ ਰਾਮਪਾਲ ਨਿਵਾਸੀ ਪਿੰਡ ਮੰਡਾਲਾ, ਥਾਣਾ ਲੋਹੀਆਂ ਖਾਸ (ਜਲੰਧਰ) ਅਤੇ ਲਵਪ੍ਰੀਤ ਸਿੰਘ ਉਰਫ਼ ਲੱਭਾ ਪੁੱਤਰ ਜੋਗਿੰਦਰ ਸਿੰਘ ਵਾਸੀ ਪਿੰਡ ਕੁਤਬੀਵਾਲ ਥਾਣਾ ਲੋਹੀਆਂ ਖਾਸ (ਜਲੰਧਰ) ਨੂੰ ਕਾਬੂ ਕਰਕੇ ਉਕਤ ਤਿੰਨਾਂ ਵਿਅਕਤੀਆਂ ਕੋਲੋਂ 100 ਗ੍ਰਾਮ ਹੈਰੋਇਨ ਬਰਾਮਦ ਕਰਕੇ ਗ੍ਰਿਫ਼ਤਾਰ ਕੀਤਾ ਗਿਆ।

### ਇੰਟਰਨੈਸ਼ਨਲ ਪੰਥਕ ਦਲ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹੀਦੀ ਸ਼ਤਾਬਦੀ ਸਬੰਧੀ

# ਪਿੰਡਾਂ ਸ਼ਹਿਰਾਂ ’ਚ ਨਗਰ ਕੀਰਤਨ 12 ਮਈ ਤੋਂ : ਸਿੰਘ ਸਾਹਿਬ




**ਸਮਾਲਸਰ/ਬਾਘਾ ਪੁਰਾਣਾ • ਭੁਪਿੰਦਰ ਸਿੰਘ ਸਮਾਲਸਰ/ਟਿੰਕੂ ਕਾਠਪਾਲ, ਸੰਦੀਪ ਬਾਘੇਵਾਲੀਆਂ**-ਇੰਟਰਨੈਸ਼ਨਲ ਪੰਥਕ ਦਲ ਦੀ ਵਿਸ਼ੇਸ਼ ਮੀਟਿੰਗ ਅੱਜ 20ਵੀਂ ਸਦੀ ਦੇ ਮਹਾਨ ਜਰਨੈਲ ਅਤੇ ਦਮਦਮੀ ਟਕਸਾਲ ਦੇ 14ਵੇਂ ਮੁਖੀ ਸੰਤ ਗਿਆਨੀ ਜਰਨੈਲ ਸਿੰਘ ਖਾਲਸਾ ਭਿੰਡਰਾਂ ਵਾਲਿਆਂ ਦੇ ਜਨਮ ਸਥਾਨ ਗੁਰਦੁਆਰਾ ਸੰਤ ਖਾਲਸਾ ਪਿੰਡ ਰੋਡੇ ਵਿਖੇ ਜਥੇਬੰਦੀ ਦੇ ਸਰਪ੍ਰਸਤ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਖਾਲਸਾ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਦੀ ਅਗਵਾਈ ਹੇਠ ਹੋਈ। ਇਸ ਮੀਟਿੰਗ ਵਿਚ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਸਬੰਧੀ ਪੰਜਾਬ ਦੇ ਪਿੰਡਾਂ ਸ਼ਹਿਰਾਂ ਵਿਚ 40 ਨਗਰ ਕੀਰਤਨ ਕੱਢਣ ਦਾ ਫੈਸਲਾ ਲਿਆ ਗਿਆ। ਸਿੰਘ ਸਾਹਿਬ ਭਾਈ ਜਸਵੀਰ ਸਿੰਘ ਖਾਲਸਾ ਹੁਰਾਂ ਨੇ ਦੱਸਿਆ ਕਿ ਇਹ ਨਗਰ ਕੀਰਤਨ ਗੁਰਦੁਆਰਾ ਸੰਤ ਖਾਲਸਾ ਪਿੰਡ ਰੋਡੇ ਤੋਂ 12 ਮਈ ਨੂੰ ਆਰੰਭ ਹੋਣਗੇ ਅਤੇ ਨਵੰਬਰ ਮਹੀਨੇ ’ਚ ਸ਼ਹੀਦੀ ਸ਼ਤਾਬਦੀ ਸਮਾਗਮਾਂ ਤੱਕ ਜਾਰੀ ਰਹਿਣਗੇ। ਉਨ੍ਹਾਂ ਦੱਸਿਆ ਕਿ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ 300 ਸਾਲਾ ਸ਼ਹੀਦੀ ਸ਼ਤਾਬਦੀ ਮੌਕੇ ਵੀ ਉਸ ਸਮੇਂ ਦੇ ਦਮਦਮੀ ਟਕਸਾਲ ਦੇ 13ਵੇਂ ਮੁਖੀ ਸੰਤ ਗਿਆਨੀ ਕਰਤਾਰ ਸਿੰਘ ਖਾਲਸਾ ਭਿੰਡਰਾਂ ਵਾਲਿਆਂ ਨੇ ਦੇਸ਼ ਭਰ ਵਿਚ ਵੱਡੇ ਨਗਰ ਕੀਰਤਨ ਕੱਢ ਕੇ ਸਿੱਖੀ ਪ੍ਰਚਾਰ ਦਾ ਕੌਮ ਵਿਚ ਵੱਡਾ ਹਲੂਣਾ ਦਿੱਤਾ ਸੀ। ਸਿੰਘ ਸਾਹਿਬ ਨੇ ਕਿਹਾ ਕਿ ਹੁਣ 350 ਸਾਲਾ ਸ਼ਹੀਦੀ ਸ਼ਤਾਬਦੀ ਮੌਕੇ ਅਸੀਂ ਨਗਰ ਕੀਰਤਨ ਕੱਢ ਕੇ ਸਿੱਖੀ ਪ੍ਰਚਾਰ ਦੀ ਮੁਹਿੰਮ ਨੂੰ ਹੋਰ ਤੇਜ਼ ਕਰਾਂਗੇ। ਮੀਟਿੰਗ ਵਿਚ ਸੰਤ ਗਿਆਨੀ ਜਰਨੈਲ ਸਿੰਘ ਖਾਲਸਾ ਭਿੰਡਰਾਂ ਵਾਲਿਆਂ ਦੇ 2 ਜੂਨ ਨੂੰ ਆ ਰਹੇ ਜਨਮ ਦਿਹਾੜੇ ਸਬੰਧੀ ਵੀ ਪਿਛਲੇ ਸਾਲਾਂ ਦੀ ਤਰ੍ਹਾਂ ਵੱਡੇ ਪੱਧਰ ’ਤੇ ਸਮਾਗਮ ਕੀਤੇ ਜਾਣ ਦਾ ਫੈਸਲਾ ਲਿਆ ਗਿਆ। ਇਸ ਸਬੰਧੀ ਇੰਟਰਨੈਸ਼ਨਲ ਪੰਥਕ ਦਲ ਦੇ ਆਗੂਆਂ ਅਤੇ ਹੋਰ ਸੰਗਤਾਂ ਦੀਆਂ ਸਮਾਗਮ ਦੇ ਪ੍ਰਬੰਧਾਂ ਅਤੇ ਲੰਗਰ ਸੇਵਾ ਆਦਿ ਲਈ ਡਿਊਟੀਆਂ ਲਗਾਈਆਂ ਗਈਆਂ। ਭਾਈ ਅੰਮ੍ਰਿਤਪਾਲ ਸਿੰਘ ਮਾਮਲੇ ’ਤੇ ਸਿੰਘ ਸਾਹਿਬ ਨੇ ਵਿਚਾਰ ਪ੍ਰਗਟ ਕਰਦਿਆਂ ਕਿਹਾ ਕਿ ਐਨ ਐਸ ਏ ਵਧਾਉਣ ਬਾਰੇ ਜੋ ਕਾਰਨ ਕੇਂਦਰ ਅਤੇ ਪੰਜਾਬ ਸਰਕਾਰ ਵੱਲੋਂ ਦੱਸੇ ਜਾ ਰਹੇ ਹਨ, ਉਹ ਬਿਲਕੁੱਲ ਗ਼ਲਤ ਹਨ। ਉਨ੍ਹਾਂ ਕਿਹਾ ਕਿ ਕੇਂਦਰ ਅਤੇ ਸੂਬਾ ਸਰਕਾਰਾਂ ਜੇਲ੍ਹਾਂ ਵਿਚ ਬੰਦ ਸਿੱਖਾਂ ਨੂੰ ਰਿਹਾਅ ਕਰਨ ਦੀ ਥਾਂ ਨਵੇਂ ਨੌਜਵਾਨਾਂ ਨੂੰ ਜੇਲ੍ਹਾਂ ਵਿਚ ਬੰਦ ਰੱਖਣ ਦੇ ਨਵੇਂ ਬਹਾਨੇ ਲੱਭ ਰਹੀਆਂ ਹਨ। ਅੱਜ ਦੀ ਇਸ ਮੀਟਿੰਗ ਵਿਚ ਇੰਟਰਨੈਸ਼ਨਲ ਪੰਥਕ ਦਲ ਦੇ ਕਨਵੀਨਰ ਜਥੇਦਾਰ ਦਲੀਪ ਸਿੰਘ ਚਕਰ, ਕਾਰਜਕਾਰੀ ਪ੍ਰਧਾਨ ਸੰਤ ਬਾਬਾ ਜਤਿੰਦਰ ਸਿੰਘ ਗੋਬਿੰਦ ਬਾਗ ਵਾਲੇ, ਮੁੱਖ ਬੁਲਾਰੇ ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ ਮੈਂਬਰ ਸ਼੍ਰੋਮਣੀ ਕਮੇਟੀ ਦਮਦਮੀ ਟਕਸਾਲ ਭਿੰਡਰਾਂ ਵਾਲੇ, ਧਾਰਮਿਕ ਵਿੰਗ ਦੇ ਮੁਖੀ ਬਾਬਾ ਸਤਨਾਮ ਸਿੰਘ ਵਲੀਆ, ਮੁੱਖ ਸਲਾਹਕਾਰ ਬਾਬਾ ਸੱਜਣ ਸਿੰਘ ਵਾੜਾ ਸ਼ੇਰ ਸਿੰਘ, ਕਿਸਾਨ ਬਚਾਓ ਮੋਰਚਾ ਦੇ ਪ੍ਰਧਾਨ ਭਾਈ ਕਿਰਪਾ ਸਿੰਘ ਨੱਥੂਵਾਲਾ, ਹੈੱਡ ਗ੍ਰੰਥੀ ਗੁਰਦੁਆਰਾ ਸੰਤ ਖਾਲਸਾ ਬਾਬਾ ਬਲਵਿੰਦਰ ਸਿੰਘ ਰੋਡੇ, ਤਰਨਾ ਦਲ ਦੋਆਬਾ ਦੇ ਮੁਖੀ ਜਥੇਦਾਰ ਸਵਰਨਜੀਤ ਸਿੰਘ, ਬਾਬਾ ਸੁਖਵਿੰਦਰ ਸਿੰਘ ਕਾਰ ਸੇਵਾ ਵਾਲੇ, ਬਾਬਾ ਜਸਵਿੰਦਰ ਸਿੰਘ ਰਾਜੇਆਣਾ, ਬਾਬਾ ਵਜ਼ੀਰ ਸਿੰਘ ਵਾਂ ਪਿੰਡ ਵਾਲੇ, ਸੁਖਜਿੰਦਰ ਸਿੰਘ ਮੈਨੇਜਰ ਫਰੀਦਕੋਟ, ਭਾਈ ਨਾਇਬ ਸਿੰਘ ਨਵਾਂ ਕਿਲ੍ਹਾ ਫਰੀਦਕੋਟ, ਭਾਈ ਜਗਤਾਰ ਸਿੰਘ ਰੋਡੇ ਮੈਂਬਰ ਸ਼੍ਰੋਮਣੀ ਕਮੇਟੀ, ਸੁਖਜਿੰਦਰ ਸਿੰਘ ਫਰੀਦਕੋਟ, ਰਾਜਿੰਦਰ ਸਿੰਘ ਰਾਜਾ ਪ੍ਰਧਾਨ ਗੁਰਦਾਸਪੁਰ, ਹਰਕ੍ਰਿਸ਼ਨ ਸਿੰਘ ਜਗਰਾਵਾਂ, ਕੁਲਦੀਪ ਸਿੰਘ ਡੱਲਾ, ਭਾਈ ਬਲਕਾਰ ਸਿੰਘ ਪ੍ਰਧਾਨ ਅੰਮ੍ਰਿਤਸਰ, ਭਾਈ ਜੋਗਿੰਦਰ ਸਿੰਘ ਫਿਰੋਜ਼ਪੁਰ, ਭਾਈ ਰਣਧੀਰ ਸਿੰਘ ਕਿਲ੍ਹਾ ਹਕੀਮਾਂ ਪ੍ਰਧਾਨ ਸੰਗਰੂਰ, ਭਾਈ ਗੋਮਾ ਸਿੰਘ ਜਨਨਲ ਸਕੱਤਰ ਕਿਸਾਨ ਵਿੰਗ, ਭਾਈ ਰਾਮ ਸਿੰਘ ਖਟਕੜ ਖੁਰਦ, ਜਥੇਦਾਰ ਗੁਰਮੇਜ ਸਿੰਘ ਭੈਣੀ ਮੱਸਾ ਸਿੰਘ, ਜਗਸੀਰ ਸਿੰਘ ਰੋਡੇ, ਜਥੇਦਾਰ ਬੂਟਾ ਸਿੰਘ ਅਤੇ ਹੋਰ ਸੰਗਤਾਂ ਭਾਰੀ ਗਿਣਤੀ ਵਿਚ ਹਾਜ਼ਰ ਸਨ।

**• ਸੰਤ ਜਰਨੈਲ ਸਿੰਘ ਖਾਲਸਾ ਭਿੰਡਰਾਂ ਵਾਲਿਆਂ ਦੇ 2 ਜੂਨ ਦੇ ਜਨਮ ਦਿਹਾੜੇ ਸਬੰਧੀ ਵੀ ਤਿਆਰੀਆਂ ਆਰੰਭ**




# Pakistan Gurdwara Yatra

**28th October to 7th November 2025**
**Yatra Includes 25+ Gurudwara Sahib Darshan.**
**Accommodation in hotels and travel within Pakistan and Yatra Start to Finish Point in AC Coaches**

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.
Note: It does not include flight ticket and insurance, it has to be done by the passenger himself.

ਜਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।
ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।


✶-- ਗੁਰੂ ਪੰਥ ਦੇ ਸੇਵਾਦਾਰ --✶
ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK
• ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
+447976210161
• ਭਾਈ ਬਲਜੀਤ ਸਿਘ ਕੰਗ/Bhai Baljit Singh Kang
+44 7780 605230
• ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
+44 7568 517223

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ ਪਿੰਡ ਰੋਡੇ 2.6.1947 Birth Pind Rode

ਸ਼ਹੀਦੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ 6.6.1984 Shaheedi Sri Darbar Sahib Amritsar



www.damdamitaksal.net

Physical death i do not fear death of conscience is a sure death

Sant Jarnail Singh Ji Khalsa Bhindranwale

www.damdamitaksal.net

ਦਮਦਮੀ ਟਕਸਾਲ

ਨਾਮ ਜਪੋ ਕਿਰਤ ਕਰੋ ਵੰਡ ਛਕੋ — Naam Japo Kirat Karo Vand Shako

ਜਥਾ ਭਿੰਡਰਾਂ (ਮਹਿਤਾ)

www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥ WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛਕ ਕੇ ਗੁਰੂ ਵਾਲੇ ਬਣੋ

Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ

Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ

Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ

Learn Gurmukhi Punjabi

ਗਤਕਾ ਸਿੱਖੋ Learn Gatka

www.damdamitaksal.net


ਆਵਾਜ਼ਿ ਕੌਮ

Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ ਯੂ.ਕੇ. ਮੁੱਖ ਸੰਪਾਦਕ Raghbir Singh Walsall uk


ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

ਦੇਗ ਤੇਗ ਫ਼ਤਿਹ – ਪੰਥ ਕੀ ਜੀਤ

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਅਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ ਮਾਤਾ ਸਾਹਿਬ ਕੌਰ ਜੀ

# 29ਵਾਂ ਸਲਾਨਾ ਜੋੜ ਮੇਲਾ

# ਗੁਰਮਤਿ ਸਮਾਗਮ

## 1 ਨਵੰਬਰ 2025, ਦਿਨ ਸ਼ਨੀਵਾਰ ਨੂੰ

## ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ

ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਸੋਮਵਾਰ, ਸਵੇਰੇ 10 ਵਜੇ

ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਸ਼ਨੀਵਾਰ, ਸਵੇਰੇ 9 ਵਜੇ

ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

**ਨੋਟ : ਇਹ ਸਮਾਗਮ 13 ਦਿਨ ਚੱਲੇਗਾ**

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।



ਬੇਨਤੀ ਕਰਤਾ

## ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ

ਦਮਦਮੀ ਟਕਸਾਲ ਭਿੰਡਰਾਂ ਵਾਲੇ

ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404

ਸੰਪਰਕ ਨੰਬਰ
98141-27470
84278-66404
73408-35137

ਸ੍ਰੀ ਵਾਹਿਗੁਰੂ ਜੀ ਕੀ ਫਤਿਹ

ਚਰਨ ਸ਼ਰਨ ਗੁਰ ਏਕ ਪੈਂਡਾ ਜਾਇ ਚਲ ਸਤਿਗੁਰੂ ਕੋਟਿ ਪੈਂਡਾ ਆਗੇ ਹੋਏ ਲੇਤ ਹੈ ॥

ਮਨੁੱਖਤਾ ਦੇ ਰਹਿਬਰ ਤਾਰਨਹਾਰ ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ

# ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ. ਕੇ.

## ਵੱਲੋਂ ਪਾਕਿਸਤਾਨ ਦੇ ਇਤਿਹਾਸਕ ਸਿੱਖ ਗੁਰਦੁਆਰਾ ਸਾਹਿਬਾਨ ਦੀ ਯਾਤਰਾ

## 28 ਅਕਤੂਬਰ 2025 ਤੋਂ 7 ਨਵੰਬਰ 2025 ਤੱਕ ਹੋਵੇਗੀ



### ਗੁਰੂ ਪਿਆਰੀ ਸਾਧ ਸੰਗਤ ਜੀਓ, ਵਾਹਿਗੁਰੂ ਜੀ ਕਾ ਖ਼ਾਲਸਾ ਵਾਹਿਗੁਰੂ ਜੀ ਕੀ ਫਤਿਹ

ਆਪ ਜੀ ਨੂੰ ਇਹ ਜਾਣ ਕੇ ਅਤਿਅੰਤ ਖੁਸ਼ੀ ਹੋਵੇਗੀ ਕਿ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਵੱਲੋਂ ਇੱਕ ਵਿਸ਼ਾਲ ਜਥੇ ਸਮੇਤ ਪਾਕਿਸਤਾਨ ਵਿਖੇ ਸਿੱਖ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕੀਤੀ ਜਾ ਰਹੀ ਹੈ। ਹਰ ਸਿੱਖ ਆਪਣੀ ਅਰਦਾਸ ਵਿੱਚ ਪੰਥ ਤੋਂ ਵਿਛੜੇ ਹੋਏ ਜਿਨ੍ਹਾਂ ਗੁਰਦੁਆਰਾ ਸਾਹਿਬਾਨ ਦਾ ਜ਼ਿਕਰ ਕਰਦਾ ਹੈ ਉਹਨਾਂ ਦੇ ਦਰਸ਼ਨ ਦੀਦਾਰੇ ਕਰਕੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਨਨਕਾਣਾ ਸਾਹਿਬ ਦੀ ਧਰਤੀ ਤੇ ਮਨਾਉਣ ਦੀਆਂ ਤਿਆਰੀਆਂ ਹੁਣ ਤੋਂ ਹੀ ਆਰੰਭ ਕਰਕੇ ਪਰਿਵਾਰਾਂ ਸਮੇਤ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਾਉਣ ਲਈ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਨਾਲ ਸੰਪਰਕ ਕਰੋ ਜੀ।

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

**Important Note:** The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

**Note: It does not include flight ticket and insurance, it has to be done by the passenger himself.**

**ਜਰੂਰੀ ਨੋਟ :** ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

**ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।**

## ਯਾਤਰਾ ਦੌਰਾਨ ਰਿਹਾਇਸ਼ ਦਾ ਪ੍ਰਬੰਧ ਲਗਜ਼ਰੀ ਹੋਟਲ ਵਿੱਚ ਹੋਵੇਗਾ।

ਬ੍ਰਿਟਿਸ਼ ਪਾਸਪੋਰਟ ਲਈ 2 ਫੋਟੋ ਅਤੇ ਇੰਡੀਅਨ ਪਾਸਪੋਰਟ ਵਾਲੇ 2 ਫੋਟੋ, ਐਪਲੀਕੇਸ਼ਨ ਫਾਰਮ ਨਾਲ ਭੇਜੀਆਂ ਜਾਣ।

- ਯਾਤਰੀ ਆਪਣੇ ਨਾਮ ਛੇਤੀ ਤੋਂ ਛੇਤੀ ਦਿੱਤੇ ਗਏ ਨੰਬਰਾਂ 'ਤੇ ਨਾਮ ਲਿਖਵਾਉਣ ਦੀ ਕ੍ਰਿਪਾਲਤਾ ਕਰਨ।
- ਯਾਤਰੀਆਂ ਦੇ ਪਾਸਪੋਰਟ ਦੀ ਮਿਆਦ ਅਗਲੇ ਸਾਲ ਜੂਨ ਮਹੀਨੇ ਤੱਕ ਜ਼ਰੂਰੀ ਹੈ।

**ਪ੍ਰੋਗਰਾਮ ਵਿੱਚ ਅਦਲਾ-ਬਦਲੀ ਕਰਨ ਦੇ ਪ੍ਰਬੰਧਕਾਂ ਦੇ ਹੱਕ ਰਾਖਵੇਂ ਹਨ।**

**BOOK YOUR SEATS NOW**

*-- ਗੁਰੂ ਪੰਥ ਦੇ ਸੇਵਾਦਾਰ --*

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

Website : www.nsycuk.com
E-mail : gnstuk@hotmail.com

ਆਵਾਜ਼ਿ ਕੌਮ AWAZE QAUM International Newspaper & WEB TV

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



ਅਵਤਾਰ ਪੁਰਬ : ਧੰਨ ਧੰਨ ਸ਼੍ਰੀ ਗੁਰੂ ਅੰਗਦ ਦੇਵ ਸਾਹਿਬ ਜੀ

# ਮਹਾਨ ਅਵਤਾਰ ਪੁਰਬ



☛ ਸ਼ਹੀਦੀ ਜੋੜ ਮੇਲਾ ਚਾਲੀ ਮੁਕਤੇ ( ਮੁਕਤਸਰ ਸਾਹਿਬ ਜੀ ) ☛ ਜਨਮ ਦਿਵਸ਼ : ਸੰਤ ਬਾਬਾ ਜਵਾਲਾ ਸਿੰਘ ਜੀ ਹਰਖੋਵਾਲ ਹੁਸ਼ਿਆਰਪੁਰ । ☛ ਜੋੜ ਮੇਲਾ ਗੁਰੂ ਕਾ ਬਾਗ ਪਟਨਾ ਸਾਹਿਬ ਜੀ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ ਕਰਵਾਏ ਜਾਣਗੇ।

**3 ਮਈ ਦਿਨ ਸ਼ਨਿੱਚਰਵਾਰ ਸ਼ਾਮ 5 ਵਜੇ ਤੋਂ 8 ਵਜੇ ਤੱਕ ਦੀਵਾਨ ਸਜਣਗੇ।**

4 ਮਈ 2025 ਦਿਨ ਐਤਵਾਰ ਨੂੰ 6:30 ਵਜੇ ਸਵੇਰੇ ਚੋਪਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:00 ਵਜੇ ਭੋਗ ਪੈਣਗੇ ਉਪੰਰਤ 12:30 ਵਜੇ ਤੱਕ ਦੀਵਾਨ ਸਜਣਗੇ।

ਉਚੇਚ ਤੋਰ ਤੇ ਪੰਜਾਬ ਦੀ ਧਰਤੀ ਤੋਂ ਢਾਡੀ ਜਥਾ ਗਿਆਨੀ ਜਸਬੀਰ ਸਿੰਘ ਮੋਲੀਕੇ ਢਾਡੀ ਵਾਰਾਂ ਰਾਹੀਂ ਗੁਰਬਾਣੀ ਅਤੇ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

☛ ਸਟਾਲ ਵੀ ਲੱਗਣਗੇ
☛ ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਪੁਰਜ਼ੋਰ ਬੇਨਤੀ ਹੈ ਆਪਣਾ ਕੀਮਤੀ ਸਮਾਂ ਕੱਢਕੇ ਇੰਨਾਂ ਸਮਾਗਮਾ ਵਿਚ ਪੁਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778





# ਪੰਥ ਵਿਹੂਣੇ ਅਕਾਲੀ ਦਲ ਬਾਦਲ ਦਾ ਕੀ ਬਣੇਗਾ ?

ਬਾਦਲ ਦਲ ਦੇ ਹਾਲਾਤ ਦਿਨੋਂ-ਦਿਨ ਮਾੜੇ ਹੁੰਦੇ ਜਾ ਰਹੇ ਨੇ। ਦੋ ਦਸੰਬਰ ਦੇ ਵਰਤਾਰੇ ਤੋਂ ਬਾਅਦ ਵੀ ਪੰਥ ਅਤੇ ਪੰਜਾਬ ਵਾਸੀ ਬਾਦਲਾਂ ਨੂੰ ਮੂੰਹ ਲਾਉਣ ਲਈ ਤਿਆਰ ਨਹੀਂ ਹਨ। ਜਿਨ੍ਹਾਂ ਜਥੇਦਾਰਾਂ ਨੇ ਬਾਦਲਾਂ ਨੂੰ ਤਲਬ ਕੀਤਾ ਸੀ, ਉਹਨਾਂ ਜਥੇਦਾਰਾਂ ਤੋਂ ਬਾਦਲਕੇ ਬਹੁਤ ਔਖੇ ਸਨ।ਸੁਖਬੀਰ ਸਿੰਘ ਬਾਦਲ ਨੇ ਸ਼੍ਰੋਮਣੀ ਕਮੇਟੀ ਰਾਹੀਂ ਜਥੇਦਾਰਾਂ ਦੀ

ਆਵਾਜ਼ਿ ਕੌਮ AWAZE QAUM International Newspaper & WEB TV



ਕਿਰਦਾਰਕੁਸ਼ੀ ਕਰਕੇ ਉਹਨਾਂ ਨੂੰ ਅਹੁਦਿਆਂ ਤੋਂ ਪਾਸੇ ਕਰ ਦਿੱਤਾ। ਜਥੇਦਾਰਾਂ ਵਾਲਾ ਵਿਵਾਦ ਹੋਵੇ ਜਾਂ ਪੰਜ ਮੈਂਬਰੀ ਕਮੇਟੀ ਵਾਲਾ, ਇਹ ਅਜੇ ਕਿਸੇ ਤਣ-ਪੱਤਣ ਨਹੀਂ ਲੱਗਾ, ਪੰਥਕ ਧਿਰਾਂ ਵੱਲੋਂ ਲਗਾਤਾਰ ਬਾਦਲਾਂ ਖ਼ਿਲਾਫ ਰੋਹ ਅਤੇ ਰੋਸ ਜਤਾਇਆ ਜਾ ਰਿਹਾ ਹੈ। ਦੂਜੇ ਪਾਸੇ ਬਾਦਲਕਿਆਂ ਨੂੰ ਇੰਝ ਜਾਪਦਾ ਹੈ ਕਿ ਉਹ ਦੋ ਦਸੰਬਰ ਵਾਲੇ ਫ਼ੈਸਲੇ ਤੋਂ ਬਾਅਦ ਮੁਕਤ ਹੋ ਗਏ ਹਨ ਤੇ ਹੁਣ ਉਹ ਫਿਰ ਚੰਮ ਦੀਆਂ ਚਲਾ ਸਕਦੇ ਹਨ। ਸੁਖਬੀਰ ਸਿੰਘ ਬਾਦਲ ਤਾਂ ਮੁੱਖ ਮੰਤਰੀ ਬਣਨ ਦੇ ਸੁਪਨੇ ਲੈ ਰਿਹਾ ਹੈ, ਸੱਤਾ ਦੀ ਪ੍ਰਾਪਤੀ ਲਈ ਬਾਦਲਕੇ ਕੁਝ ਵੀ ਕਰ ਸਕਦੇ ਹਨ। ਇਹਨਾਂ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਿਧਾਂਤਾਂ, ਪ੍ਰਭੂਸੱਤਾ ਅਤੇ ਹੁਕਮਨਾਮੇ ਦੀ ਕੋਈ ਪ੍ਰਵਾਹ ਨਹੀਂ ਹੈ। ਪੰਜ ਮੈਂਬਰੀ ਕਮੇਟੀ ਵਿੱਚ ਸ਼ਾਮਲ ਫੈਡਰੇਸ਼ਨ ਦੇ ਪ੍ਰਧਾਨ ਸ਼ਹੀਦ ਭਾਈ ਅਮਰੀਕ ਸਿੰਘ ਜੀ ਦੀ ਸਪੁੱਤਰੀ ਬੀਬੀ ਸਤਵੰਤ ਕੌਰ ਨੂੰ ਵੀ ਬਾਦਲ ਦਲ ਦੇ ਆਗੂ ਨਿਸ਼ਾਨਾ ਬਣਾਉਣ ਤੋਂ ਗੁ.ਰੇਜ਼ ਨਹੀਂ ਕਰ ਰਹੇ। ਸਾਰੇ ਪਾਸੇ ਇਹੀ ਚਰਚਾ ਚੱਲ ਰਹੀ ਹੈ ਕਿ ਜੇ ਬਾਦਲਕਿਆਂ ਦੇ ਇਹੀ ਹਾਲਾਤ ਰਹੇ ਤਾਂ ਇਹਨਾਂ ਦਾ ਕੀ ਬਣੇਗਾ ? ਮੁੱਖ ਮੰਤਰੀ ਬਣਨਾ ਤਾਂ ਦੂਰ, ਇੱਕ ਸੀਟ ਵੀ ਜਿੱਤ ਨਹੀਂ ਪਾਉਣਗੇ। ਹਰ ਸਿੱਖ ਦੇ ਮੂੰਹੋਂ ਇਹ ਗੱਲ ਸੁਭਾਵਿਕ ਨਿਕਲ ਰਹੀ ਹੈ ਕਿ ਬਾਦਲਕਿਆਂ ਨੇ ਤਖ਼ਤ ਸਾਹਿਬਾਨਾਂ ਦੇ ਜਥੇਦਾਰਾਂ ਦਾ, ਸ਼੍ਰੋਮਣੀ ਅਕਾਲੀ ਦਲ ਅਤੇ ਸ਼੍ਰੋਮਣੀ ਕਮੇਟੀ ਦਾ ਵੱਕਾਰ ਰੋਲ ਦਿੱਤਾ ਹੈ। ਬਾਦਲ ਦਲ ਵਾਲੇ ਸੋਚਦੇ ਨੇ ਕਿ ਕੀ ਅਸੀ ਕਾਂਗਰਸ ਨਾਲੋਂ ਵੀ ਮਾੜੇ ਆਂ ? ਕੀ ਅਸੀਂ ਆਮ ਆਦਮੀ ਪਾਰਟੀ ਤੋਂ ਵੀ ਗਏ ਗੁਜਰੇ ਆਂ ? ਪਰ ਇਹਨਾਂ ਨੂੰ ਕੌਣ ਸਮਝਾਵੇ ਕਿ ਤੁਸੀਂ ਉਨ੍ਹਾਂ ਨਾਲੋਂ ਵਧੀਆ ਹੁੰਦੇ ਜਾਂ ਨਾ, ਤੁਸੀਂ ਜੇ ਹਰ ਪਲ ਇਹ ਸੋਚਦੇ ਕਿ ਜੋ ਮਰਜ਼ੀ ਹੋ ਜਾਵੇ, ਪੰਥ ਨਹੀਂ ਗਵਾਉਣਾ, ਤਾਂ ਗੱਲ ਈ ਹੋਰ ਹੋਣੀ ਸੀ। ਪਰ ਤੁਸੀ ਤਾਂ ਸੋਚਿਆ ਈ ਇਹ ਕਿ ਪੰਥ ਜਿਹੜੇ ਮਰਜ਼ੀ ਖੂਹ ਵਿੱਚ ਡਿੱਗੇ, ਅਸੀਂ ਬਾਕੀ ਸਭ ਕੁਝ ਹੜੱਪਣਾ ਹੈ। ਜਿਵੇਂ ਹਿੰਦੀ ਫਿਲਮ 'ਦੀਵਾਰ' ਵਿੱਚ ਅਮਿਤਾਭ ਬਚਨ ਬਦਮਾਸ਼ ਕੋਲ ਧਨ-ਦੌਲਤ, ਗੱਡੀਆਂ, ਬੈਂਕ ਬੈਲੰਸ ਹੁੰਦਾ ਹੈ ਪਰ ਸ਼ਸ਼ੀ ਕਪੂਰ ਓਹਦੀ ਸਾਰੀ ਮਾਇਆ ਨੂੰ ਐਨਾ ਕਹਿ ਕੇ ਸਿਫ਼ਰ ਕਰ ਦਿੰਦਾ ਹੈ ਕਿ ਮੇਰੇ ਕੋਲ ਮਾਂ ਹੈ। ਓਵੇਂ 1978 ਤੋ ਕੌਮ ਲਈ ਲੜਨ-ਮਰਨ ਵਾਲੇ ਇਤਿਹਾਸ ਵਿੱਚ ਸਿਰ ਚੁੱਕ ਕੇ ਕਹਿਣ ਜੋਗੇ ਨੇ ਕਿ ਅਸੀਂ ਪੰਥ ਰੱਖਿਆ। ਇਸਦੇ ਉਲਟ ਬਾਦਲਕੇ ਜੋ ਮਰਜੀ ਦਾਅਵੇ ਕਰੀ ਜਾਣ ਪਰ ਇਤਿਹਾਸ ਦਾ ਫ਼ੈਸਲਾ ਇਹੀ ਹੈ ਕਿ ਇਨ੍ਹਾਂ ਨੇ ਪੰਥ ਤਿਆਗ ਦਿੱਤਾ।ਪੰਥ ਵਿਹੂਣੇ ਅਕਾਲੀ ਦਲ ਦਾ ਹਾਲ ਬਾਦਲਕਿਆਂ ਵਰਗਾ ਹੀ ਹੁੰਦਾ। ਹੁਣ ਗਰੰਟੀ ਹੈ ਕਿ ਹਰ ਵਾਰ ਜ਼ਮਾਨਤ ਜ਼ਬਤ ਹੀ ਹੋਵੇਗੀ।ਚਾਹੇ ਭਾਈ ਬਲਵੰਤ ਸਿੰਘ ਰਾਜੋਆਣਾ ਦੀ ਭੈਣ ਜੋ ਇੱਕ ਨੌਜਵਾਨ ਸ਼ਹੀਦ ਜੁਝਾਰੂ ਦੀ ਸਕੀ ਭੈਣ ਹੈ, ਓਹ ਵੀ ਬਾਦਲ ਦਲ ਦੀ ਉਮੀਦਵਾਰ ਹੋਵੇ, ਹਾਰ ਹੀ ਹਾਰ ਹੈ। ਇਹ ਜੁੰਡਲੀ ਸੱਤਾ ਦੀ ਹਵਸ ਵਿੱਚ ਕਮਲੀ ਹੋ ਰਹੀ ਹੈ। ਇਹ ਸੋਚਦੇ ਨੇ ਅਸੀ ਕਰੋੜਾਂਪਤੀ ਹਾਂ ਤੇ ਇਹ ਲੋਕ ਮਲੰਗ ਜਿਹੇ ਬੰਦੇ ਜਿਤਾਈ ਜਾਂਦੇ ਆ। ਇਹਨਾਂ ਨੂੰ ਸਮਝ ਈ ਨਹੀਂ ਲਗਦੀ ਕਿ ਹੁਣ ਤਾਂ ਅਸੀਂ ਤਨਖਾਹ ਵੀ ਭੁਗਤ ਲਈ ਪਰ ਲੋਕ ਫੇਰ ਵੀ ਕਹੀ ਜਾਂਦੇ ਆ ਕੀ ਸੁਖਬੀਰ ਉੱਤੇ ਗੋਲੀ ਚਲਾਉਣ ਵਾਲਾ ਜੁਝਾਰੂ ਭਾਈ ਨਰਾਇਣ ਸਿੰਘ ਚੌੜਾ ਸਹੀ ਹੈ। ਜਦ ਇਹਨਾਂ ਦੇ ਦਿਲ-ਦਿਮਾਗ ਵਿੱਚ ਆ ਗਿਆ ਕਿ ਅਸੀਂ ਕਦੇ ਜਿੱਤ ਨਹੀਂ ਸਕਦੇ, ਫੇਰ ਬਾਦਲਕੇ ਪਾਗਲ ਹੋ ਜਾਣਗੇ। ਹੱਥ ਵਿੱਚ ਅੱਧੀ ਇੱਟ, ਪਾਟੇ ਕੱਪੜੇ ਤੇ ਰੂੜੀਆਂ ਤੋਂ ਕਾਗਜ ਚੁੱਕਣਗੇ, ਇਹਨਾਂ ਦੀ ਦੁਰਗਤੀ ਹੋਣੀ ਹੈ। ਇਹਨਾ ਦੀ ਪਾਪਾਂ ਨਾਲ ਕਮਾਈ ਨਾਲ ਬਣਾਏ ਮਹਿਲ ਵਰਗੇ ਘਰਾਂ ਵਿੱਚੋਂ ਨਿਆਣੇ ਦੇਖ ਕੇ ਡਰਿਆ ਕਰਨਗੇ ਕਿ ਬਾਹਰ ਕਮਲਾ ਫਿਰਦਾ। ਇਹਨਾਂ ਦੀ ਦੁਰਗਤੀ ਇੱਕ ਮਿਸਾਲ ਬਣੇਗੀ, ਬਜ਼ੁਰਗ ਆਪਣੇ ਪੋਤਿਆਂ ਨੂੰ ਦਿਖਾ ਕੇ ਕਹਿਣਗੇ, ਪੰਥ ਨਾਲ ਗ.ੱਦਾਰੀ ਕੀਤੀ ਸੀ, ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਕਰਨ ਵਾਲਿਆਂ ਦਾ ਸਾਥ ਦਿੱਤਾ ਸੀ, ਆਹ ਦੇਖ ਲਵੋ ਹਾਲ। ਜਿਨ੍ਹਾਂ ਨੇ ਬਾਦਲਾਂ ਦਾ ਪੱਖ ਪੂਰਿਆ, ਇਹਨਾਂ ਦੀ ਜੈ-ਜੈਕਾਰ ਕਰਦੇ ਰਹੇ, ਚੋਰਾਂ-ਗ.ੱਦਾਰਾਂ ਦੀ ਹਾਮੀ ਭਰਦੇ ਰਹੇ, ਇਸ ਪਾਪ ਵਿੱਚ ਦਲਾਲੀ ਕੀਤੀ, ਉਹਨਾਂ ਦਾ ਵੀ ਹਸ਼ਰ ਬਾਦਲਕਿਆਂ ਵਾਂਗ ਬੁਰਾ ਹੋਵੇਗਾ।

**- ਰਣਜੀਤ ਸਿੰਘ ਦਮਦਮੀ ਟਕਸਾਲ, (ਪ੍ਰਧਾਨ ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ), ਮੋ : 88722-93883**

# ਪਹਿਲਗਾਮ 'ਚ ਕੀਤੇ ਗਏ ਹਮਲੇ ਦੀ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਕਰੜੀ ਨਿੰਦਾ

## ਕਿਹਾ; ਪੀੜਤ ਲੋਕਾਂ ਨਾਲ ਹੋਵੇ ਇਨਸਾਫ਼, ਘਟਨਾ ਨੇ ਚਿੱਟੀ ਸਿੰਘਪੁਰਾ ਦਾ ਸਿੱਖ ਕਤਲੇਆਮ ਕਰਵਾਇਆ ਯਾਦ- ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ

**ਸ੍ਰੀ ਅੰਮ੍ਰਿਤਸਰ, 23 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਜੰਮੂ ਕਸ਼ਮੀਰ ਦੇ ਪਹਿਲਗਾਮ ਵਿੱਚ ਕੀਤੇ ਗਏ ਹਮਲੇ ਦੀ ਕਰੜੇ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਇਸ ਘਟਨਾ ਵਿੱਚ ਮਾਰੇ ਗਏ ਲੋਕਾਂ ਦੇ ਪਰਿਵਾਰਾਂ ਨਾਲ ਦੁੱਖ ਦਾ ਪ੍ਰਗਟਾਵਾ ਕੀਤਾ ਹੈ। ਉਨ੍ਹਾਂ ਅਕਾਲ ਪੁਰਖ



ਆਵਾਜ਼ਿ ਕੌਮ AWAZE QAUM International Newspaper & WEB TV

ਅੱਗੇ ਅਰਦਾਸ ਕੀਤੀ ਕਿ ਉਹ ਵਿਛੜੀਆਂ ਰੂਹਾਂ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਤੇ ਪਰਿਵਾਰਾਂ ਨੂੰ ਭਾਣਾ ਮੰਨਣ ਦਾ ਬਲ ਬਖ਼ਸ਼ਣ। ਉਨ੍ਹਾਂ ਇਹ ਵੀ ਅਰਦਾਸ ਕੀਤੀ ਕਿ ਦੁਨੀਆ ਵਿੱਚ ਕਿਤੇ ਵੀ ਅਜਿਹਾ ਅਣਮਨੁੱਖੀ ਕਾਰਾ ਨਾ ਵਾਪਰੇ ਅਤੇ ਦੇਸ਼ ਦੁਨੀਆ ਅੰਦਰ ਅਮਨ ਸ਼ਾਂਤੀ ਬਣੀ ਰਹੇ। ਜਥੇਦਾਰ ਗੜਗੱਜ ਨੇ ਕਿਹਾ ਇਸ ਘਟਨਾ ਨੇ ਉਨ੍ਹਾਂ ਦੇ ਮਨ ਨੂੰ ਗਹਿਰਾ ਦੁੱਖ ਪਹੁੰਚਾਇਆ ਹੈ ਅਤੇ ਮਾਰਚ 2000 ਵਿੱਚ ਕਸ਼ਮੀਰ ਦੇ ਚਿੱਟੀ ਸਿੰਘਪੁਰਾ ਵਿੱਚ ਕਤਲ ਕੀਤੇ ਗਏ 35 ਸਿੱਖਾਂ ਦੀ ਯਾਦ ਦਿਵਾਈ ਹੈ ਜਿਸ ਵਿੱਚ ਹੁਣ ਤੱਕ ਸੱਚ ਸਾਹਮਣੇ ਨਹੀਂ ਆਇਆ ਹੈ। ਉਨ੍ਹਾਂ ਕਿਹਾ ਕਿ ਪਹਿਲਗਾਮ ਵਿੱਚ ਵਾਪਰੀ ਘਟਨਾ ਦਾ ਇਨਸਾਫ਼ ਹੋਵੇ ਅਤੇ ਇਸ ਦੇ ਨਾਲ ਹੀ ਚਿੱਟੀ ਸਿੰਘਪੁਰਾ ਵਿੱਚ ਵਾਪਰੀ ਘਟਨਾ ਦਾ ਵੀ ਸੱਚ ਸਾਹਮਣੇ ਲਿਆ ਕਿ ਪੀੜਤ ਪਰਿਵਾਰਾਂ ਨੂੰ ਇਨਸਾਫ਼ ਦੇਣਾ ਚਾਹੀਦਾ ਹੈ।

ਜੇਹਾ ਚੀਰੀ ਲਿਖਿਆ ਤੇਹਾ ਹੁਕਮੁ ਕਮਾਹਿ ॥ ਘਲੇ ਆਵਹਿ ਨਾਨਕਾ ਸਦੇ ਉਠੀ ਜਾਹਿ ॥

# ਅੰਤਿਮ ਸੰਸਕਾਰ ਅਤੇ ਪਾਠ ਦਾ ਭੋਗ



## ਸਰਦਾਰਨੀ ਹਰਪ੍ਰੀਤ ਕੌਰ

(1951-2025)

ਆਪ ਜੀ ਨੂੰ ਬੜੇ ਦੁਖੀ ਹਿਰਦੇ ਨਾਲ ਸੂਚਿਤ ਕੀਤਾ ਜਾਂਦਾ ਹੈ ਕਿ ਸਰਦਾਰਨੀ ਹਰਪ੍ਰੀਤ ਕੌਰ (ਪਤਨੀ ਸ. ਪਰਮਿੰਦਰ ਸਿੰਘ ਬੱਲ, ਪ੍ਰਧਾਨ ਸਿੱਖ ਫੈਡਰੇਸ਼ਨ ਯੂ .ਕੇ.), ਜੋ ਕਿ ਬੀਤੇ ਦਿਨੀਂ ਸਦੀਵੀ ਵਿਛੋੜਾ ਦੇ ਗਏ ਸਨ। ਉਨ੍ਹਾਂ ਦਾ ਅੰਤਿਮ ਸੰਸਕਾਰ ਮਿਤੀ 29 ਅਪ੍ਰੈਲ (ਦਿਨ ਮੰਗਲਵਾਰ) ਨੂੰ ਸਵੇਰੇ10.30 ਵਜੇ Slough Crematorium, Stoke Road, Slough, SL2 5AX ਵਿਖੇ ਕੀਤਾ ਜਾਵੇਗਾ, ਜਿਸ ਉਪਰੰਤ ਉਨ੍ਹਾਂ ਦੀ ਆਤਮਿਕ ਸ਼ਾਂਤੀ ਲਈ 11.45 ਵਜੇ ਸ੍ਰੀ ਸਹਿਜ ਪਾਠ ਪਾਠ ਜੀ ਦੇ ਭੋਗ Sri Guru Singh Sabha Gurdwara, Slough, Sheehy Way, Slough, SL2 5SS ਵਿਖੇ ਪਾਏ ਜਾਣਗੇ।

--★ ਭਾਣੇ ਵਿੱਚ ★--

ਸ. ਪਰਮਿੰਦਰ ਸਿੰਘ ਬੱਲ (ਪਤੀ)
ਪ੍ਰਧਾਨ ਸਿੱਖ ਫੈਡਰੇਸ਼ਨ ਯੂ .ਕੇ.

ਹਰਮੀਤ ਸਿੰਘ ਬੱਲ (ਪੁੱਤਰ)

ਜਗਜੀਤ ਕੌਰ ਜਗਦਿਓ, ਭਵਨਪ੍ਰੀਤ ਕੌਰ ਸੰਧੂ (ਧੀਆਂ)

ਸੰਪਰਕ : 07834327711

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਪ੍ਰਕਾਸ਼ ਪੁਰਬ

ਅਵਤਾਰ ਪੁਰਬ : ਧੰਨ ਧੰਨ ਸ਼੍ਰੀ ਗੁਰੂ ਅੰਗਦ ਦੇਵ ਸਾਹਿਬ ਜੀ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ ਕਰਵਾਏ ਜਾਣਗੇ।

26 ਅਪ੍ਰੈਲ ਦਿਨ ਸ਼ਨਿੱਚਰਵਾਰ ਸ਼ਾਮ 5 ਵਜੇ ਤੋਂ 8 ਵਜੇ ਤੱਕ ਦੀਵਾਨ ਸਜਣਗੇ

27 ਅਪ੍ਰੈਲ 2025 ਦਿਨ ਐਤਵਾਰ ਨੂੰ 6:30 ਵਜੇ ਸਵੇਰੇ ਚੋਪਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:00 ਵਜੇ ਭੋਗ ਪੈਣਗੇ ਉਪੰਰਤ 12:30 ਵਜੇ ਤੱਕ ਦੀਵਾਨ ਸਜਣਗੇ।



ਗਿਆਨੀ ਜੋਧਾ ਸਿੰਘ ਵਿਦਿਆਰਥੀ ਦਮਦਮੀ ਟਕਸਾਲ ਵਾਲੇ

ਪੰਜਾਬ ਦੀ ਧਰਤੀ ਤੋਂ ਵਿਸ਼ੇਸ਼ ਤੌਰ ਪੁਹੰਚ ਰਹੇ ਕਥਾ ਵਾਚਕ ਗਿਆਨੀ ਜੋਧਾਂ ਸਿੰਘ ਦਮਦਮੀ ਟਕਸਾਲ ਮੁੰਡਾ ਪਿੰਡ ਵਾਲੇ ਗੁਰਬਾਣੀ ਕਥਾ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

☛ ਸਟਾਲ ਵੀ ਲੱਗਣਗੇ
☛ ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

ਸਾਧ ਸੰਗਤ, ਪ੍ਰਬੰਧਕ ਕਮੇਟੀ

ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ। ਆਪਣਾ ਕੀਮਤੀ ਸਮਾਂ ਕੱਢਕੇ ਇੰਨਾਂ ਸਮਾਗਮਾ ਵਿਚ ਪੁਹੰਚਣ ਦੀ ਕ੍ਰਿਪਾਲਤਾ ਕਰਨੀ ਜੀ।

Gurdwara Sahib Shaeed Baba Deep Singh ji Damdami Taksaal
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

# ਦਮਦਮੀ ਟਕਸਾਲ ਵੱਲੋਂ 41ਵੇਂ ਘੱਲੂਘਾਰਾ ਦਿਵਸ ਦੇ ਕਥਾ-ਕੀਰਤਨ ਸਮਾਗਮਾਂ ਦੀ ਆਰੰਭਤਾ 1 ਮਈ ਤੋਂ

## ਸੰਤ ਗਿ. ਹਰਨਾਮ ਸਿੰਘ ਖਾਲਸਾ ਦੀ ਅਗਵਾਈ ਹੇਠ 6 ਜੂਨ ਤੱਕ ਵੱਖ ਵੱਖ ਨਗਰਾਂ 'ਚ ਹੋਣ ਵਾਲੇ ਸ਼ਹੀਦੀ ਸਮਾਗਮਾਂ ਦੀ ਸੂਚੀ ਜਾਰੀ



ਦਮਦਮੀ ਟਕਸਾਲ ਦੇ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲੇ ਪ੍ਰਧਾਨ ਸੰਤ ਸਮਾਜ ਦੀ ਰਹਿਨੁਮਾਈ ਹੇਠ ਦਮਦਮੀ ਟਕਸਾਲ ਦੇ ਹੈੱਡ ਕੁਆਟਰ ਗੁ. ਗੁਰਦਰਸ਼ਨ ਪ੍ਰਕਾਸ਼ ਮਹਿਤਾ ਵਿਖੇ ਜੂਨ '84 ਤੀਸਰੇ ਘੱਲੂਘਾਰੇ ਦੀ ਯਾਦ ਨੂੰ ਹਰ ਸਾਲ 6 ਜੂਨ ਵਾਲੇ ਦਿਨ ਅੰਤਰਰਾਸ਼ਟਰੀ ਪੱਧਰ 'ਤੇ ਮਨਾਇਆ ਜਾਂਦਾ ਹੈ ਤੇ ਇਸ ਘੱਲੂਘਾਰੇ ਅੰਦਰ ਸ਼ਹੀਦ ਹੋਏ ਅਮਰ ਸ਼ਹੀਦ ਸੰਤ ਜਰਨੈਲ ਸਿੰਘ ਭਿੰਡਰਾਂਵਾਲੇ ਤੇ ਉਨ੍ਹਾਂ ਨਾਲ ਸ਼ਹਾਦਤ ਦਾ ਜਾਮ ਪੀਣ ਵਾਲੇ ਬਾਬਾ ਠਾਹਰਾ ਸਿੰਘ ,ਭਾਈ ਅਮਰੀਕ ਤੇ ਜਰਨਲ ਸੁਬੇਗ ਸਿੰਘ ਆਦਿ ਕੌਮੀ ਯੌਧਿਆਂ ਦੀ ਸ਼ਹਾਦਤਾਂ ਨੂੰ ਨਤਮਸਤਕ ਹੁੰਦਿਆਂ ਸਮੂਹ ਸਿੰਘਾਂ-ਸਿੰਘਣੀਆਂ ਤੇ ਭੁਝੰਗੀਆਂ ਨੂੰ ਸ਼ਰਧਾਂ ਦੇ ਫੁੱਲ ਅਰਪਿਤ ਕੀਤੇ ਜਾਂਦੇ ਹਨ ।ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਦਮਦਮੀ ਟਕਸਾਲ ਵੱਲੋਂ ਤੀਸਰੇ ਘੱਲੂਘਾਰੇ ਦੀ ਯਾਦ 'ਚ 41ਵਾਂ ਸ਼ਹੀਦੀ ਜੋੜ ਮੇਲਾ ਪੂਰੀ ਸ਼ਰਧਾਂ ਭਾਵਨਾ ਨਾਲ ਮਨਾਇਆ ਜਾ ਰਿਹਾ ਹੈ ।ਇਸ ਮੌਕੇ ਮਹੀਨਾ ਭਰ ਚੱਲਣ ਵਾਲੀ ਕਥਾ-ਕੀਰਤਨ ਸਮਾਗਮਾਂ ਦੀ ਲੜੀ ਦੀ ਆਰੰਭਤਾ 1 ਮਈ ਤੋਂ ਹੋਣ ਜਾ ਰਹੀ ਹੈ, ਜਿਸ ਦੇ ਚੱਲਦਿਆਂ ਵੱਖ ਵੱਖ ਨਗਰਾਂ ਅੰਦਰ ਸ਼ਾਮ 6 ਵਜੇ ਤੋਂ 8 ਵਜੇ ਤੱਕ ਗੁਰਮਤਿ ਸਮਾਗਮ ਕੀਤੇ ਜਾਣਗੇ ।ਇੰਨ੍ਹਾਂ ਸਮਾਗਮਾਂ 'ਚ ਦਮਦਮੀ ਟਕਸਾਲ ਦੇ ਹਜ਼ੂਰੀ ਰਾਗੀ ਜਥੇ ਵੱਲੋਂ ਸ਼ਬਦ-ਕੀਰਤਨ ਕੀਤੇ ਜਾਣ ਉਪਰੰਤ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਵੱਲੋਂ ਸੰਗਤਾਂ ਨੂੰ ਕਥਾ ਸਰਵਨ ਕਰਾਈ ਜਾਵੇਗੀ ।ਦਮਦਮੀ ਟਕਸਾਲ ਵੱਲੋਂ ਜਾਰੀ ਸਮਾਗਮਾਂ ਦੀ ਸੂਚੀ ਅਨੁਸਾਰ 01 ਮਈ ਨੂੰ ਜਬੋਵਾਲ, 02 ਮਈ ਨੂੰ ਜੱਫਰਵਾਲ, 03 ਮਈ ਨੂੰ ਤਰਸਿੱਕਾ, 04 ਮਈ ਨੂੰ ਕੋਟਲਾ ਮੂਸਾ ਨੇੜ੍ਹੇ ਕਾਦੀਆਂ, 05 ਮਈ ਨੂੰ ਸਦਾਰੰਗ, 06 ਮਈ ਨੂੰ ਸਹਾਇਪੁਰ, 07 ਮਈ ਨੂੰ ਧਰਦਿਓ, 08 ਮਈ ਨੂੰ ਬਾਬੋਵਾਲ, 09 ਮਈ ਨੂੰ ਭਲਾਈਪੁਰ ਪੁਰਬਾ, 10 ਮਈ ਨੂੰ ਗੁ: ਕੰਧ ਸਾਹਿਬ (ਬਟਾਲਾ), 11 ਮਈ ਨੂੰ ਗੁ: ਗੁਰੂ ਕੀ ਬੇਰ ਸਾਹਿਬ, 12 ਮਈ ਨੂੰ ਲੀਲ ਕਲਾਂ, 13 ਮਈ ਨੂੰ ਸੂਸਾ, 14 ਮਈ ਨੂੰ ਸਿਆਲਕਾ, 15 ਮਈ ਨੂੰ ਚੋਣੇ, 16 ਮਈ ਨੂੰ ਨਵਾਂ ਪਿੰਡ, 17 ਮਈ ਨੂੰ ਗੁ:ਸੰਗਤਪੁਰਾ ਬਥਵਾਲਾ (ਗੁਰਦਾਸਪੁਰ), 18 ਮਈ ਨੂੰ ਧਰਮੂਚੱਕ, 19 ਮਈ ਨੂੰ ਕਾਹਲਵਾਂ, 20 ਮਈ ਨੂੰ ਉਦੋਨੰਗਲ ਖੁਰਦ, 21 ਮਈ ਨੂੰ ਸਠਿਆਲਾ, 22 ਮਈ ਨੂੰ ਢੱਪਈਆਂ, 23 ਮਈ ਨੂੰ ਵੀਲਾ/ਮੀਕੇ, 24 ਮਈ ਨੂੰ ਬੁਤਾਲਾ, 25 ਮਈ ਨੂੰ ਸਵੇਰੇ 10 ਤੋਂ 12 ਵਜੇ ਤੱਕ ਖੱਬੇ ਰਾਜਪੂਤਾਂ ਤੇ ਸ਼ਾਮ 07 ਤੋਂ 09 ਵਜੇ ਤੱਕ ਚੌਧਰੀਵਾਲ , 26 ਮਈ ਨੂੰ ਜਲਾਲਉਸਮਾਂ, 27 ਮਈ ਨੂੰ ਜੇਠੂਵਾਲ, 28 ਮਈ ਨੂੰ ਰਾਮ ਥੰਮਣ, 29 ਮਈ ਨੂੰ ਮੈਹਣੀਆਂ ਕੁਹਾਰਾ, 30 ਮਈ ਨੂੰ ਮਹਿਤਾ ਚੌਂਕ ਤੇ 31 ਮਈ ਨੂੰ ਚਾਟੀਵਿੰਡ ਵਿਖੇ ਗੁਰਮਤਿ ਦੀਵਾਨ ਸਜਾਏ ਜਾਣਗੇ,ਉਪਰੰਤ ਸ਼ਹੀਦੀ ਹਫਤੇ ਦੇ ਚੱਲਦਿਆਂ ਇਹ ਗੁਰਮਤਿ ਦੀਵਾਨ 01 ਤੋਂ 05 ਜੂਨ ਤੱਕ ਗੁ. ਗੁਰਦਰਸ਼ਨ ਪ੍ਰਕਾਸ਼ ਮਹਿਤਾ ਵਿਖੇ ਸ਼ਾਮ 4 ਤੋਂ 7 ਵਜੇ ਤੱਕ ਸਜਾਏ ਜਾਣਗੇ,ਉਪਰੰਤ ਮੁੱਖ ਤੇ ਮਹਾਨ ਸ਼ਹੀਦੀ ਸਮਾਗਮ 6 ਜੂਨ ਨੂੰ ਹੋਵੇਗਾ।

-ਬਾਬਾ ਸੁਖਵੰਤ ਸਿੰਘ ਚੰਨਣਕੇ, ਚੌਂਕ ਮਹਿਤਾ

ਅਮਰ ਸ਼ਹੀਦ ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ 14 ਵੇਂ ਮੁਖੀ ਦਮਦਮੀ ਟਕਸਾਲ ਅਤੇ 6 ਜੂਨ 1984 ਦੇ ਸਮੂਹ ਸ਼ਹੀਦਾਂ ਦੀ ਯਾਦ 'ਚ ਦਮਦਮੀ ਟਕਸਾਲ ਦੇ ਹੈੱਡਕੁਆਟਰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼ (ਮਹਿਤਾ) ਵਿਖੇ ਹਰ ਸਾਲ ਬਹੁਤ ਭਾਰੀ ਸ਼ਹੀਦੀ ਜੋੜ ਮੇਲੇ ਦਮਦਮੀ ਟਕਸਾਲ ਦੇ ਮੁਖੀ ਸੰਤ ਬਾਬਾ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਮਹਾਂਪੁਰਸ਼ਾਂ ਦੀ ਅਗੁਵਾਈ 'ਚ ਮਨਾਏ ਜਾਂਦੇ ਹਨ । ਇਸ ਜੋੜ ਮੇਲੇ ਸਬੰਧੀ ਮਿਤੀ 1 ਮਈ ਤੋਂ ਵੱਖ ਵੱਖ ਨਗਰਾਂ 'ਚ ਮਹਾਂਪੁਰਸ਼ਾਂ ਵੱਲੋਂ ਸ਼ਹੀਦੀ ਸਮਾਗਮਾਂ ਦੀ ਲੜੀ ਦੀ ਆਰੰਭਤਾ ਹੋ ਰਹੀ ਹੈ। ਸਮੂਹ ਸੰਗਤਾਂ ਇਹਨਾਂ ਸਮਾਗਮਾਂ ਦੇ ਲਾਹੇ ਪ੍ਰਾਪਤ ਕਰੋ ਜੀ ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਐੱਸ ਜੀ ਐੱਨ ਇੰਟਰਨੈਸ਼ਨਲ ਸਕੂਲ ਦੀਵਾਨਾ ਵਿਖੇ

# ਵਿਸ਼ਵ ਪੁਸਤਕ ਦਿਵਸ ਮਨਾਇਆ





ਆਵਾਜ਼ਿ ਕੌਮ AWAZE QAUM International Newspaper & WEB TV

**ਬਰਨਾਲਾ (ਵਰਿਆਮ ਹਠੂਰ)**-ਐੱਸ ਜੀ ਐੱਨ ਇੰਟਰਨੈਸ਼ਨਲ ਸਕੂਲ ਦੀਵਾਨਾ ਵਿਖੇ ਵਿਸ਼ਵ ਪੁਸਤਕ ਦਿਵਸ ਮਨਾਇਆ ਗਿਆ, ਇਸ ਮੌਕੇ ਬੱਚਿਆਂ ਨੂੰ ਸਕੂਲ ਲਾਇਬ੍ਰੇਰੀ ਤੇ ਇਲਾਵਾ ਦੀਵਾਨਾ ਪਿੰਡ 'ਚ ਸ਼ਹੀਦ ਕਰਤਾਰ ਸਿੰਘ ਸਰਾਭਾ ਲਾਇਬ੍ਰੇਰੀ ਦਾ ਦੌਰਾ ਕਰਵਾਇਆ ਗਿਆ ਅਤੇ ਬੱਚਿਆਂ ਨੂੰ ਪੁਸਤਕਾਂ ਦੀ ਮਹੱਤਤਾ ਬਾਰੇ ਜਾਣਕਾਰੀ ਦਿੱਤੀ ਗਈ, ਪ੍ਰਿੰਸੀਪਲ ਮੱਖਣ ਸਿੰਘ ਦੀਵਾਨਾ ਅਤੇ ਕੁਲਜੀਤ ਸਿੰਘ ਦੀਵਾਨਾ ਨੇ ਕਿਹਾ ਕਿ ਗਿਆਨ ਨਾਲ ਭਰਪੂਰ ਕਿਤਾਬਾਂ, ਬੱਚਿਆਂ ਦੇ ਮੰਨੋਰੰਜਨ ਅਤੇ ਧਾਰਮਿਕ , ਸਾਹਿਤਕ ਕਿਤਾਬਾਂ ਸਾਡੇ ਗਿਆਨ ਵਿੱਚ ਵਾਧਾ ਕਰਦੀਆਂ ਹਨ । ਕਿਤਾਬਾ ਦਾ ਗਿਆਨ ਇੱਕ ਅਜਿਹਾ ਗਿਆਨ ਹੈ ਜਿਸਨੂੰ ਕੋਈ ਤੁਹਾਡੇ ਤੋਂ ਚੋਰੀ ਨਹੀਂ ਕਰ ਸਕਦਾ ਅਤੇ ਇਹ ਲਾਇਬ੍ਰੇਰੀਆਂ ਇੱਕ ਅਨੋਖਾ ਉਪਰਾਲਾ ਹੈ ਇਸ ਨਾਲ ਬੱਚਿਆਂ ਵਿੱਚ ਇਮਾਨਦਾਰੀ ਦੀ ਭਾਵਨਾ ਵੀ ਵਿਕਸਿਤ ਹੁੰਦੀ ਹੈ ਤੇ ਬੱਚਿਆ ਅਤੇ ਹੋਰ ਪੜ੍ਹਨ ਵਾਲਿਆਂ ਨੂੰ ਗਿਆਨ ਪ੍ਰਾਪਤ ਹੁੰਦਾ ਹੈ ਜੋ ਸਮੇਂ ਦੀ ਮੁੱਖ ਲੋੜ ਹੈ 9 ਇਸ ਮੌਕੇ ਪ੍ਰਿੰਸੀਪਲ ਮੱਖਣ ਸਿੰਘ ਦੀਵਾਨਾ, ਕੁਲਜੀਤ ਸਿੰਘ ਦੀਵਾਨਾ, ਗੁਰਪ੍ਰੀਤ ਕੌਰ, ਰਮਨਜੀਤ ਕੌਰ, ਅਮਨਦੀਪ ਕੌਰ, ਪਵਨਜੀਤ ਕੌਰ, ਪ੍ਰਦੀਪ ਕੌਰ, ਮਨਦੀਪ ਕੌਰ, ਸੁਖਮੀਤ ਕੌਰ, ਲਛਮਣੀ, ਅਮਨਜੋਤ ਕੌਰ, ਤਰਨਜੀਤ ਕੌਰ, ਕੁਲਵਿੰਦਰ ਕੌਰ, ਕਮਲਜੀਤ ਕੌਰ, ਲਵਪ੍ਰੀਤ ਕੌਰ, ਹਰਪ੍ਰੀਤ ਕੌਰ, ਨਵਜੋਤ ਕੌਰ, ਰਮਨਦੀਪ ਕੌਰ ਸਕੂਲ ਸਟਾਫ਼ ਤੇ ਵਿਦਿਆਰਥੀ ਹਾਜ਼ਰ ਸਨ।

ਦਬਾਈ ਬੈਠੇ ਕਸ਼ਮੀਰ ਦੇ ਹਿੱਸੇ ਨੂੰ ਵਾਪਸ ਲੈਣ ਵਰਗਾ

# ਠੋਸ ਕਦਮ ਨਾਲ ਪਾਕਿਸਤਾਨ ਨੂੰ ਕਰਾਰਾ ਜਵਾਬ ਦਿੱਤਾ ਜਾਣਾ ਚਾਹੀਦਾ ਹੈ



**ਅੰਮ੍ਰਿਤਸਰ, 23 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**- ਭਾਰਤੀ ਜਨਤਾ ਪਾਰਟੀ ਦੇ ਸੂਬਾਈ ਬੁਲਾਰੇ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਕਸ਼ਮੀਰ ਵਾਦੀ ਦੇ ਪਹਿਲਗਾਮ ਵਿਖੇ ਸੈਲਾਨੀਆਂ 'ਤੇ ਕਰੂਰ ਅਤਿਵਾਦੀ ਹਮਲੇ ਦੀ ਸਖ਼ਤ ਨਿਖੇਧੀ ਕੀਤੀ ਤੇ

## ਸਿਆਸੀ ਪਾਰਟੀਆਂ ਨੂੰ ਅੱਤਵਾਦ ਖ਼ਿਲਾਫ਼ ਇਕਸੁਰ ਅਤੇ ਇੱਕਜੁੱਟਤਾ ਦਿਖਾਉਣ ਦੀ ਲੋੜ : ਪ੍ਰੋ. ਸਰਚਾਂਦ ਸਿੰਘ ਖਿਆਲਾ

ਕਿਹਾ ਕਿ ਭਾਰਤ ਨੂੰ ਹਿੰਸਾ ਅਤੇ ਦਹਿਸ਼ਤ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਹੈ। ਉਨ੍ਹਾਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਅਪੀਲ ਕਰਦਿਆਂ ਕਿਹਾ ਕਿ ਲਗਦਾ ਹੈ ਕਿ ਪਾਕਿਸਤਾਨ ਨੇ ਭਾਰਤ ਦੀ ਸਹਿਣਸ਼ੀਲਤਾ ਨੂੰ ਕਮਜ਼ੋਰੀ ਸਮਝ ਲਿਆ ਹੈ, ਇਸ ਲਈ ਉਸ ਦੇ ਨਾਪਾਕ ਮਨਸੂਬਿਆਂ, ਗਹਿਰੀ ਸਾਜ਼ਿਸ਼ਾਂ ਅਤੇ ਲਗਾਤਾਰ ਕਰਾਏ ਜਾ ਰਹੇ ਅਤਿਵਾਦੀ ਹਮਲਿਆਂ ਦਾ ਕੇਵਲ ਕੂਟਨੀਤੀ, ਫ਼ੌਜੀ ਮੁਸਤੈਦੀ ਜਾਂ ਪਾਕਿਸਤਾਨ 'ਚ ਸਥਿਤ ਅੱਤਵਾਦੀ ਕੈਂਪਾਂ 'ਤੇ ਹਵਾਈ ਹਮਲੇ ਅਤੇ ਸਰਜੀਕਲ ਸਟ੍ਰੈਕ ਨਾਲ ਹੀ ਕਰਾਰਾ ਜਵਾਬ ਨਹੀਂ ਦਿੱਤਾ ਜਾਣਾ ਚਾਹੀਦਾ, ਬਲਕਿ ਪਾਕਿਸਤਾਨ ਵੱਲੋਂ ਦਬਾਈ ਬੈਠੇ ਕਸ਼ਮੀਰ ਦੇ ਹਿੱਸੇ ਨੂੰ ਹਰ ਹਾਲ ਵਿਚ ਵਾਪਸ ਲੈਣ ਵਰਗਾ ਠੋਸ ਕਦਮ ਚੁੱਕਿਆ ਜਾਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਮੌਜੂਦਾ ਹਾਲਾਤ 'ਚ ਕਸ਼ਮੀਰ ਬਾਰੇ ਸੰਯੁਕਤ ਰਾਸ਼ਟਰ ਦੇ ਮਤਿਆਂ ਦੀ ਕੋਈ ਸਾਰਥਿਕਤਾ ਨਹੀਂ ਰਹੀ ਹੈ।

ਪ੍ਰੋ. ਸਰਚਾਂਦ ਸਿੰਘ ਕਿਹਾ ਕਿ ਪਾਕਿਸਤਾਨ 'ਚ ਫ਼ੌਜ ਅਤੇ ਆਈ ਐਸ ਆਈ ਨੇ ਆਪਣੀਆਂ ਖ਼ੁਦਮੁਖ਼ਤਿਆਰ ਤੇ ਨੀਤੀਗਤ ਟੀਚਿਆਂ ਲਈ ਉੱਥੋਂ ਦੀਆਂ ਨਾਗਰਿਕ ਸਰਕਾਰਾਂ ਨੂੰ ਕਦੀ ਵੀ ਪ੍ਰਭਾਵੀ ਨਹੀਂ ਹੋਣ ਦਿੱਤਾ। ਉੱਥੇ ਹੀ 1965, '71 ਅਤੇ ਕਾਰਗਿਲ ਦੀਆਂ ਜੰਗਾਂ ਵਿਚ ਹੋਈਆਂ ਸ਼ਰਮਨਾਕ ਹਾਰਾਂ ਨੂੰ ਪਾਕਿਸਤਾਨ ਪਚਾ ਨਹੀਂ ਪਾ ਰਿਹਾ ਹੈ। ਅੱਜ ਵੀ ਉਹ 'ਬਲੀਡ ਇੰਡੀਆ ਥਰੂ ਏ ਥਾਊਜ਼ੈਂਡ ਕੱਟਸ' ਦੀ ਫ਼ੌਜੀ ਨੀਤੀ 'ਤੇ ਚੱਲ ਰਿਹਾ ਹੈ ਅਤੇ ਪਾਕਿਸਤਾਨ ਦਾ ਸੈਨਾ ਮੁਖੀ ਅਸੀਮ ਮੁਨੀਰ ਨੇ ਹਾਲਹੀ 'ਚ ਕਸ਼ਮੀਰ ਨੂੰ 'ਪਾਕਿਸਤਾਨ ਦੀ ਸ਼ਾਹ ਰਗ' ਦਸ ਕੇ ਕਸ਼ਮੀਰੀਆਂ ਨੂੰ ਭਾਰਤ ਵਿਰੁੱਧ ਉਕਸਾਉਣਾ ਕੀਤਾ ਹੈ। ਪਾਕਿਸਤਾਨ ਲਸ਼ਕਰ ਏ ਤਾਇਬਾ ਅਤੇ ਜੈਸ ਏ ਮੁਹੰਮਦ ਵਰਗੀਆਂ ਹਾਈਬ੍ਰਿਡ ਅਤਿਵਾਦੀ ਗਰੁੱਪਾਂ ਰਾਹੀਂ ਭਾਰਤ 'ਚ ਵੱਡੀਆਂ ਅਤਿਵਾਦੀ ਵਾਰਦਾਤਾਂ ਨੂੰ ਵਾਰ ਵਾਰ ਅੰਜਾਮ ਦੇ ਕੇ ਅਤੇ ਆਏ ਦਿਨ ਕਸ਼ਮੀਰ 'ਚ ਬੇਕਸੂਰ ਸੈਲਾਨੀਆਂ ਅਤੇ ਉੱਥੋਂ ਦੀ ਤਰੱਕੀ ਤੇ ਖ਼ੁਸ਼ਹਾਲੀ 'ਚ ਹਿੱਸਾ ਪਾਉਣ ਵਾਲੇ ਲੋਕਾਂ ਦਾ ਕਤਲ ਕਰਾ ਕੇ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਕੀਤੀ ਅਤੇ ਸੂਬੇ ਦੀ ਅਮਨ ਚੈਨ ਨੂੰ ਤਬਾਹ ਕਰਨ ਦੀ ਬੇ-ਰੋਕ ਕੋਸ਼ਿਸ਼ ਕੀਤੀ ਹੈ। ਹੁਣ ਵਾਦੀ 'ਚ ਨਿਰਦੋਸ਼ ਸੈਲਾਨੀਆਂ ਅਤੇ ਗੈਰ ਮੁਸਲਮਾਨਾਂ ਦੀ ਸ਼ਨਾਖ਼ਤ ਕਰਦਿਆਂ ਸ਼ਰੇਆਮ ਗੋਲੀਆਂ ਮਾਰੀਆਂ ਗਈਆਂ, ਗੈਰ ਮੁਸਲਮਾਨ ਦੀ ਸ਼ਨਾਖ਼ਤੀ ਕਤਲ ਪਹਿਲੀ ਵਾਰ ਨਹੀਂ ਹੈ, ਇਸ ਤੋਂ ਪਹਿਲਾਂ ਵਾਦੀ 'ਚ ਗ਼ੈਰ-ਮੁਸਲਿਮ ਅਧਿਆਪਕਾਂ ਨੂੰ ਅਤੇ ਪਰਵਾਸੀ ਮਜ਼ਦੂਰਾਂ ਨੂੰ ਉਨ੍ਹਾਂ ਦੀ ਪਛਾਣ ਕਰਦਿਆਂ ਕਤਲ ਕੀਤੇ ਗਏ ਸਨ। ਪਾਕਿਸਤਾਨ ਖ਼ੌਫ ਅਤੇ ਫ਼ਿਰਕੂ ਤਣਾਓ ਪੈਦਾ ਕਰਕੇ ਵਾਦੀ 'ਚ ਅਸ਼ਾਂਤੀ ਤੇ ਰਾਜਸੀ ਅਸਥਿਰਤਾ ਪੈਦਾ ਕਰਨ ਦੀ ਕੋਸ਼ਿਸ਼ ਕਰ ਰਿਹਾ ਹੈ, ਜਿਸ ਨਾਲ ਵਾਦੀ 'ਚ ਹਿੰਦੂ ਅਤੇ ਸਿੱਖ ਭਾਈਚਾਰੇ 'ਚ ਅਸੁਰੱਖਿਆ ਅਤੇ ਡਰ ਦੀ ਭਾਵਨਾ ਤੇਜ਼ੀ ਨਾਲ ਪਨਪ ਰਹੀ ਹੈ। 90ਵਿਆਂ 'ਚ ਵੱਡੀ ਗਿਣਤੀ ਵਿਚ ਕਸ਼ਮੀਰੀ ਪੰਡਿਤ ਵਾਦੀ 'ਚੋਂ ਹਿਜਰਤ ਕਰ ਗਏ ਸਨ। ਹੁਣ ਫਿਰ ਅਜਿਹਾ ਡਰ ਵਾਲਾ ਮਾਹੌਲ ਬਣਾਇਆ ਜਾ ਰਿਹਾ ਹੈ। ਕੇਂਦਰ ਸਰਕਾਰ ਵੱਲੋਂ ਜੰਮੂ-ਕਸ਼ਮੀਰ ਦਾ ਧਾਰਾ 370 ਹਟਾਏ ਜਾਣ ਤੋਂ ਬਾਅਦ ਸੁਰੱਖਿਆ ਏਜੰਸੀਆਂ ਵੱਲੋਂ ਬੜੀ ਮੁਸਤੈਦੀ ਨਾਲ ਕੰਮ ਕੀਤੇ ਜਾਣ ਅਤੇ ਵਿਕਾਸ ਨੂੰ ਪਹਿਲ ਦੇਣ ਨਾਲ ਵਾਦੀ 'ਓ ਨਿੱਤ ਦਿਨ ਵਾਪਰਦੀਆਂ ਗੜਬੜ ਵਾਲੀਆਂ ਅਤੇ ਪੱਥਰਬਾਜ਼ੀ ਦੀਆਂ ਘਟਨਾਵਾਂ ਵਿਚ ਵੀ ਵੱਡੀ ਕਮੀ ਆਈ ਸੀ। ਜਿਸ ਨੂੰ ਦੇਖ ਕੇ ਪਾਕਿਸਤਾਨ ਬੌਖਲਾ ਗਿਆ ਹੈ। ਉਨ੍ਹਾਂ ਕਿਹਾ ਕਿ ਕਸ਼ਮੀਰ ਦੀਆਂ ਹਾਲੀਆ ਘਟਨਾਵਾਂ ਲਈ ਸਿਆਸੀ ਪਾਰਟੀਆਂ ਨੂੰ ਅੱਤਵਾਦ ਖ਼ਿਲਾਫ਼ ਇਕਸੁਰ ਅਤੇ ਇੱਕਜੁੱਟਤਾ ਦਿਖਾਉਣ ਦੀ ਲੋੜ ਹੈ।

ਐਸਐਮਓ ਤਲਵੰਡੀ ਸਾਬੋ ਵੱਲੋਂ

# ਪਿੰਡਾਂ ਵਿੱਚ ਸਿਹਤ ਕੇਂਦਰਾਂ ਦਾ ਕੀਤਾ ਦੌਰਾ ਕੀਤਾ

ਤਲਵੰਡੀ ਸਾਬੋ, 23 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)- ਪੰਜਾਬ ਸਰਕਾਰ ਲੋਕਾਂ ਨੂੰ ਬਿਹਤਰ ਸਿਹਤ ਸਹੂਲਤਾਂ ਦੇਣ ਲਈ ਨਿਰੰਤਰ ਉਪਰਾਲੇ ਕਰ ਰਹੀ ਹੈ ਇਸ ਤਹਿਤ ਹਲਕਾ ਵਿਧਾਇਕਾ ਪ੍ਰੋ. ਬਲਜਿੰਦਰ ਕੌਰ ਦੇ ਦਿਸ਼ਾ ਨਿਰਦੇਸ਼ ਤਹਿਤ ਲੋਕਾਂ ਨੂੰ ਬਿਹਤਰ ਸਿਹਤ ਸਹੂਲਤਾਂ ਮੁਹੱਈਆ ਕਰਵਾਉਣ ਦੇ ਮੰਤਵ ਨਾਲ ਸੀਨੀਅਰ ਮੈਡੀਕਲ ਅਫ਼ਸਰ ਡਾ. ਰਵੀ ਕਾਂਤ ਵੱਲੋਂ ਸਿਹਤ ਕੇਂਦਰ ਭਾਗੀਵਾਂਦਰ, ਕੋਟ ਭਾਰਾ ਅਤੇ ਬੁਰਜ ਸੇਮਾ ਦਾ ਦੌਰਾ ਕੀਤਾ। ਇਸ ਦੌਰਾਨ ਉਨ੍ਹਾਂ ਨੇ ਮਾਣਯੋਗ ਸਿਹਤ ਮੰਤਰੀ ਵੱਲੋਂ ਦਿੱਤੀਆਂ ਹਦਾਇਤਾਂ ਸਬੰਧੀ ਸਬ ਸੈਂਟਰ ਦੇ ਸਟਾਫ਼ ਨੂੰ ਜ਼ੋਰ ਦੇ ਕੇ ਕਿਹਾ ਕਿ ਸਿਹਤ ਵਿਭਾਗ ਵੱਲੋਂ ਆਮ ਲੋਕਾਂ ਦੀ ਭਲਾਈ ਲਈ ਕੀਤੇ ਜਾਂਦੇ ਕੰਮਾਂ ਦੀ ਜਾਣਕਾਰੀ ਵੱਧ ਤੋਂ ਵੱਧ ਲੋਕਾਂ ਨੂੰ ਦਿੱਤੀ ਜਾਵੇ। ਇਸ ਦੇ ਨਾਲ ਹੀ ਉਨ੍ਹਾਂ ਟੀਕਾਕਰਣ ਸਮੇਤ ਗਰਭਵਤੀ ਔਰਤਾਂ ਦੀ

ਆਵਾਜ਼ਿ ਕੌਮ AWAZE QAUM International Newspaper & WEB TV

ਸਿਹਤ ਸੰਭਾਲ ਲਈ ਦਿੱਤੀਆਂ ਜਾਣ ਵਾਲੀਆਂ ਸਹੂਲਤਾਂ ਦਾ ਜਾਇਜ਼ਾ ਲਿਆ। ਉਨ੍ਹਾਂ ਇਸ ਮੌਕੇ ਸਟਾਫ਼ ਨੂੰ ਮਰੀਜ਼ਾਂ ਅਤੇ ਲਾਭਪਾਤਰੀਆਂ ਨਾਲ ਆਪਣਾ ਵਤੀਰਾ ਨਿਮਰ ਰੱਖਣ ਦੀ ਹਦਾਇਤ ਕੀਤੀ ਅਤੇ ਵਿਭਾਗ ਵੱਲੋਂ ਦਿੱਤੇ ਟੀਚੇ ਪੂਰੇ ਕਰਨ ਦੀ ਸਖ਼ਤ ਹਿਦਾਇਤ ਕੀਤੀ। ਇਸ ਮੌਕੇ ਐਸਐਮਓ ਵੱਲੋਂ ਆਸ਼ਾ ਵਰਕਰਾਂ ਨੂੰ ਹਦਾਇਤ ਕੀਤੀ ਕਿ ਉਨ੍ਹਾਂ ਵੱਲੋਂ ਲੋਕਾਂ ਨੂੰ ਸਰਕਾਰੀ ਹਸਪਤਾਲਾਂ ਵਿਖੇ ਜਣੇਪਾ ਕਰਵਾਉਣ ਲਈ ਉਤਸ਼ਾਹਿਤ ਕਰਨ। ਇਸ ਮੌਕੇ ਬਲਾਕ ਐਜੂਕੇਟਰ ਗੁਰਸਿਮਰਤ ਕੌਰ, ਸਿਹਤ ਸੁਪਰਵਾਇਜ਼ਰ ਬੰਤ ਸਿੰਘ, ਸਿਹਤ ਸੁਪਰਵਾਈਜ਼ਰ ਬਲਵਿੰਦਰ ਕੌਰ , ਸੀਐਚਓ ਅਮਨਦੀਪ ਕੌਰ, ਸੀਐਚਓ ਸੁਮਨ ਕੌਰ, ਸੀਐਚਓ ਪੂਨਮ, ਸਿਹਤ ਕਰਮੀ ਰਾਜਬੀਰ ਕੌਰ, ਮਨਜੀਤ ਕੌਰ, ਪਰਮਜੀਤ ਕੌਰ, ਰੇਖਾ ਰਾਣੀ ਕੌਰ, ਸਿਹਤ ਕਰਮੀ ਜਗਸੀਰ ਸਿੰਘ ਅਤੇ ਸ਼ਿਵਚਰਨ ਸਿੰਘ ਸਿੰਘ ਹਾਜਰ ਸਨ।



# ਵਿਦਿਆਰਥੀਆਂ ਦੇ ਸਰਵ ਪੱਖੀ ਵਿਕਾਸ ਲਈ ਗੁਰੂ ਕਾਸ਼ੀ ਯੂਨੀਵਰਸਿਟੀ ਵੱਲੋਂ ਸ਼ਾਨਦਾਰ ਉਪਰਾਲੇ




ਤਲਵੰਡੀ ਸਾਬੋ, 23 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)- ਸਿੱਖਿਆ ਦੇ ਖੇਤਰ ਵਿੱਚ ਸਮੇਂ ਅਤੇ ਬਾਜ਼ਾਰ ਦੀ ਲੋੜ ਅਨੁਸਾਰ ਗੁਰੂ ਕਾਸ਼ੀ ਯੂਨੀਵਰਸਿਟੀ ਵੱਲੋਂ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਹਰ ਰੋਜ਼ ਨਵੇਂ ਉਪਰਾਲੇ ਕੀਤੇ ਜਾ ਰਹੇ ਹਨ। ਇਹ ਗੱਲ 'ਵਰਸਿਟੀ ਦੇ ਉਪ ਕੁਲਪਤੀ ਪ੍ਰੋ. (ਡਾ.) ਰਾਮੇਸ਼ਵਰ ਸਿੰਘ ਨੇ ਬਠਿੰਡਾ

ਆਵਾਜ਼ਿ ਕੌਮ AWAZE QAUM International Newspaper & WEB TV

ਵਿਖੇ ਹੋਈ ਇੱਕ ਪ੍ਰੈਸ ਮਿਲਣੀ ਵਿੱਚ ਕਹੀ। ਗੁਰੂ ਕਾਸ਼ੀ ਯੂਨੀਵਰਸਿਟੀ ਵੱਲੋਂ ਵਿੱਦਿਅਕ ਖੇਤਰ ਵਿੱਚ ਕੀਤੇ ਜਾ ਰਹੇ ਕਾਰਜਾਂ ਅਤੇ ਨਵੀਂ ਖੇਡ ਨੀਤੀ ਦਾ ਐਲਾਨ ਕਰਦਿਆਂ ਉਨ੍ਹਾਂ ਦੱਸਿਆ ਕਿ ਵਰਸਿਟੀ ਵੱਲੋਂ ਵਿਦਿਆਰਥੀਆਂ ਨੂੰ ਸਮੇਂ ਦਾ ਹਾਣੀ ਬਣਾਉਣ ਲਈ ਕਈ ਨਵੀਆਂ ਯੋਜਨਾਵਾਂ ਤੇ ਕੰਮ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ 'ਵਰਸਿਟੀ ਦੇ ਫੈਕਲਟੀ ਆਫ਼ ਕੰਪਿਊਟਿੰਗ ਵੱਲੋਂ ਮਿਤੀ 25,26 ਅਪ੍ਰੈਲ 2025 ਨੂੰ ਅੰਤਰ ਰਾਸ਼ਟਰੀ ਕਾਨਫਰੰਸ ਇਨੋਵੇਸ਼ਨ ਐਂਡ ਐਪਲੀਕੇਸ਼ਨ ਆਫ਼ ਆਰਟੀਫਿਸ਼ੀਅਲ ਇੰਟੈਲੀਜੈਂਸ-2025, ਕਾਠਮਾਂਡੂ ਯੂਨੀਵਰਸਿਟੀ ਨੇਪਾਲ, ਫਰੈਂਡਸ ਯੂਨੀਵਰਸਿਟੀ ਅਮਰੀਕਾ, ਡਾਕਾ ਇੰਟਰਨੈਸ਼ਨਲ ਯੂਨੀਵਰਸਿਟੀ ਬੰਗਲਾਦੇਸ਼ ਅਤੇ ਗੈਂਬਿਲਾ ਯੂਨੀਵਰਸਿਟੀ ਇਥੋਪੀਆ ਦੇ ਸਹਿਯੋਗ ਨਾਲ ਕੀਤੀ ਜਾ ਰਹੀ ਹੈ। ਜਿਸ ਵਿੱਚ ਮਾਹਿਰਾਂ, ਖੋਜਾਰਥੀਆਂ ਅਤੇ ਵਿਦਿਆਰਥੀਆਂ ਵੱਲੋਂ ਸਿਹਤ ਸੰਭਾਲ, ਇੰਜੀਨਿਅਰਿੰਗ, ਸਿੱਖਿਆ ਅਤੇ ਬਿਜਨੈਸ ਆਦਿ ਖੇਤਰਾਂ ਵਿੱਚ ਆਰਟੀਫਿਸ਼ੀਅਲ ਇੰਟੈਲੀਜੈਂਸ ਦੇ ਪ੍ਰਭਾਵਾਂ ਬਾਰੇ ਵਿਚਾਰ ਚਰਚਾ ਕੀਤੀ ਜਾਵੇਗੀ। ਇਸ ਤੋਂ ਇਲਾਵਾ ਖੋਜਾਰਥੀਆਂ ਵੱਲੋਂ ਖੋਜ ਪੱਤਰ ਪੜ੍ਹੇ ਜਾਣਗੇ ਤੇ ਉਨ੍ਹਾਂ ਦਾ ਪ੍ਰਤਿਸ਼ਠਤ ਰਸਾਲਿਆਂ ਵਿੱਚ ਪਬਲੀਕੇਸ਼ਨ ਦੇ ਯਤਨ ਕੀਤੇ ਜਾਣਗੇ। ਉਪ ਕੁਲਪਤੀ ਨੇ ਵਰਸਿਟੀ ਦੇ ਫੈਕਲਟੀ ਆਫ਼ ਲਾਅ ਵੱਲੋਂ ਮਿਤੀ 29, 30 ਅਪ੍ਰੈਲ 2025 ਨੂੰ ਹੋਣ ਜਾ ਰਹੇ ਪਹਿਲੇ ਲਾਅ ਫੈਸਟ ਬਾਰੇ ਵੀ ਜਾਣਕਾਰੀ ਵੀ ਸਾਂਝੀ ਕੀਤੀ। ਉਨ੍ਹਾਂ ਦੱਸਿਆ ਕਿ ਲਾਅ ਫੈਸਟ ਵਿੱਚ ਵਿਦਿਆਰਥੀਆਂ ਅਤੇ ਮਹਿਮਾਨਾਂ ਲਈ 8 ਪ੍ਰਤੀਯੋਗਿਤਾਵਾਂ ਦਾ ਆਯੋਜਨ ਕੀਤਾ ਜਾ ਰਿਹਾ ਹੈ। ਜਿਸ ਵਿੱਚ ਏ.ਆਈ ਬਨਾਮ ਹਿਊਮਨ, ਸਵਾਲ ਜਵਾਬ ਮੁਕਾਬਲੇ, ਰੀਲ ਮੇਕਿੰਗ, ਸੱਭਿਆਚਾਰਕ ਮੁਕਾਬਲੇ ਆਕਰਸ਼ਣ ਦਾ ਮੁੱਖ ਕੇਂਦਰ ਹੋਣਗੇ। ਉਨ੍ਹਾਂ ਦੱਸਿਆ ਕਿ ਪ੍ਰਬੰਧਕਾਂ ਵੱਲੋਂ ਜੇਤੂਆਂ ਨੂੰ ਸਰਟੀਫਿਕੇਟ ਅਤੇ ਟਰਾਫੀਆਂ ਨਾਲ ਸਨਮਾਨਿਤ ਕੀਤਾ ਜਾਵੇਗਾ। ਪ੍ਰੈਸ ਮਿਲਣੀ ਵਿੱਚ ਡਾ. ਹਰਜਸਪਾਲ ਸਿੰਘ ਡਾਇਰੈਕਟਰ ਕੈਂਪਸ, ਡਾ. ਰਾਜ ਕੁਮਾਰ ਸ਼ਰਮਾ ਡਾਇਰੈਕਟਰ ਸਪੋਰਟਸ, ਡਾ. ਵਿਜੈ ਲਕਸ਼ਮੀ ਡੀਨ ਫੈਕਲਟੀ ਆਫ਼ ਕੰਪਿਊਟਿੰਗ ਤੇ ਡਾ. ਗੁਰਪ੍ਰੀਤ ਕੌਰ ਡੀਨ ਫੈਕਲਟੀ ਆਫ਼ ਲਾਅ ਵਿਸ਼ੇਸ਼ ਤੌਰ ਤੇ ਹਾਜ਼ਰ ਹੋਏ। ਖੇਡਾਂ ਦੇ ਖੇਤਰ ਵਿੱਚ ਕੀਤੇ ਜਾ ਰਹੇ ਕਾਰਜਾਂ ਸੰਬੰਧੀ ਡਾ. ਰਾਜ ਕੁਮਾਰ ਸ਼ਰਮਾ, ਡਾਇਰੈਕਟਰ ਸਪੋਰਟਸ ਨੇ ਵਰਸਿਟੀ ਦੀ ਨਵੀਂ ਖੇਡ ਨੀਤੀ ਦਾ ਐਲਾਨ ਕਰਦੇ ਹੋਏ ਦੱਸਿਆ ਕਿ ਜੀ.ਕੇ.ਯੂ. ਵੱਲੋਂ ਅੰਤਰ ਰਾਸ਼ਟਰੀ ਖਿਡਾਰੀ, ਰਾਸ਼ਟਰੀ ਪੱਧਰ 'ਤੇ ਮੈਡਲ ਜੇਤੂ, ਯੂਨੀਵਰਸਿਟੀ ਪੱਧਰ ਤੇ ਮੈਡਲ ਜੇਤੂ, ਖੇਲੋ ਇੰਡੀਆ ਇੰਟਰ ਯੂਨੀਵਰਸਿਟੀ ਵਿੱਚ ਮੈਡਲ ਜੇਤੂ, ਵਰਲਡ ਯੂਨੀਵਰਸਿਟੀ ਖੇਡਾਂ ਅਤੇ ਚੈਂਪੀਅਨਸ਼ਿਪ ਦੇ ਮੈਡਲ ਜੇਤੂ ਖਿਡਾਰੀਆਂ ਨੂੰ 100% ਵਜੀਫਾ ਦਿੱਤਾ ਜਾਵੇਗਾ। ਉਨ੍ਹਾਂ ਇਹ ਵੀ ਦੱਸਿਆ ਕਿ ਜੇਕਰ ਵਰਸਿਟੀ ਦਾ ਕੋਈ ਖਿਡਾਰੀ ਓਲੰਪਿਕ ਖੇਡਾਂ ਵਿੱਚ ਸੋਨ, ਚਾਂਦੀ ਅਤੇ ਕਾਂਸੇ ਦਾ ਤਗਮਾ ਜਿੱਤਦਾ ਹੈ ਤਾਂ ਵਰਸਿਟੀ ਵੱਲੋਂ ਉਸ ਨੂੰ ਕ੍ਰਮਵਾਰ 8 ਲੱਖ, 5 ਲੱਖ ਅਤੇ 3 ਲੱਖ ਰੁਪਏ ਦੇ ਨਗਦ ਇਨਾਮ ਨਾਲ ਸਨਮਾਨਿਤ ਕੀਤਾ ਜਾਵੇਗਾ। ਏਸ਼ਿਆਈ ਖੇਡਾਂ ਵਿੱਚ ਸੋਨ, ਚਾਂਦੀ ਅਤੇ ਕਾਂਸੇ ਦੇ ਤਗਮਾ ਜੇਤੂ ਵਰਸਿਟੀ ਦੇ ਖਿਡਾਰੀ ਦੀ ਕ੍ਰਮਵਾਰ 5 ਲੱਖ, 3 ਲੱਖ ਅਤੇ 2 ਲੱਖ ਰੁਪੇ ਦੇ ਨਗਦ ਇਨਾਮ ਨਾਲ ਹੌਂਸਲਾ ਅਫ਼ਜ਼ਾਈ ਕੀਤੀ ਜਾਵੇਗੀ। ਉਨ੍ਹਾਂ ਕਾਮਨਵੈਲਥ ਖੇਡਾਂ ਤੇ ਵਰਲਡ ਯੂਨੀਵਰਸਿਟੀ ਖੇਡਾਂ ਵਿੱਚ ਸੋਨ, ਚਾਂਦੀ ਅਤੇ ਕਾਂਸੇ ਦੇ ਤਗਮਾ ਜੇਤੂ ਖਿਡਾਰੀ ਨੂੰ ਕ੍ਰਮਵਾਰ 3,2 ਅਤੇ 1 ਲੱਖ ਰੁਪਏ ਦੇ ਨਗਦ ਇਨਾਮ ਦੇਣ ਬਾਰੇ ਵੀ ਜਾਣਕਾਰੀ ਦਿੱਤੀ।

# ਜੰਮੂ-ਕਸ਼ਮੀਰ ਵਿੱਚ ਅੱਤਵਾਦੀ ਘਟਨਾਵਾਂ ਵਿਰੁੱਧ ਸਦਰ ਬਾਜ਼ਾਰ ਵਿੱਚ ਵਪਾਰੀਆਂ ਨੇ ਕੀਤਾ ਰੋਸ ਪ੍ਰਦਰਸ਼ਨ



**ਨਵੀਂ ਦਿੱਲੀ, 23 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ)**:- ਬੀਤੇ ਦਿਨ ਜੰਮੂ-ਕਸ਼ਮੀਰ ਦੇ ਪਹਿਲਗਾਮ ਵਿੱਚ ਹੋਏ ਕਾਇਰਤਾਪੂਰਨ ਅੱਤਵਾਦੀ ਹਮਲੇ ਵਿੱਚ ਕਈ ਸੈਲਾਨੀਆਂ ਦੇ ਮਾਰੇ ਜਾਣ ਦੇ ਵਿਰੋਧ ਵਿੱਚ, ਫੈਡਰੇਸ਼ਨ ਆਫ ਸਦਰ ਬਾਜ਼ਾਰ ਟਰੇਡਜ਼ ਐਸੋਸੀਏਸ਼ਨ ਦੇ ਚੇਅਰਮੈਨ ਪਰਮਜੀਤ ਸਿੰਘ ਪੰਮਾ, ਪ੍ਰਧਾਨ ਰਾਕੇਸ਼ ਯਾਦਵ ਦੀ ਪ੍ਰਧਾਨਗੀ ਹੇਠ

ਆਵਾਜ਼ਿ ਕੌਮ AWAZE QAUM International Newspaper & WEB TV

ਸੈਂਕੜੇ ਵਪਾਰੀਆਂ ਨੇ ਸਦਰ ਬਾਜ਼ਾਰ ਦੇ ਕੁਤੁਬ ਰੋਡ ਚੌਕ 'ਤੇ ਕਾਲੀਆਂ ਪੱਟੀਆਂ ਬੰਨ੍ਹ ਕੇ ਵਿਰੋਧ ਪ੍ਰਦਰਸ਼ਨ ਕੀਤਾ। ਸਵੇਰੇ ਜਿਵੇਂ ਹੀ ਦੁਕਾਨਾਂ ਖੁੱਲ੍ਹੀਆਂ, ਸੈਂਕੜੇ ਵਪਾਰੀ ਕੁਤੁਬ ਰੋਡ ਚੌਕ 'ਤੇ ਇਕੱਠੇ ਹੋਣੇ ਸ਼ੁਰੂ ਹੋ ਗਏ ਅਤੇ ਇਸ ਦਰਦਨਾਕ ਘਟਨਾ ਵਿਰੁੱਧ ਨਾਅਰੇਬਾਜ਼ੀ ਕਰਕੇ ਆਪਣਾ ਗੁੱਸਾ ਜ਼ਾਹਰ ਕੀਤਾ ਅਤੇ ਬੇਕਸੂਰਾਂ ਦਾ ਖ਼ੂਨ ਵਹਾਉਣਾ ਬੰਦ ਕਰੋ, ਦੋਸ਼ੀਆਂ ਵਿਰੁੱਧ ਕਾਰਵਾਈ ਕਰੋ ਵਰਗੇ ਨਾਅਰੇ ਲਗਾਏ ਗਏ। ਇਸ ਮੌਕੇ ਪਰਮਜੀਤ ਸਿੰਘ ਪੰਮਾ ਅਤੇ ਰਾਕੇਸ਼ ਯਾਦਵ ਨੇ ਕਿਹਾ ਕਿ ਇਹ ਬਹੁਤ ਦੁੱਖ ਦੀ ਗੱਲ ਹੈ ਕਿ ਜਿਸ ਤਰ੍ਹਾਂ ਜੰਮੂ-ਕਸ਼ਮੀਰ ਵਿੱਚ ਇਹ ਘਟਨਾ ਵਾਪਰੀ ਹੈ, ਇਸ ਘਟਨਾ ਨੇ ਪੂਰੇ ਦੇਸ਼ ਨੂੰ ਹਿਲਾ ਕੇ ਰੱਖ ਦਿੱਤਾ ਹੈ। ਅੱਤਵਾਦੀਆਂ ਦਾ ਮਕਸਦ ਕਸ਼ਮੀਰ ਵਿੱਚ ਦਹਿਸ਼ਤ ਦਾ ਮਾਹੌਲ ਬਣਾਉਣਾ ਹੈ ਤਾਂ ਜੋ ਸੈਲਾਨੀ ਉੱਥੇ ਨਾ ਜਾਣ ਅਤੇ ਉਹ ਇੱਕ ਵਾਰ ਫਿਰ ਕਸ਼ਮੀਰੀਆਂ ਨੂੰ ਗੁੰਮਰਾਹ ਕਰ ਸਕਣ ਅਤੇ ਉਨ੍ਹਾਂ ਨੂੰ ਪੱਥਰਬਾਜ਼ ਜਾਂ ਅੱਤਵਾਦੀ ਬਣਾ ਸਕਣ, ਜਿਸ ਨੂੰ ਦੇਸ਼ ਕਦੇ ਵੀ ਬਰਦਾਸ਼ਤ ਨਹੀਂ ਕਰੇਗਾ। ਪਰਮਜੀਤ ਸਿੰਘ ਪੰਮਾ ਅਤੇ ਰਾਕੇਸ਼ ਯਾਦਵ ਨੇ ਕੇਂਦਰ ਸਰਕਾਰ ਤੋਂ ਮੰਗ ਕੀਤੀ ਹੈ ਕਿ ਅੱਤਵਾਦ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇ। ਤਾਂ ਜੋ ਭਵਿੱਖ ਵਿੱਚ ਅਜਿਹੀ ਕੋਈ ਘਟਨਾ ਨਾ ਵਾਪਰ ਸਕੇ ਅਤੇ ਅੱਤਵਾਦੀਆਂ ਨੂੰ ਚੋਣਵੇਂ ਢੰਗ ਨਾਲ ਮਾਰਿਆ ਜਾਣਾ ਚਾਹੀਦਾ ਹੈ। ਇਸ ਮੌਕੇ ਫੈਡਰੇਸ਼ਨ ਦੇ ਸੀਨੀਅਰ ਮੀਤ ਪ੍ਰਧਾਨ ਭਾਰਤ ਭੂਸ਼ਣ ਗੋਗੀਆ, ਖਜ਼ਾਨਚੀ ਦੀਪਕ ਮਿੱਤਲ, ਮੀਤ ਪ੍ਰਧਾਨ ਰਮੇਸ਼ ਸਚਦੇਵਾ, ਜਾਣੇ ਆਲਮ, ਵਪਾਰੀ ਆਗੂ ਰੋਸ਼ਨ ਲਾਲ ਆਨੰਦ, ਹਰਜੀਤ ਸਿੰਘ ਛਾਬੜਾ, ਸੁਨੀਲ ਪੁਰੀ ਅਤੇ ਹੋਰ ਵੀ ਕਈ ਵਪਾਰੀ ਹਾਜ਼ਰ ਸਨ। ਸਾਰਿਆਂ ਨੇ ਉੱਥੇ ਮਾਰੇ ਗਏ ਲੋਕਾਂ ਦੀ ਆਤਮਾ ਦੀ ਸ਼ਾਂਤੀ ਲਈ ਅਰਦਾਸ ਕੀਤੀ।

### ਪਹਿਲਗਾਮ ਵਿੱਚ ਮਾਨਵਤਾ ਦਾ ਦਰਦਨਾਕ ਕਤਲੇਆਮ

# ਦੋਸ਼ੀਆਂ ਵਿਰੁੱਧ ਸਖਤ ਕਾਰਵਾਈ ਦੀ ਮੰਗ- ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਯੂਕੇ



**ਨਵੀਂ ਦਿੱਲੀ, 23 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ)**:- ਬੀਤੇ ਦਿਨ ਪਹਿਲਗਾਮ (ਜੰਮੂ-ਕਸ਼ਮੀਰ, ਭਾਰਤ) ਵਿੱਚ ਹਥਿਆਰਬੰਦ ਲੋਕਾਂ ਵੱਲੋਂ ਆਮ ਨਿਰਦੋਸ਼ ਲੋਕਾਂ ਉੱਪਰ ਕੀਤੀ ਫਾਇਰਿੰਗ ਦੌਰਾਨ ਹੁਣ ਤੱਕ 26 ਮੌਤਾਂ ਦੀ ਪੁਸ਼ਟੀ ਹੋ ਚੁੱਕੀ ਹੈ, ਜ਼ਖ਼ਮੀਆਂ ਵਿਚੋਂ ਕੁੱਝ ਲੋਕਾਂ ਦੀ ਹਾਲਤ ਨਾਜ਼ੁਕ ਹੈ ਮੌਤਾਂ ਦੀ ਗਿਣਤੀ ਵੱਧਣ ਦੀ ਅਸ਼ੰਕਾ ਹੈ। ਹਮਲੇ ਤੋਂ ਬਾਅਦ ਭਾਰਤ ਦੇ ਗ੍ਰਹਿ ਮੰਤਰੀ ਜੰਮੂ-ਕਸ਼ਮੀਰ ਵਿੱਚ ਹਨ ਅਤੇ ਭਾਰਤ ਦੇ ਪ੍ਰਧਾਨ ਮੰਤਰੀ ਆਪਣਾ ਸਾਊਦੀ ਅਰਬ ਦਾ ਦੌਰਾ ਖਤਮ ਕਰਕੇ ਭਾਰਤ ਆ ਗਏ ਹਨ। ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਯੂਕੇ ਇਕਾਈ ਦੇ ਮੁੱਖ ਸੇਵਾਦਾਰ ਸਰਬਜੀਤ ਸਿੰਘ, ਸੀਨੀਅਰ ਮੀਤ ਪ੍ਰਧਾਨ ਮਨਜੀਤ ਸਿੰਘ ਸਮਰਾ, ਜਨਰਲ ਸਕੱਤਰ ਸਤਿੰਦਰਪਾਲ ਸਿੰਘ ਮੰਗੂਵਾਲ, ਆਰਗੇਨਾਈਜਰ ਪਰੀਤਕਮਲ ਸਿੰਘ ਸਮੇਤ ਸਮੂਹ ਅਹੁਦੇਦਾਰਾਂ ਅਤੇ ਮੈਂਬਰਾਂ ਨੇ ਮਾਨਵਤਾ ਦੇ ਇਸ ਦਰਦਨਾਕ ਘਟਨਾ ਤੇ ਗਹਿਰਾ ਦੁੱਖ ਅਤੇ ਸਮੂਹ ਪੀੜਤ ਪਰਿਵਾਰਾਂ ਨਾਲ ਹਮਦਰਦੀ ਦਾ ਪ੍ਰਗਟਾਵਾ ਕਰਦੇ ਹੋਏ ਕਿਹਾ ਕਿ ਇਸਦੀ ਨਿਰਪੱਖ ਜਾਂਚ ਕਰਕੇ ਇਸ ਲਈ ਜਿੰਮੇਵਾਰਾਂ ਉੱਪਰ ਸਖਤ ਕਾਰਵਾਈ ਹੋਣੀ ਚਾਹੀਦੀ ਹੈ। ਜਿਕਰਯੋਗ ਹੈ ਕਿ ਇਸ ਸਮੇਂ ਅਮਰੀਕਾ ਦੇ ਉਪ ਰਾਸ਼ਟਰਪਤੀ ਆਪਣੇ ਪਰਿਵਾਰ ਸਮੇਤ ਭਾਰਤ ਦੌਰੇ 'ਤੇ ਹਨ ਕੀ ਇਸਨੂੰ ਮਹਿਜ ਸੰਯੋਗ ਹੀ ਸਮਝਿਆ ਜਾਵੇ ਕਿ ਕੁੱਝ ਸਾਲ ਪਹਿਲਾਂ ਅਮਰੀਕਾ ਦੇ ਉਸ ਸਮੇਂ ਦੇ ਰਾਸ਼ਟਰਪਤੀ ਮਿ: ਬਿਲ ਕਲਿੰਟਨ ਦੇ ਭਾਰਤ ਦੌਰੇ ਸਮੇਂ ਚਿੱਠੀ ਸਿੰਘ ਪੁਰਾ (ਜੰਮੂ-ਕਸ਼ਮੀਰ) ਵਿੱਚ ਬੇਗੁਨਾਹਾਂ ਦਾ ਦਰਦਨਾਕ ਕਤਲੇਆਮ ਹੋਇਆ ਸੀ। ਮਿ: ਕਲਿੰਟਨ ਨੇ ਇਸ ਬਾਰੇ ਲਿਖਿਆ ਵੀ ਸੀ ਕਿ ਜੇ ਉਹ ਭਾਰਤ ਦੌਰੇ 'ਤੇ ਨਾਂ ਜਾਂਦੇ ਤਾਂ ਸ਼ਾਇਦ ਉਨ੍ਹਾਂ ਲੋਕਾਂ ਦੀ ਇੰਞ ਜਾਨ ਨਾਂ ਜਾਂਦੀ, ਪਰ ਅਫਸੋਸ ਕੇ ਇਸ ਇੰਕਸ਼ਾਫ ਨੂੰ ਵੀ ਗੰਭੀਰਤਾ ਨਾਲ ਨਹੀਂ ਲਿਆ ਗਿਆ, ਨਾਂ ਹੀ ਅਸਲ ਸੱਚ ਸਾਹਮਣੇ ਆਇਆ, ਨਾਂ ਸਹੀ ਅਰਥਾਂ ਵਿੱਚ ਇਨਸਾਫ ਮਿਲਿਆ। ਜੰਮੂ-ਕਸ਼ਮੀਰ ਵਿੱਚੋਂ ਧਾਰਾ 370 ਖਤਮ ਕਰਕੇ ਅਤੇ ਰਾਜ ਦਾ ਦਰਜਾ ਖਤਮ ਕਰਕੇ ਪਰਚਾਰਿਆ ਜਾ ਰਿਹਾ ਸੀ ਕੇ ਅੱਤਵਾਦ ਦਾ ਲੱਕ ਤੋੜ ਦਿੱਤਾ ਹੈ ਅਤੇ ਹਰ ਗੱਲ ਦਾ ਹੱਲ ਕਰ ਦਿੱਤਾ ਹੈ, ਪਰ ਜੋ ਉੱਥੇ ਹੋ ਰਿਹਾ ਹੈ ਉਸ ਨਾਲ ਸਰਕਾਰੀ ਦਾਅਵੇ ਖੋਖਲੇ ਜਾਪਦੇ ਹਨ। ਹੁਕਮਰਾਨ ਹਰ ਖਬਰ ਹੋਣ ਦੇ ਦਾਅਵੇ ਕਰਦੇ ਰਹਿੰਦੇ ਹਨ ਪਰ ਪੁਲਵਾਮਾ ਵਰਗੇ ਹਮਲੇ ਹੋ ਜਾਂਦੇ ਹਨ। ਹੁਕਮਰਾਨ ਤਾਂ ਲੋਕਾਂ ਦੇ ਟੈਕਸਾਂ ਦੇ ਪੈਸੇ ਨਾਲ ਉੱਚ ਦਰਜਾ ਸੁਰੱਖਿਆ ਵਿੱਚ ਅਤਿ ਅਰਾਮਦਾਇਕ ਸੁੱਖ ਸਹੂਲਤਾਂ ਮਾਣਦੇ ਹਨ ਪਰ ਦੇਸ਼ ਦੇ ਨਾਗਰਿਕ ਮੰਦਹਾਲੀ ਵਿੱਚ ਜੀਵਨ ਬਸਰ ਕਰਦੇ ਹੋਏ ਇੰਞ ਜਾਨਾਂ ਗਵਾ ਰਹੇ ਹਨ ਜਦਕਿ ਮੌਜੂਦਾ ਹੁਕਮਰਾਨਾਂ ਨੂੰ ਸਹੀ ਅਰਥਾਂ ਵਿੱਚ ਆਪਣਾ ਰਾਜ ਧਰਮ ਨਿਭਾਉਣ ਦੀ ਸਖ਼ਤ ਲੋੜ ਹੈ।

### ਪਹਿਲਗਾਮ ਕਤਲੇਆਮ ਘੱਟ ਗਿਣਤੀਆਂ ਨੂੰ ਮਾਰਨ ਦੀ ਬੁਨਿਆਦ- ਬਾਬਾ ਹਰਦੀਪ ਸਿੰਘ ਮਹਿਰਾਜ

# 25 ਸਾਲ ਪਹਿਲਾਂ 36 ਨਿਰਦੋਸ਼ ਸਿੱਖਾਂ ਦੀ ਹੱਤਿਆ ਵੀ ਇਸੇ ਕੜ੍ਹੀ ਦਾ ਸੀ ਹਿੱਸਾ



**ਨਵੀਂ ਦਿੱਲੀ, 23 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ)**-ਪਹਿਲਗਾਮ 'ਚ 26 ਨਿਰਦੋਸ਼ ਸੈਲਾਨੀਆਂ ਦਾ ਕਤਲੇਆਮ ਇਕ ਭਿਆਨਕ ਵਰਤਾਰਾ ਅਤੇ ਹਕੂਮਤ 'ਤੇ ਇਕ ਕਲੰਕ ਹੈ, ਅਸਲ 'ਚ ਮੁਸਲਮਾਨਾਂ ਸਮੇਤ ਘੱਟ ਗਿਣਤੀਆਂ ਨੂੰ ਉਜਾੜਨ, ਮਾਰਨ, ਉਹਨਾਂ ਦੇ ਧਾਰਮਿਕ ਸਥਾਨ ਤਬਾਹ ਕਰਨ ਦੀ ਇੱਕ ਬੁਨਿਆਦ ਤੇ ਕੜੀ ਤਹਿਤ ਕਰਵਾਇਆ ਗਿਆ ਅਣਮਨੁੱਖੀ ਤੇ ਸਾਜ਼ਿਸੀ ਕਾਰਾ ਹੈ। ਇਹ ਬਿਲਕੁੱਲ ਉਸ ਤਰ੍ਹਾਂ ਹੀ ਜਿਵੇਂ ਸਿੱਖਾਂ ਦਾ ਕਤਲੇਆਮ ਕਰਵਾਇਆ ਗਿਆ ਸੀ। ਸਟੇਟ ਇਕ ਤੀਰ ਨਾਲ ਕਈ ਸ਼ਿਕਾਰ ਕਰ ਰਹੀ ਹੈ, ਇਸ ਤੋਂ ਬਾਅਦ ਭਵਿੱਖ 'ਚ ਘੱਟ ਗਿਣਤੀਆਂ ਨੂੰ ਖ਼ਤਮ ਕਰਨ ਦੇ ਵਰਤਾਰੇ ਨੂੰ ਪਹਿਲਗਾਮ 'ਚ ਸੈਲਾਨੀਆਂ ਦੇ ਕਤਲੇਆਮ ਰਾਹੀ ਹਮਦਰਦੀ ਵਟੋਰਨ ਦੀ ਤਾਕ 'ਚ ਹੈ, ਕਿਉਂਕਿ ਇਸ ਤੋਂ ਪਹਿਲਾਂ ਵਿਦੇਸ਼ਾਂ 'ਚ ਸਿੱਖਾਂ ਦੇ ਕਤਲੇਆਮ ਖਾਸ ਕਰਕੇ ਭਾਈ ਨਿੱਝਰ ਦੀ ਸ਼ਹੀਦੀ ਹਿੰਦ ਸਟੇਟ ਲਈ ਗਲ਼ ਦੀ ਹੱਡੀ ਬਣੀ ਹੋਈ ਹੈ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਦਲ ਖ਼ਾਲਸਾ ਦੇ ਆਗੂ ਬਾਬਾ ਹਰਦੀਪ ਸਿੰਘ ਮਹਿਰਾਜ, ਸੀਨੀਅਰ ਪੱਤਰਕਾਰ ਬਲਜਿੰਦਰ ਸਿੰਘ ਤੇ ਜਥੇਬੰਦੀ ਦੇ ਆਗੂਆਂ ਨੇ ਜਾਰੀ ਇਕ ਪ੍ਰੈਸ ਨੋਟ ਵਿੱਚ ਕੀਤਾ। ਦਲ ਖ਼ਾਲਸਾ ਦੀ ਕੇਂਦਰੀ ਵਰਕਿੰਗ ਕਮੇਟੀ ਮੈਂਬਰ ਭਾਈ ਗੁਰਵਿੰਦਰ ਸਿੰਘ ਬਠਿੰਡਾ, ਕਾਰਜਕਾਰੀ ਪ੍ਰਧਾਨ ਜੀਵਨ ਸਿੰਘ ਗਿੱਲ ਕਲਾਂ, ਭਾਈ ਰਾਮ ਸਿੰਘ ਢਪਾਲੀ, ਭਾਈ ਭਗਵਾਨ ਸਿੰਘ ਸੰਧੂ ਖੁਰਦ ਨੇ ਕਿਹਾ ਕਿ ਸੰਨ 2000 ਵਿੱਚ ਉਸ ਸਮੇਂ ਦੇ ਅਮਰੀਕੀ ਰਾਸਟਰਪਤੀ ਬਿਲ ਕਲਿੰਟਣ ਦੇ ਭਾਰਤੀ ਦੌਰੇ ਦੌਰਾਨ ਚਿੱਠੀ ਸਿੰਘਪੁਰਾ ਵਿੱਚ 36 ਨਿਰਦੋਸ਼ ਸਿੱਖਾਂ ਦੀ ਹੱਤਿਆ ਕੀਤੀ ਗਈ ਸੀ ਜਿਸ 'ਤੇ ਬਿਲ ਕਲਿੰਟਣ ਨੇ ਮਾਯੂਸ ਹੁੰਦਿਆ ਬਿਆਨ ਦਿੱਤਾ ਸੀ ਕਿ ਜੇ ਉਹ ਭਾਰਤ ਨਾ ਆਉਂਦੇ ਤਾਂ 36 ਨਿਰਦੋਸ਼ ਸਿੱਖਾਂ ਦੀ ਜਾਨ ਬਚ ਜਾਣੀ ਸੀ ਤੇ ਇਸ ਵੇਲੇ ਵੀ ਅਮਰੀਕਾ ਦਾ ਉਪ ਰਾਸਟਰਪਤੀ ਭਾਰਤੀ ਦੌਰੇ 'ਤੇ ਹੈ। ਇਸ ਕਤਲੇਆਮ ਤੇ ਪੁਲਵਾਮਾ ਹਮਲੇ ਦੀ ਨਿਰਪੱਖਤਾ ਨਾਲ ਕੋਈ ਜਾਂਚ ਨਹੀਂ ਹੋਈ, ਕਿਉਂਕਿ ਹਿੰਦ ਹਕੂਮਤ ਨਿਰਦੋਸ਼ ਲੋਕਾਂ ਦੇ ਕਲਤੇਆਮ ਕਰਵਾ ਕੇ 'ਦੇਸ਼ ਦੀ ਏਕਤਾ', 'ਰਾਸਟਰ ਦੀ ਰੱਖਿਆ', 'ਅੱਤਵਾਦ ਦਾ ਖਾਤਮਾ' ਦਾ ਪ੍ਰਚਾਰ ਕਰਕੇ ਤੇ ਇਸ ਦੇ ਨਾਂ 'ਤੇ ਮੁਸਲਮਾਨਾਂ, ਸਿੱਖਾਂ, ਹੱਕ ਮੰਗਦੀ ਜਨਤਾ, ਕਾਰਪੋਰੇਟ ਤੋਂ ਦੁਖੀ ਵਰਗ, ਆਦਿ ਵਾਸੀਆਂ ਤੇ ਹੋਰ ਘੱਟ ਗਿਣਤੀਆਂ ਦਾ ਵਢਾਗਾ ਕਰਨ ਦੀ ਤਿਆਰੀ ਵਿੱਚ ਹੈ। ਉਹਨਾਂ ਕਿਹਾ ਕਿ ਲੋਕਾਂ ਦੀ ਮਾਨਸਿਕਤਾ 'ਚ ਫਿਰਕੂ ਨਫ਼ਰਤ, ਧਰਮਾਂ ਪ੍ਰਤੀ ਜ਼ਿਹਰ ਭਰਨ ਦਾ ਕੰਮ ਰਾਸਟਰਵਾਦੀ ਮੀਡੀਆ ਆਪਣੀ ਮਾਰੂ ਭੂਮਿਕਾ ਨਿਭਾਅ ਕੇ ਕਰ ਰਿਹਾ ਹੈ। ਉਹਨਾਂ ਕਿਹਾ ਕਿ ਜਿਥੇ ਅਸੀਂ ਵਾਹਿਗੁਰੂ ਅੱਗੇ ਨਿਰਦੋਸ਼ ਆਮ ਲੋਕਾਂ ਦੀਆਂ ਆਤਮਾ ਨੂੰ ਆਪਣੇ ਚਰਨਾਂ 'ਚ ਨਿਵਾਸ ਬਖ਼ਸਣ, ਅੱਗੇ ਤੋਂ ਅਜਿਹਾ ਕਤਲੇਆਮ ਨਾ ਹੋਣ ਦੀ ਅਰਦਾਸ ਕਰਦੇ ਹਾਂ, ਦੂਜੇ ਪਾਸੇ ਆਮ ਲੋਕਾਈ ਨੂੰ ਵੀ ਇਸ ਨੂੰ ਸੂਖਮਤਾ ਤੇ ਡੂੰਘਾਈ ਨਾਲ ਵੇਖਣ ਤੇ ਸਮਝਣ ਦੀ ਅਪੀਲ ਕਰਦੇ ਹਾਂ।

# ਖਾਲਸਾ ਕਾਲਜੀਏਟ ਮਹਿਤਾ ਵਿਖੇ ਧਰਤੀ ਦਿਵਸ ਮਨਾਇਆ



**ਚੌਕ ਮਹਿਤਾ, 23 ਅਪ੍ਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ)**- ਦਮਦਮੀ ਟਕਸਾਲ ਦੇ ਮੌਜੂਦਾ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ਼੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਜੀ ਦੀ ਰਹਿਨੁਮਾਈ ਹੇਠ ਚੱਲ ਰਹੇ ਵਿਦਿਅਕ ਅਦਾਰੇ ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਕਾਲਜੀਏਟ ਮਹਿਤਾ ਵਿਖੇ ਧਰਤੀ ਦਿਵਸ ਮਨਾਇਆ ਗਿਆ। ਜਿਸ ਵਿੱਚ ਵਿਦਿਆਰਥੀਆਂ ਨੇ ਭਾਸ਼ਣ, ਕਵਿਤਾਵਾਂ, ਸਲੋਗਨ, ਚਾਰਟ ਰਾਹੀਂ ਵਾਤਾਵਰਨ ਨੂੰ ਸੁਰੱਖਿਅਤ ਕਰਨ ਸਬੰਧੀ ਆਪਣੇ ਵਿਚਾਰ ਪੇਸ਼ ਕੀਤੇ । ਇਸ ਅਵਸਰ 'ਤੇ ਪ੍ਰਿੰਸੀਪਲ ਗੁਰਦੀਪ ਸਿੰਘ ਜਲਾਲ ਉਸਮਾ ਨੇ ਬੱਚਿਆਂ ਦੀ ਹੌਸਲਾ ਅਫਜਾਈ ਕੀਤੀ । ਪ੍ਰਿੰਸੀਪਲ ਸਾਹਿਬ ਨੇ ਕਿਹਾ ਕਿ ਪਾਣੀ, ਹਵਾ, ਬਿਜਲੀ ਅਤੇ ਧਰਤੀ ਜੀਵਨ ਦੀਆਂ ਮੁੱਢਲੀਆਂ ਲੋੜਾਂ ਹਨ ।ਇਸ ਲਈ ਇਹਨਾਂ ਨੂੰ ਦੂਸ਼ਿਤ ਹੋਣ ਤੋਂ ਬਚਾਉਣਾ ਹੋਵੇਗਾ। ਉਹਨਾਂ ਸਾਰਿਆਂ ਨੂੰ ਵੱਧ ਤੋਂ ਵੱਧ ਰੁੱਖ ਲਗਾਉਣ, ਪਾਣੀ ਦੀ ਘੱਟ ਵਰਤੋ ਕਰਨ ਲਈ ਪ੍ਰੇਰਿਤ ਕੀਤਾ ਤੇ ਸਾਰਿਆਂ ਨੂੰ ਧਰਤੀ ਦਿਵਸ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ। ਇਸ ਮੌਕੇ ਕਾਲਜ ਪ੍ਰਿੰਸੀਪਲ ਗੁਰਦੀਪ ਸਿੰਘ ਜਲਾਲ ਉਸਮਾ, ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ, ਪ੍ਰਿੰਸੀਪਲ ਜਤਿੰਦਰ ਸ਼ਰਮਾ, ਕਾਲਜ ਸੁਪਰਡੈਂਟ ਕੁਲਦੀਪ ਕੌਰ, ਸੁਖਦੇਵ ਸਿੰਘ, ਸੁਖਜੀਤ ਸਿੰਘ, ਮਨਪ੍ਰੀਤ ਕੌਰ, ਬਲਜੀਤ ਕੌਰ, ਰਿਤਿਕਾ ਅਤੇ ਕਾਬਲ ਸਿੰਘ ਆਦਿ ਹਾਜ਼ਰ ਸਨ।

# ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਵੱਲੋਂ ਪ੍ਰਿੰਸੀਪਲ ਰਘਬੀਰ ਸਿੰਘ ਸੋਹਲ ਦੀ ਪੁਸਤਕ "ਤੁਸੀਂ ਕਿਉਂ ਆਏ ਨਾ" ਲੋਕ ਅਰਪਿਤ ਸਮਾਗਮ 27 ਨੂੰ

## ਜੱਸ, ਰਾਜਨ ਅਤੇ ਕੜਿਆਲਵੀ ਵੱਖ ਵੱਖ ਐਵਾਰਡਾਂ ਨਾਲ ਹੋਣਗੇ ਸਨਮਾਨਿਤ



ਜਸਵੰਤ ਸਿੰਘ ਜੱਸ | ਸ਼ੇਲਿੰਦਰਜੀਤ ਸਿੰਘ ਰਾਜਨ | ਗੁਰਮੀਤ ਕੜਿਆਲਵੀ

**ਬਾਬਾ ਸੁਖਵੰਤ ਸਿੰਘ ਚੰਨਣਕੇ/ਚੌਕ ਮਹਿਤਾ, 23 ਅਪ੍ਰੈਲ**-ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਵੱਲੋਂ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਸਹਿਯੋਗ ਨਾਲ ਪੰਜਾਬੀ ਮਾਂ ਬੋਲੀ ਨੂੰ ਸਮਰਪਿਤ ਇਕ ਸਾਹਿਕ ਸਮਾਗਮ ਮਿਤੀ 27 ਅਪ੍ਰੈਲ 2025, ਦਿਨ ਐਤਵਾਰ, ਸਵੇਰੇ 10.30 ਵਜੇ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਇੰਟਰਨੈਸ਼ਨਲ ਪਬਲਿਕ ਸਕੂਲ, ਪਿੰਡ ਚੂੰਗ (ਨੇੜੇ ਚੌਂਕ ਮਹਿਤਾ) ਵਿਖੇ ਕਰਵਾਇਆ ਜਾ ਰਿਹਾ ਹੈ । ਇਸ ਸਬੰਧੀ ਜਾਣਕਾਰੀ ਦਿੰਦਿਆਂ ਪ੍ਰਿੰਸੀਪਲ ਤੇਜਬੀਰ ਸਿੰਘ ਸੋਹਲ, ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਦੇ ਪ੍ਰਧਾਨ ਸੰਤੋਖ ਸਿੰਘ ਗੁਰਾਇਆ, ਖਜ਼ਾਨਚੀ ਮਾ: ਮਨਜੀਤ ਸਿੰਘ ਵੱਸੀ ਨੇ ਦੱਸਿਆ ਹੈ ਕਿ ਇਸ ਮੌਕੇ ਸਭਾ ਦੇ ਸਰਪ੍ਰਸਤ ਪ੍ਰਿੰਸੀਪਲ ਰਘਬੀਰ ਸਿੰਘ ਸੋਹਲ ਦੀ ਪੁਸਤਕ "ਤੁਸੀਂ ਕਿਉਂ ਆਏ ਨਾ" ਲੋਕ ਅਰਪਿਤ ਕੀਤੀ ਜਾਵੇਗੀ, ਜਦਕਿ ਇਸ ਮੌਕੇ ਉੱਘੇ ਪੱਤਰਕਾਰ ਅਤੇ ਅਦਾਕਾਰ ਸ: ਜਸਵੰਤ ਸਿੰਘ ਜੱਸ ਨੂੰ ਵਿਦਵਾਨ ਲੇਖਕ ਪ੍ਰਿੰ: ਸੇਵਾ ਸਿੰਘ ਕੌੜਾ ਯਾਦਗਾਰੀ ਐਵਾਰਡ, ਕੇਂਦਰੀ ਪੰਜਾਬੀ ਲੇਖਕ ਸਭਾ ਦੇ ਮੀਤ ਪ੍ਰਧਾਨ ਸ: ਸ਼ੇਲਿੰਦਰਜੀਤ ਸਿੰਘ ਰਾਜਨ ਨੂੰ ਹਾਸਰਸ ਕਵੀ ਸੂਬਾ ਸਿੰਘ ਯਾਦਗਾਰੀ ਐਵਾਰਡ ਅਤੇ ਉੱਘੇ ਕਹਾਣੀਕਾਰ ਸ੍ਰੀ ਗੁਰਮੀਤ ਕੜਿਆਲਵੀ ਨੂੰ ਹਾਸਰਸ ਕਵੀ ਸੂਬਾ ਸਿੰਘ ਯਾਦਗਾਰੀ ਐਵਾਰਡ ਨਾਲ ਸਨਮਾਨਿਤ ਕੀਤਾ ਜਾਵੇਗਾ । ਇਸ ਸਮਾਗਮ ਵਿੱਚ ਉੱਘੇ ਹਾਸ-ਵਿਅੰਗ ਲੇਖਕ ਸ੍ਰੀ ਕੇ.ਐਲ. ਗਰਗ ਮੁੱਖ ਮਹਿਮਾਨ ਵਜੋਂ ਪੁਜਣਗੇ, ਜਦਕਿ ਹਾਜ਼ਰੀਨ ਕਵੀਆਂ ਵੱਲੋਂ ਕਵਿਤਾ ਪਾਠ ਕੀਤਾ ਜਾਵੇਗਾ ।

# ਹਠੂਰ ਦੇ ਆਈਡੀਅਲ ਕੌਨਵੈਂਟ ਸਕੂਲ ਵਿਖੇ ਵਿਸ਼ਵ ਪੁਸਤਕ ਦਿਵਸ ਮਨਾਇਆ

## ਗਿਆਨ ਪ੍ਰਾਪਤ ਕਰਨ ਲਈ ਕਿਤਾਬਾਂ ਨਾਲ ਜੁੜਨਾ ਬਹੁਤ ਜ਼ਰੂਰੀ ਹੈ : ਮੈਡਮ ਮਨਪ੍ਰੀਤ ਕੌਰ



**ਜਗਰਾਉਂ -(ਵਰਿਆਮ ਹਠੂਰ)**-ਇਤਿਹਾਸਕ ਕਸਬਾ ਹਠੂਰ ਦੇ ਆਈਡੀਅਲ ਕੌਨਵੈਂਟ ਸਕੂਲ ਵਿਖੇ ਵਿਸ਼ਵ ਪੁਸਤਕ ਦਿਵਸ ਮਨਾਇਆ ਗਿਆ, ਸਕੂਲ ਦੇ ਬੱਚਿਆਂ ਨੂੰ ਵਾਇਸ ਪ੍ਰਿੰਸੀਪਲ ਮੈਡਮ ਮਨਪ੍ਰੀਤ ਕੌਰ ਧਾਲੀਵਾਲ ਨੇ ਵਿਸ਼ਵ ਪੁਸਤਕ ਦਿਵਸ ਮੌਕੇ ਜਾਣਕਾਰੀ ਦਿੰਦਿਆਂ ਕਿਹਾ ਕਿ ਸਾਨੂੰ ਗਿਆਨ ਪ੍ਰਾਪਤ ਕਰਨ ਲਈ ਕਿਤਾਬਾਂ ਨਾਲ ਜੁੜਨਾ ਬੇਹੱਦ ਜ਼ਰੂਰੀ ਹੈ। ਸਾਨੂੰ ਕਿਸੇ ਵੀ ਇਤਿਹਾਸ ਬਾਰੇ ਜਾਨਣਾ ਹੈ। ਜਾਂ ਗਿਆਨ ਦੀ ਪ੍ਰਾਪਤੀ ਲਈ ਕਿਤਾਬਾਂ ਪੜ੍ਹਨੀਆਂ ਚਾਹੀਦੀਆਂ ਹਨ। ਇਤਿਹਾਸਕ, ਸਹਿਤਕ, ਧਾਰਮਿਕ, ਮਨੋਰੰਜਨ, ਕਿਤਾਬਾਂ ਸਾਡੇ ਗਿਆਨ ਵਿੱਚ ਵਾਧਾ ਕਰਨ ਲਈ ਅਹਿਮ ਭੂਮਿਕਾ ਨਿਭਾਉਂਦੀਆਂ ਹਨ। ਵਾਈਸ ਪ੍ਰਿੰਸੀਪਲ ਮੈਡਮ ਮਨਪ੍ਰੀਤ ਕੌਰ ਧਾਲੀਵਾਲ ਨੇ ਅੱਗੇ ਕਿਹਾ ਕਿ ਕਿਤਾਬਾਂ ਪੜ੍ਹਕੇ ਹਾਸਿਲ ਕੀਤਾ ਹੋਇਆ ਤੁਹਾਡਾ ਗਿਆਨ ਕੋਈ ਵੀ ਚੁਰਾ ਨਹੀਂ ਸਕਦਾ, ਸਗੋਂ ਜਾਣਕਾਰੀ ਲਈ ਤੁਸੀਂ ਇਸ ਨੂੰ ਅੱਗੇ ਵੰਡ ਸਕਦੇ ਹੋ, ਅੱਜ ਵਿਸ਼ਵ ਪੁਸਤਕ ਦਿਵਸ ਮੌਕੇ ਆਈਡੀਅਲ ਕੌਨਵੈਂਟ ਸਕੂਲ ਹਠੂਰ ਵੱਲੋਂ ਤੁਹਾਨੂੰ ਪੜ੍ਹਾਈ ਦੇ ਨਾਲ ਨਾਲ ਚੰਗੀਆਂ ਕਿਤਾਬਾਂ ਨਾਲ ਜੁੜਨ ਦਾ ਹਰ ਵਾਰ ਦੀ ਤਰ੍ਹਾਂ ਸੱਦਾ ਦੇ ਰਹੇ ਹਾਂ, ਜਿੱਥੇ ਸਕੂਲ ਵੱਲੋਂ ਤੁਹਾਨੂੰ ਸਮੇਂ ਸਮੇਂ ਤੇ ਜਾਣਕਾਰੀ ਮੁਹਈਆ ਕਰਵਾਈ ਜਾਂਦੀ ਹੈ। ਉੱਥੇ ਚੰਗੀਆਂ ਕਿਤਾਬਾਂ ਨੂੰ ਆਪਣੇ ਜੀਵਨ ਦਾ ਹਿੱਸਾ ਜ਼ਰੂਰ ਬਣਾਓ, ਤਾਂ ਜੋ ਤੁਹਾਡੇ ਗਿਆਨ ਵਿੱਚ ਵਾਧਾ ਹੁੰਦਾ ਰਹੇ, ਅੰਤ ਵਿੱਚ ਉਨ੍ਹਾਂ ਸਕੂਲ ਸਟਾਫ਼ ਅਤੇ ਬੱਚਿਆਂ ਨੂੰ ਵਿਸ਼ਵ ਪੁਸਤਕ ਦਿਵਸ ਦੀਆਂ ਮੁਬਾਰਕਾਂ ਦਿੱਤੀਆਂ, ਤੇ ਚੰਗੀਆਂ ਕਿਤਾਬਾਂ ਪੜ੍ਹਨ ਲਈ ਪ੍ਰੇਰਿਤ ਕੀਤਾ।

# ਪਹਿਲਗਾਮ ਅੱਤਵਾਦੀ ਹਮਲਾ ਦੇਸ਼ ਦੀ ਪ੍ਰਭੂਸੱਤਾ 'ਤੇ ਹਮਲਾ: ਭੋਗਲ



**ਨਵੀਂ ਦਿੱਲੀ 23 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ)**:- ਜਥੇਦਾਰ ਕੁਲਦੀਪ ਸਿੰਘ ਭੋਗਲ, ਪ੍ਰਧਾਨ, ਆਲ ਇੰਡੀਆ ਦੰਗਾ ਪੀੜਤ ਰਾਹਤ ਕਮੇਟੀ 1984, ਨੇ ਪ੍ਰੈਸ ਨੂੰ ਦਿੱਤੇ ਇੱਕ ਬਿਆਨ ਵਿੱਚ ਕਿਹਾ ਕਿ ਪਹਿਲਗਾਮ ਵਿੱਚ ਹੋਏ ਅੱਤਵਾਦੀ ਹਮਲੇ ਦੀ ਪੂਰੀ ਨਿੰਦਾ ਹੋਣੀ ਚਾਹੀਦੀ ਹੈ। ਜਿਸ ਤਰ੍ਹਾਂ ਅੱਤਵਾਦੀਆਂ ਨੇ ਮਾਸੂਮ ਸੈਲਾਨੀਆਂ 'ਤੇ ਉਨ੍ਹਾਂ ਦੇ ਨਾਮ ਅਤੇ ਧਰਮ ਦੇ ਆਧਾਰ 'ਤੇ ਗੋਲੀਆਂ ਚਲਾਈਆਂ, ਉਸ ਤੋਂ ਸਪੱਸ਼ਟ ਹੈ ਕਿ ਇੱਕ ਖਾਸ ਧਰਮ ਦੇ ਲੋਕਾਂ ਨੂੰ ਨਿਸ਼ਾਨਾ ਬਣਾਇਆ ਗਿਆ ਸੀ। ਮੈਂ ਉਨ੍ਹਾਂ ਲੋਕਾਂ ਨੂੰ ਪੁੱਛਣਾ ਚਾਹੁੰਦਾ ਹਾਂ ਜੋ ਇਨ੍ਹਾਂ ਅੱਤਵਾਦੀਆਂ ਨੂੰ ਉਤਸ਼ਾਹਿਤ ਕਰਦੇ ਹਨ ਕਿ ਕੀ ਉਨ੍ਹਾਂ ਦਾ ਧਰਮ ਇਹ ਸਿਖਾਉਂਦਾ ਹੈ ਕਿ ਦੂਜੇ ਧਰਮਾਂ ਦੇ ਲੋਕਾਂ ਨੂੰ ਇਸ ਤਰ੍ਹਾਂ ਵਹਿਸ਼ੀ ਢੰਗ ਨਾਲ ਮਾਰਿਆ ਜਾਣਾ ਚਾਹੀਦਾ ਹੈ। ਮੈਂ ਭਾਰਤ ਸਰਕਾਰ ਨੂੰ ਅਪੀਲ ਕਰਦਾ ਹਾਂ ਕਿ ਇਨ੍ਹਾਂ ਅੱਤਵਾਦੀਆਂ ਨੂੰ ਅਜਿਹੀ ਸਜ਼ਾ ਦਿੱਤੀ ਜਾਵੇ ਕਿ ਇਸ ਮਾਨਸਿਕਤਾ ਵਾਲੇ ਲੋਕਾਂ ਦੀ ਆਤਮਾ ਕੰਬ ਜਾਵੇ ਅਤੇ ਉਹ ਭਵਿੱਖ ਵਿੱਚ ਅਜਿਹਾ ਕੰਮ ਨਾ ਕਰ ਸਕਣ। ਜਿਵੇਂ ਮੋਦੀ ਜੀ ਅੱਤਵਾਦੀਆਂ ਵਿਰੁੱਧ ਜ਼ੀਰੋ ਟਾਲਰੈਂਸ ਦੀ ਗੱਲ ਕਰਦੇ ਹਨ, ਹੁਣ ਸਮਾਂ ਆ ਗਿਆ ਹੈ ਕਿ ਇਸਨੂੰ ਲਾਗੂ ਕੀਤਾ ਜਾਵੇ ਅਤੇ ਇਨ੍ਹਾਂ ਅੱਤਵਾਦੀਆਂ ਨੂੰ ਸਖ਼ਤ ਤੋਂ ਸਖ਼ਤ ਸਜ਼ਾ ਦਿੱਤੀ ਜਾਵੇ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨੂੰ ਆਪਣਾ ਵਿਦੇਸ਼ ਦੌਰਾ ਵਿਚਕਾਰ ਹੀ ਛੱਡ ਕੇ ਭਾਰਤ ਵਾਪਸ ਆਉਣਾ ਪਿਆ ਅਤੇ ਗ੍ਰਹਿ ਮੰਤਰੀ ਘਟਨਾ ਤੋਂ ਤੁਰੰਤ ਬਾਅਦ ਮੌਕੇ 'ਤੇ ਪਹੁੰਚੇ ਅਤੇ ਪੀੜਤਾਂ ਦਾ ਹਾਲ-ਚਾਲ ਪੁੱਛਿਆ, ਜਿਸ ਤੋਂ ਸਪੱਸ਼ਟ ਹੁੰਦਾ ਹੈ ਕਿ ਸਰਕਾਰ ਇਸ ਮੁੱਦੇ 'ਤੇ ਚੁੱਪ ਨਹੀਂ ਰਹੇਗੀ ਅਤੇ ਅੱਤਵਾਦੀਆਂ ਨੂੰ ਢੁਕਵਾਂ ਜਵਾਬ ਮਿਲੇਗਾ ਕਿਉਂਕਿ ਹੁਣ ਦੇਸ਼ ਦੀ ਪ੍ਰਭੂਸੱਤਾ ਨਾਲ ਛੇੜਛਾੜ ਕੀਤੀ ਗਈ ਹੈ।

# ਪਹਿਲਗਾਮ ਵਿੱਚ ਨਾਗਰਿਕਾਂ ਦਾ ਕਤਲੋਗਾਰਦ ਨਿੰਦਣਯੋਗ—ਭੁੱਲਰ



ਫ਼ਿਰੋਜ਼ਪੁਰ, 23 ਅਪ੍ਰੈਲ (ਮਨੋਹਰ ਲਾਲ) :— ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਜ਼ਿਲ੍ਹਾ ਫ਼ਿਰੋਜ਼ਪੁਰ ਦੇ ਪ੍ਰਧਾਨ ਗੁਰਚਰਨ ਸਿੰਘ ਭੁੱਲਰ ਪਹਿਲਗਾਮ ਵਿਖੇ ਹੋਈ ਘਟਨਾ ਦੀ ਨਿੰਦਾ ਕਰਦੇ ਹੋਏ ਕਿਹਾ ਕਿ ਪਹਿਲਗਾਮ ਵਿੱਚ ਨਿਹੱਥੇ ਅਤੇ ਬੇਖਬਰ ਲੋਕਾਂ ਤੇ ਗੋਲੀਆਂ ਚਲਾ ਕੇ ਇਨਸਾਨੀਅਤ ਦਾ ਕਤਲੋਗਾਰਦ ਕਰਨਾ ਘੋਰ ਪਾਪ ਹੈ। ਉਨ੍ਹਾਂ ਕਿਹਾ ਕਿ ਬੇਦੋਸ਼ੇ ਲੋਕਾਂ ਨੂੰ ਮਾਰਨ ਵਾਲੇ ਇਨਸਾਨ ਨਹੀ ਇਨਸਾਨ ਦੇ ਰੂਪ ਵਿੱਚ ਭੇਡੀਏ ਹਨ। ਇਨ੍ਹਾਂ ਲੋਕਾਂ ਦੇ ਕਤਲਾਂ ਦੀ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਜ਼ਿਲ੍ਹਾ ਫ਼ਿਰੋਜ਼ਪੁਰ ਦੀ ਜੰਥੇਬੰਦੀ ਨਿਖੇਧੀ ਕਰਦੀ ਹੈ, ਉਹ ਲੋਕ ਜੋ ਇਹੋ ਜਿਹੇ ਕੰਮ ਕਰਦੇ ਹਨ ਇਨ੍ਹਾਂ ਬੇਦੋਸ਼ਿਆਂ ਦੇ ਕਤਲੋਗਾਰਦ ਕਰਕੇ ਅਰਾਮ ਨਾਲ ਨਹੀ ਸੋ ਸਕਦੇ। ਅੱਜ ਦੇਸ਼ ਲੋਕਾਂ ਦੀ ਜਾਨਮਾਲ ਦੀ ਰਾਖੀ ਨਹੀਂ ਕਰ ਰਿਹਾ ਜੋ ਸ਼ਰੇਆਮ ਜਾਤੀ ਦੇ ਨਾਮ ਤੇ ਕਤਲ ਕਰ ਰਹੇ ਹਨ, ਚਾਹੇ ਹਿੰਦੂ ਦਾ ਹੋਵੇ, ਚਾਹੇ ਸਿੱਖਾਂ ਦਾ ਹੋਵੇ ਚਾਹੇ ਮੁਸਲਮਾਨਾਂ ਦਾ ਹੋਵੇ ਚਾਹੇ ਈਸਾਈਆਂ ਦਾ ਹੋਵੇ ਹੁੰਦੇ ਤਾਂ ਦੇਸਾਂ ਵਿੱਚ ਹਨ। ਉਨ੍ਹਾਂ ਕਿਹਾ ਕਿ ਇੱਕ ਦੂਜੇ ਦੇਸ਼ ਤੇ ਮੜ ਕੇ ਕੋਈ ਦੇਸ਼ ਆਪਣੇ—ਆਪ ਨੂੰ ਬਰੀ ਨਹੀਂ ਕਰ ਸਕਦਾ ਕਿਉਂਕਿ ਉਨ੍ਹਾਂ ਦੇਸ਼ਾਂ ਦੀਆਂ ਏਜੰਸੀਆਂ, ਗੁਪਤ ਏਜੰਸੀਆਂ ਤਨਖਾਹ ਕਿਸ ਚੀਜ ਦੀਆਂ ਲੈ ਰਹੀਆਂ ਹਨ ਜਦੋਂ ਸੈਲਾਨੀ ਖੁਸ਼ੀ ਦੇ ਪਲ ਮਨਾਉਣ ਲਈ ਇਥੇ ਆਏ ਹੋਏ ਸਨ, ਉਨ੍ਹਾਂ ਦੀ ਜਾਨ—ਮਾਲ ਦੀ ਰਾਖੀ ਕਿਨੇ ਕਰਨੀ ਸੀ ਫਿਰ ਉਥੇ ਸੁਰੱਖਿਆ ਦਾ ਪ੍ਰਬੰਧ ਕਿਉਂ ਨਹੀਂ, ਇਨਸਾਨੀਅਤ ਦਾ ਗਲਾ ਘੁਟਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਦੂਸਰਾ ਦੇਸ਼ ਕਹਿ ਰਿਹਾ ਅਸੀਂ ਇਹ ਕੰਮ ਨਹੀਂ ਕੀਤਾ ਫਿਰ ਕਿਸ ਨੇ ਕੀਤਾ ਹੈ ਇਸ ਦੀ ਇਨਕੁਆਰੀ ਬਾਹਰਲੇ ਮੁਲਕਾਂ ਜਿਵੇ ਅਮਰੀਕਾ, ਕਨੇਡਾ, ਅਸਟ੍ਰੇਲੀਆ ਆਦਿ ਮੁਲਕਾਂ ਦੀਆਂ ਖੁਫੀਆ ਏਜੰਸੀਆਂ ਤੋਂ ਕਰਵਾਈ ਜਾਵੇ ਤਾਂ ਕਿ ਵਾਰ—ਵਾਰ ਜਾਤਾਂ ਦੇ ਨਾਮ ਤੇ ਇਹੋ ਜਿਹਾ ਨੰਗਾ ਨਾਚ ਨਾ ਹੋਵੇ ਤੇ ਕਿਸ ਦੀ ਜਾਣ ਨਾ ਜਾਵੇ ਲੋਕਾਂ ਸਹਾਮਣੇ ਚੇਹਰੇ ਨੰਗੇ ਹੋਣ।

### ਦੇਵ ਸਮਾਜ ਕਾਲਜ ਆਫ ਐਜੂਕੇਸ਼ਨ ਫਾਰ ਵੂਮੈਨ ਵਿੱਚ ਮੁਫ਼ਤ ਡੈਂਟਲ ਚੈੱਕਅੱਪ ਕੈਂਪ ਦਾ ਆਯੋਜਨ

# ਵਿਦਿਆਰਥਣਾਂ ਨੂੰ ਔਰਲ ਹਾਈਜੀਨ ਸੰਬੰਧੀ ਦਿੱਤੀ ਗਈ ਜਾਣਕਾਰੀ



**ਫ਼ਿਰੋਜ਼ਪੁਰ, 23 ਅਪ੍ਰੈਲ (ਮਨੋਹਰ ਲਾਲ) :—** ਫ਼ਿਰੋਜ਼ਪੁਰ ਸ਼ਹਿਰ ਵਿਖੇ ਸਥਿਤ ਦੇਵ ਸਮਾਜ ਕਾਲਜ ਆਫ ਐਜੂਕੇਸ਼ਨ ਫਾਰ ਵੂਮੈਨ ਵਿਚ ਬੁੱਧਵਾਰ ਨੂੰ ਜੇਨੇਸਿਸ ਡੈਂਟਲ ਕਾਲਜ ਵੱਲੋਂ ਮੁਫ਼ਤ ਦੰਦਾਂ ਦੀ ਜਾਂਚ ਅਤੇ ਜਾਗਰੂਕਤਾ ਕੈਂਪ ਲਗਾਇਆ ਗਿਆ। ਇਸ ਕੈਂਪ ਦਾ ਮਕਸਦ ਵਿਦਿਆਰਥਣਾਂ ਅਤੇ ਸਟਾਫ ਨੂੰ ਦੰਤ ਸਿਹਤ ਪ੍ਰਤੀ ਜਾਗਰੂਕ ਕਰਨਾ ਅਤੇ ਸਮੇਂ ਸਿਰ ਇਲਾਜ ਸਬੰਧੀ ਜਾਣਕਾਰੀ ਪ੍ਰਦਾਨ ਕਰਨੀ ਸੀ। ਕੈਂਪ ਦੌਰਾਨ ਜੇਨੇਸਿਸ ਡੈਂਟਲ ਕਾਲਜ ਤੋਂ ਆਈਆਂ ਤਜਰਬੇਕਾਰ ਡੈਂਟਲ ਵਿਸ਼ੇਸ਼ਗਿਆਨ ਡਾ: ਸੁਕੀਰਤ ਕੌਰ ਅਤੇ ਡਾ: ਰਾਹੁਲ ਯਾਦਵ ਨੇ ਦਰਜਨਾਂ ਵਿਦਿਆਰਥਣਾਂ ਅਤੇ ਅਧਿਆਪਕਾਂ ਦੀ ਦੰਦ ਜਾਂਚ ਕੀਤੀ। ਉਨ੍ਹਾਂ ਨੇ ਦੰਦਾਂ ਦੀ ਸੰਭਾਲ ਠੀਕ ਤਰੀਕੇ ਨਾਲ ਬ੍ਰਸ਼ ਕਰਨ ਦੀ ਵਿਧੀ, ਮਸੂੜਿਆਂ ਦੀ ਦੇਖਭਾਲ ਅਤੇ ਔਰਲ ਹਾਈਜੀਨ ਬਾਰੇ ਮਹੱਤਵਪੂਰਨ ਸੁਝਾਅ ਦਿੱਤੇ, ਜਾਂਚ ਤੋਂ ਬਾਅਦ ਲੋੜਵੰਦ ਵਿਅਕਤੀਆਂ ਨੂੰ ਸਲਾਹਾਂ ਅਤੇ ਅਗਲੇ ਇਲਾਜ ਬਾਰੇ ਜਾਣਕਾਰੀ ਦਿੱਤੀ ਗਈ। ਕਾਲਜ ਦੀ ਪ੍ਰਿੰਸੀਪਲ ਡਾ: ਰਾਜਵਿੰਦਰ ਕੌਰ ਨੇ ਕੈਂਪ ਦਾ ਦੌਰਾ ਕੀਤਾ ਤੇ ਵਿਦਿਆਰਥਣਾਂ ਨੂੰ ਨਿਯਮਤ ਰੂਪ ਵਿੱਚ ਦੰਦ ਜਾਂਚ ਕਰਵਾਉਣ ਅਤੇ ਮੂੰਹ ਦੀ ਸਫ਼ਾਈ ਬਰਕਰਾਰ ਰੱਖਣ ਲਈ ਉਤਸ਼ਾਹਤ ਕੀਤਾ। ਉਨ੍ਹਾਂ ਕਿਹਾ ਕਿ ਇਨ੍ਹਾਂ ਤਰ੍ਹਾਂ ਦੀਆਂ ਪਹਿਲਾਂ ਨਾ ਸਿਰਫ ਵਿਦਿਆਰਥਣਾਂ ਨੂੰ ਸਿਹਤ ਸੰਬੰਧੀ ਸਚੇਤ ਕਰਦੀਆਂ ਹਨ, ਸਗੋਂ ਉਨ੍ਹਾਂ ਨੂੰ ਜ਼ਿੰਮੇਵਾਰ ਨਾਗਰਿਕ ਵੀ ਬਣਾਉਂਦੀਆਂ ਹਨ। ਇਸ ਕੈਂਪ ਦੇ ਸਫਲ ਆਯੋਜਨ ਵਿੱਚ ਡਾ: ਪਰਮਵੀਰ (ਪ੍ਰੋਫੈਸਰ), ਪੀ.ਆਰ.ਓ. ਰਣਜੀਤ ਸਿੰਘ ਅਤੇ ਮਨਜੀਤ ਸਿੰਘ (ਜੇਨੇਸਿਸ ਡੈਂਟਲ ਕਾਲਜ) ਦੀ ਵਿਸ਼ੇਸ਼ ਭੂਮਿਕਾ ਰਹੀ। ਉਨ੍ਹਾਂ ਨੇ ਆਪਣੀ ਟੀਮ ਨਾਲ ਮਿਲਕੇ ਕੈਂਪ ਦੀ ਸਾਰੀ ਵਿਵਸਥਾ ਸੁਚੱਜੀ ਢੰਗ ਨਾਲ ਚਲਾਈ। ਕਾਲਜ ਪ੍ਰਸ਼ਾਸਨ ਅਤੇ ਵਿਦਿਆਰਥਣਾਂ ਨੇ ਜੇਨੇਸਿਸ ਡੈਂਟਲ ਕਾਲਜ ਦੀ ਇਸ ਸਮਾਜਿਕ ਪਹਲ ਲਈ ਧੰਨਵਾਦ ਜਤਾਇਆ ਅਤੇ ਭਵਿੱਖ ਵਿੱਚ ਵੀ ਇੰਝ ਦੇ ਸਿਹਤ ਜਾਗਰੂਕਤਾ ਕਾਰਜਕ੍ਰਮ ਹੋਣ ਦੀ ਉਮੀਦ ਵਿਅਕਤ ਕੀਤੀ।

### ਭਾਰਤ ਵਿਚ ਇਕਹਿਰੇ ਵਿਚਾਰਧਾਰਕ ਬਿਰਤਾਂਤ ਨੂੰ ਥੋਪਣ ਦੀਆਂ ਕੋਸ਼ਿਸ਼ਾਂ

# ਭਾਰਤੀ ਲੋਕਤੰਤਰ ਅਤੇ ਏਕਤਾ ਦੀ ਨੀਂਹ ਨੂੰ ਹਨ ਖ਼ਤਰਾ: ਰਾਹੁਲ ਗਾਂਧੀ




ਨਵੀਂ ਦਿੱਲੀ, 23 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ)– ਭਾਰਤੀ ਪ੍ਰਵਾਸੀਆਂ ਨੇ ਅਮਰੀਕਾ ਵਿਚ ਪਹੁੰਚੇ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਦਾ ਗਲੋਬਲ ਚੇਅਰਮੈਨ ਸੈਮ ਪਿਤ੍ਰੋਦਾ ਅਤੇ ਇੰਡੀਅਨ ਓਵਰਸੀਜ਼ ਕਾਂਗਰਸ ਅਮਰੀਕਾ ਦੇ ਪ੍ਰਧਾਨ ਮਹਿੰਦਰ ਸਿੰਘ ਗਿਲਜ਼ੀਆਂ ਦੀ ਅਗਵਾਈ ਵਿਚ ਭਰਵਾਂ ਸਵਾਗਤ ਕੀਤਾ ।

**ਰਾਹੁਲ ਗਾਂਧੀ ਦਾ ਅਮਰੀਕਾ ਪੁੱਜਣ 'ਤੇ ਮਹਿੰਦਰ ਸਿੰਘ ਗਿਲਜੀਆਂ ਦੀ ਅਗਵਾਈ ਵਿਚ ਹੋਇਆ ਭਰਵਾਂ ਸਵਾਗਤ**

ਪਹਿਲਗਾਮ ਅੱਤਵਾਦੀ ਹਮਲੇ ਤੋਂ ਬਾਅਦ ਅਮਰੀਕਾ ਦੌਰਾ ਅਧੂਰਾ ਛੱਡ ਭਾਰਤ ਪਰਤਣ ਤੋਂ ਪਹਿਲਾ ਅਮਰੀਕਾ ਦੇ ਵੱਖ ਵੱਖ ਸ਼ਹਿਰਾਂ ਵਿਚ ਹੋਏ ਸਮਾਗਮਾਂ ਵਿਚ ਰਾਹੁਲ ਗਾਂਧੀ ਦੇ ਨਿੱਘੇ ਅਤੇ ਪ੍ਰਭਾਵਸ਼ਾਲੀ ਸੰਬੋਧਨ ਨੂੰ ਭਾਰਤ ਦੇ ਵਧੀਆ ਭਵਿੱਖ ਲਈ ਉਨ੍ਹਾਂ ਦ੍ਰਿਸ਼ਟੀਕੋਣ ਨੂੰ ਸੁਣਨ ਲਈ ਉਤਸੁਕ ਸਨ। ਜਿਸ ਵਿਚ ਲੋਕਤੰਤਰੀ ਸੁਧਾਰ, ਯੁਵਾ ਸਸ਼ਕਤੀਕਰਨ ਅਤੇ ਚੋਣ ਇਮਾਨਦਾਰੀ ਦੇ ਸਮਰਥਕ ਹੋਣ ਦੀ ਹਾਮੀ ਭਰੀ । ਇਸ ਦੌਰਾਨ ਗਾਂਧੀ ਨੇ ਭਾਰਤੀ ਭਾਈਚਾਰੇ ਦੇ ਅਨੁਸ਼ਾਸਨ ਅਤੇ ਸਮਰਪਣ ਲਈ ਦਿਲੋਂ ਪ੍ਰਸ਼ੰਸਾ ਪ੍ਰਗਟ ਕਰਦਿਆਂ ਸ਼ੁਰੂਆਤ ਕੀਤੀ। ਉਨ੍ਹਾਂ ਕਿਹਾ ਕਿ ਇੰਡੀਅਨ ਓਵਰਸੀਜ਼ ਕਾਂਗਰਸ ਅਤੇ ਇਸਦੇ ਮੈਂਬਰ ਨਾ ਸਿਰਫ਼ ਕਾਂਗਰਸ ਪਾਰਟੀ ਲਈ ਸਗੋਂ ਭਾਰਤ ਲਈ ਵੀ ਮਹੱਤਵਪੂਰਨ ਰਾਜਦੂਤਾਂ ਵਜੋਂ ਕੰਮ ਕਰਦੇ ਹਨ। "ਤੁਹਾਡੀ ਮੌਜੂਦਗੀ ਅਤੇ ਵਚਨਬੱਧਤਾ ਵਿਦੇਸ਼ਾਂ ਵਿਚ ਸਾਡੇ ਦੇਸ਼ ਲਈ ਬਹੁਤ ਸਤਿਕਾਰ ਲਿਆਉਂਦੀ ਹੈ। ਇਹ ਰਿਸ਼ਤਾ ਜੋ ਅਸੀਂ ਸਾਂਝਾ ਕਰਦੇ ਹਾਂ ਉਹ ਸਿਰਫ਼ ਰਾਜਨੀਤਿਕ ਨਹੀਂ ਹੈ ਇਹ ਪਰਿਵਾਰ ਦਾ ਇੱਕ ਬੰਧਨ ਹੈ, ਜੋ ਪਿਆਰ, ਕਦਰਾਂ-ਕੀਮਤਾਂ ਅਤੇ ਆਪਸੀ ਸਤਿਕਾਰ ਵਿੱਚ ਜੜ੍ਹਿਆ ਹੋਇਆ ਹੈ । ਰਾਹੁਲ ਗਾਂਧੀ ਨੇ ਆਰਐਸਐਸ ਭਾਜਪਾ ਸ਼ਾਸਨ ਅਧੀਨ ਵਿਚਾਰਧਾਰਕ ਕੇਂਦਰੀਕਰਨ ਦੀ ਵਧ ਰਹੀ ਲਹਿਰ ਦੇ ਵਿਰੁੱਧ ਗੱਲ ਕਰਦਿਆਂ ਕਿਹਾ ਕਿ "ਭਾਰਤ ਇਕ ਭਾਸ਼ਾ, ਇਕ ਧਰਮ, ਜਾਂ ਇਕ ਪਰੰਪਰਾ ਦੁਆਰਾ ਪਰਿਭਾਸ਼ਿਤ ਨਹੀਂ ਹੈ। ਇਸਦੀ ਆਤਮਾ ਬਹੁਲਵਾਦੀ ਹੈ, ਜਿੱਥੇ ਇਕ ਪੰਜਾਬੀ, ਇਕ ਮਲਿਆਲੀ ਅਤੇ ਇੱਕ ਗੁਜਰਾਤੀ ਇੱਕਸੁਰਤਾ ਵਿੱਚ ਇਕੱਠੇ ਬੈਠ ਸਕਦੇ ਹਨ। ਇਹ ਉਹ ਭਾਰਤ ਹੈ ਜਿਸ 'ਤੇ ਅੱਜ ਹਮਲੇ ਹੋ ਰਹੇ ਹਨ।" ਉਨ੍ਹਾਂ ਚੇਤਾਵਨੀ ਦਿੱਤੀ ਕਿ ਇੱਕ ਇਕਹਿਰੇ ਵਿਚਾਰਧਾਰਕ ਬਿਰਤਾਂਤ ਨੂੰ ਥੋਪਣ ਦੀਆਂ ਕੋਸ਼ਿਸ਼ਾਂ ਭਾਰਤੀ ਲੋਕਤੰਤਰ ਅਤੇ ਏਕਤਾ ਦੀ ਨੀਂਹ ਨੂੰ ਖ਼ਤਰਾ ਹਨ। ਉਨ੍ਹਾਂ ਆਖਿਆ ਭਾਰਤੀ ਧਰਮ ਦੇ ਨਾਮ ਤੇ ਵੰਡੀਆਂ ਪਾਉਣ ਵਾਲਿਆਂ ਨੂੰ ਦਰਕਿਨਾਰ ਕਰ ਦੇਣਗੇ । ਰਾਹੁਲ ਗਾਂਧੀ ਨੇ ਕਿਹਾ ਕਿ ਭਾਰਤ ਵਿਚ ਦੋ ਵਿਚਾਰਧਾਰਾਵਾਂ ਵਿਚਕਾਰ ਲੜਾਈ ਹੈ ਜਿਨ੍ਹਾਂ ਵਿੱਚੋਂ ਇਕ ਜੋ ਮੰਨਦੀ ਹੈ ਕਿ ਭਾਰਤ ਸਾਰਿਆਂ ਦਾ ਹੈ, ਅਤੇ ਦੂਜੀ ਜੋ ਕੁਝ ਚੋਣਵੇਂ ਲੋਕਾਂ ਵਿਚ ਸ਼ਕਤੀ ਅਤੇ ਦੌਲਤ ਨੂੰ ਕੇਂਦਰਿਤ ਕਰਨ ਦੀ ਕੋਸ਼ਿਸ਼ ਕਰਦੀ ਹੈ। ਅਸੀਂ ਪਹਿਲਾਂ ਵੀ ਸਖ਼ਤ ਲੜਾਈਆਂ ਦਾ ਸਾਹਮਣਾ ਕੀਤਾ ਹੈ, ਅਤੇ ਅਸੀਂ ਜਿੱਤਾਂਗੇ। ਇਸ ਮੌਕੇ ਵਰਕਿੰਗ ਪ੍ਰਧਾਨ ਪ੍ਰਦੀਪ ਸਮਾਲਾ, ਵਰਕਿੰਗ ਪ੍ਰਧਾਨ ਸਾਬ ਭੁੱਲਰ, ਗੁਰਦੇਵ ਸਿੰਘ, ਵਾਈਸ ਪ੍ਰਧਾਨ ਬਲਦੇਵ ਰੰਧਾਵਾ, ਪੰਜਾਬ ਚੈਪਟਰ ਪ੍ਰਧਾਨ ਗੁਰਮੀਤ ਗਿੱਲ, ਹਰਿਆਣਾ ਪ੍ਰਧਾਨ ਅਮਰ ਸਿੰਘ ਗੁਲਸ਼ਨ, ਗੁਰਪ੍ਰੀਤ ਸਾਬੀ, ਗੁਰਿੰਦਰਪਾਲ ਸਿੰਘ ਮੌਜੂਦ ਸਨ ।

# ਪੰਜਾਬ ਸਰਕਾਰ ਨੂੰ ਕੇਂਦਰ ਤੋਂ 5,000 ਕਰੋੜ ਰੁਪਏ ਦੇ ਪ੍ਰੋਜੈਕਟ ਲੈਣ ਲਈ ਤਜਵੀਜ਼ ਪੇਸ਼ ਕਰਨ ਦੀ ਅਪੀਲ: ਵਿਕਰਮਜੀਤ ਸਾਹਨੀ



**ਨਵੀਂ ਦਿੱਲੀ 23 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ):-** ਪੰਜਾਬ ਤੋਂ ਰਾਜ ਸਭਾ ਦੇ ਮੈਂਬਰ ਡਾ: ਵਿਕਰਮਜੀਤ ਸਿੰਘ ਸਾਹਨੀ ਨੇ ਪੰਜਾਬ ਸਰਕਾਰ ਨੂੰ ਕੇਂਦਰ ਦੀ "ਰਾਜਾਂ ਨੂੰ ਪੂੰਜੀ ਨਿਵੇਸ਼ 2025-26 ਲਈ ਵਿਸ਼ੇਸ਼ ਸਹਾਇਤਾ ਯੋਜਨਾ" ਤਹਿਤ 5,000 ਕਰੋੜ ਰੁਪਏ ਦੀਆਂ ਸੰਪੂਰਨ ਪ੍ਰੋਜੈਕਟ ਤਜਵੀਜ਼ਾਂ ਪੇਸ਼ ਕਰਨ ਦੀ ਅਪੀਲ ਕੀਤੀ ਹੈ। ਡਾ: ਸਾਹਨੀ ਨੇ ਦੱਸਿਆ ਕਿ ਮੈਂ ਲਗਭਗ ਇੱਕ ਸਾਲ ਤੋਂ ਕੇਂਦਰੀ ਵਿੱਤ ਮੰਤਰਾਲੇ ਕੋਲ ਇਸ ਸਕੀਮ ਦੀ ਪੈਰਵੀ ਕਰ ਰਿਹਾ ਹਾਂ। ਲਗਾਤਾਰ ਕੋਸ਼ਿਸ਼ਾਂ ਅਤੇ ਵਿਸਤ੍ਰਿਤ ਵਿਚਾਰ-ਵਟਾਂਦਰੇ ਤੋਂ ਬਾਅਦ, ਪੰਜਾਬ ਨੂੰ ਇਸ ਸਕੀਮ ਦੇ ਭਾਗ ਏ ਦੇ ਤਹਿਤ 994 ਕਰੋੜ ਰੁਪਏ ਅਲਾਟ ਕੀਤੇ ਗਏ ਹਨ ਅਤੇ ਬਾਕੀ ਸ਼੍ਰੇਣੀਆਂ ਦੇ ਤਹਿਤ ਹੋਰ ਫੰਡ ਲੈਣ ਦਾ ਅਹਿਮ ਮੌਕਾ ਹੈ। ਡਾ: ਸਾਹਨੀ ਨੇ ਦੱਸਿਆ ਕਿ 7 ਅਪ੍ਰੈਲ 2025 ਨੂੰ ਜਾਰੀ ਕੀਤੇ ਗਏ ਸੋਧੇ ਦਿਸ਼ਾ-ਨਿਰਦੇਸ਼ ਭਾਗ ਏ ਦੇ ਤਹਿਤ 57,000 ਕਰੋੜ ਰੁਪਏ ਅਤੇ ਭਾਗ ਬੀ ਤੋਂ ਈ ਦੇ ਅਧੀਨ 63,000 ਕਰੋੜ ਰੁਪਏ ਪ੍ਰਦਾਨ ਕੀਤੇ ਜਾਣੇ ਹਨ। ਪੰਜਾਬ ਮੁੱਖ ਭਾਗਾਂ ਜਿਵੇਂ ਕਿ ਸਿੰਚਾਈ, ਪੇਂਡੂ ਸੰਪਰਕ, ਸਿਹਤ ਸੰਭਾਲ, ਨਵਿਆਉਣਯੋਗ ਊਰਜਾ, ਪ੍ਰਦੂਸ਼ਣ ਨਿਯੰਤਰਣ ਆਦਿ ਅਤੇ ਇਸ ਵਾਸਤੇ ਜ਼ਿਲ੍ਹੇਵਾਰ ਪ੍ਰੋਪੋਜ਼ਲ ਪੇਸ਼ ਕਰ ਸਕਦਾ ਹੈ। ਇਹ ਖੇਤਰ ਸਾਡੇ ਰਾਜ ਲਈ ਟਿਕਾਊ ਅਤੇ ਸਮਾਵੇਸ਼ੀ ਵਿਕਾਸ ਵਿੱਚ ਨਿਵੇਸ਼ ਕਰਨ ਦਾ ਇੱਕ ਮਹੱਤਵਪੂਰਨ ਮੌਕਾ ਹਨ। ਡਾ: ਸਾਹਨੀ ਨੇ ਇਸ ਗੱਲ 'ਤੇ ਜ਼ੋਰ ਦਿੰਦੇ ਹੋਏ ਸਮੇਂ ਸਿਰ ਕਾਰਵਾਈ ਦੀ ਲੋੜ ਵੱਲ ਵੀ ਸੰਕੇਤ ਕੀਤਾ ਕਿ ਪਿਛਲੇ ਸਾਲ ਪੰਜਾਬ ਨੂੰ ਇਸ ਸਕੀਮ ਤਹਿਤ 1,582 ਕਰੋੜ ਰੁਪਏ ਮਿਲੇ ਸਨ। ਇਸ ਸਾਲ ਪਹਿਲਾਂ ਹੀ 994 ਕਰੋੜ ਅਲਾਟ ਕੀਤੇ ਜਾਣ ਦੇ ਨਾਲ, ਬਾਕੀ ਬਚੇ ਮੌਕੇ ਨੂੰ ਖੁੰਝਾਇਆ ਨਹੀਂ ਜਾਣਾ ਚਾਹੀਦਾ। ਕਿਉਂਕਿ ਉਪਯੋਗਤਾ ਸਰਟੀਫਿਕੇਟ 31 ਮਾਰਚ 2026 ਤੱਕ ਜਮ੍ਹਾ ਕੀਤੇ ਜਾਣੇ ਚਾਹੀਦੇ ਹਨ, ਇਸ ਲਈ ਮੈਂ ਰਾਜ ਸਰਕਾਰ ਨੂੰ ਇੱਕ ਟਾਸਕ ਫੋਰਸ ਬਣਾਉਣ ਦੀ ਬੇਨਤੀ ਕੀਤੀ ਹੈ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਵਿਆਪਕ ਪ੍ਰਸਤਾਵ ਅਪ੍ਰੈਲ ਦੇ ਅੰਤ ਤੋਂ ਪਹਿਲਾਂ ਜਮ੍ਹਾਂ ਕਰਵਾਏ ਜਾਣ।

## ਗਿਆਨੀ ਹਰਪ੍ਰੀਤ ਸਿੰਘ ਵਡਾਲਾ ਜੌਹਲ ਕਥਾਵਾਚਕ ਮੰਜੀ ਸਾਹਿਬ ਵਾਲੇ ਵਿਦੇਸ਼ ਯਾਤਰਾ ਜਾ ਰਹੇ ਹਨ



**ਬਾਬਾ ਸੁਖਵੰਤ ਸਿੰਘ ਚੰਨਣਕੇ, ਚੌਕ ਮਹਿਤਾ, 23 ਅਪ੍ਰੈਲ**-ਸਿੱਖ ਪੰਥ ਦੇ ਮਹਾਨ ਵਿਦਿਆਨ ਗਿਆਨੀ ਹਰਪ੍ਰੀਤ ਸਿੰਘ ਵਡਾਲਾ ਜੌਹਲ ਕਥਾਵਾਚਕ ਗੁਰਦੁਆਰਾ ਮੰਜੀ ਸਾਹਿਬ ਦੀਵਾਨ ਹਾਲ ਸ੍ਰੀ ਅੰਮ੍ਰਿਤਸਰ ਸਾਹਿਬ ਵਾਲੇ, 24 ਅਪ੍ਰੈਲ ਤੋਂ 20 ਸਤੰਬਰ ਤੱਕ ਵਲੈਤ ਪ੍ਰਚਾਰ ਯਾਤਰਾ ਲਈ ਜਾ ਰਹੇ ਹਨ। ਉਹ ਵਲੈਤ ਦੇ ਵੱਖ ਵੱਖ ਗੁਰਦੁਆਰਿਆਂ ਸਾਹਿਬ ਵਿੱਚ ਗੁਰਸਿੱਖੀ ਦਾ ਪ੍ਰਚਾਰ ਕਰਨਗੇ।

## ਟੀ.ਬੀ.ਐਸ ਇੰਟਰਨੈਸ਼ਨਲ ਸਕੂਲ ਵਿਚ ਮਨਾਇਆ ਵਿਸ਼ਵ ਧਰਤੀ ਦਿਵਸ




ਫ਼ਿਰੋਜ਼ਪੁਰ, 23 ਅਪ੍ਰੈਲ (ਮਨੋਹਰ ਲਾਲ) :— ਟੀ.ਬੀ.ਐਸ ਇੰਟਰਨੈਸ਼ਨਲ ਸਕੂਲ ਵਿਖੇ ਵਿਸ਼ਵ ਧਰਤੀ ਦਿਵਸ ਮਨਾਇਆ ਗਿਆ ਅਤੇ ਇਸ ਦੌਰਾਨ ਸਕੂਲੀ ਬੱਚਿਆਂ ਨੂੰ ਧਰਤੀ ਦੀ ਮਹੱਤਤਾ ਬਾਰੇ ਜਾਣੂ ਕਰਵਾਇਆ ਗਿਆ। ਇਸ ਸਮਾਗਮ ਦੀ ਅਗਵਾਈ ਚੇਅਰਮੈਨ ਡਾ: ਹੀਰਾ ਲਾਲ ਸ਼ਰਮਾ, ਵਾਈਸ ਚੇਅਰਮੈਨ ਵਿਭੋਰ ਸ਼ਰਮਾ, ਜਨਰਲ ਸਕੱਤਰ ਸ਼ਿਵਮ ਸ਼ਰਮਾ ਅਤੇ ਮੈਨੇਜਿੰਗ ਡਾਇਰੈਕਟਰ ਦੀਪਾਲੀ ਸ਼ਰਮਾ ਦੀ ਦੇਖ—ਰੇਖ ਹੇਠ ਚੱਲ ਰਿਹਾ ਹੈ। ਇਸ ਮੌਕੇ ਵਿਦਿਆਰਥੀਆਂ ਵੱਲੋਂ ਇੱਕ ਵਿਸ਼ੇਸ਼ ਪ੍ਰਾਥਨਾ ਸਭਾ ਦਾ ਆਯੋਜਨ ਕੀਤਾ ਗਿਆ, ਜਿਸ ਵਿਚ ਵਿਦਿਆਰਥੀਆਂ ਨੇ ਵਿਸ਼ਵ ਧਰਤੀ ਦਿਵਸ ਮਨਾਉਣ ਦੇ ਉਦੇਸ਼ ਅਤੇ ਇਸ ਦੀ ਮਹੱਤਤਾ ਬਾਰੇ ਆਪਣੇ ਵਿਚਾਰ ਪ੍ਰਗਟ ਕੀਤੇ। ਵਿਦਿਆਰਥੀਆਂ ਦੁਆਰਾ ਇੱਕ ਨਾਟਕ ਰਾਹੀਂ ਰੁੱਖਾਂ ਦੀ ਮਹੱਤਤਾ ਬਾਰੇ ਦੱਸਿਆ ਗਿਆ ਅਤੇ ਸਾਰਿਆਂ ਨੂੰ ਧਰਤੀ ਦੀ ਰੱਖਿਆ ਕਰਨ, ਰੁੱਖ ਲਗਾਉਣ ਅਤੇ ਪਲਾਸਟਿਕ ਵਰਗੀਆਂ ਚੀਜ਼ਾਂ ਦੀ ਵਰਤੋਂ ਨਾ ਕਰਨ ਦਾ ਸੰਦੇਸ਼ ਦਿੱਤਾ ਗਿਆ। ਇਸ ਤੋਂ ਇਲਾਵਾ ਸਕੂਲ ਦੇ ਈਕੋ ਫਰੈਂਡਲੀ ਕਲੱਬ ਜੋ ਕਿ ਮਿਸ ਸਵਿੰਕੀ ਦੀ ਦੇਖ—ਰੇਖ ਹੇਠ ਚੱਲ ਰਿਹਾ ਹੈ, ਇਸ ਕਲੱਬ ਵੱਲੋਂ ਵਿਦਿਆਰਥੀਆਂ ਨੂੰ ਨਵੇਂ ਰੁੱਖ ਲਗਾਉਣ ਲਈ ਪ੍ਰੇਰਿਤ ਕਰਕੇ ਧਰਤੀ ਨੂੰ ਪ੍ਰਦੂਸ਼ਣ ਤੋਂ ਬਚਾਉਣ ਅਤੇ ਧਰਤੀ ਨੂੰ ਸੁੰਦਰ ਬਣਾਉਣ ਦਾ ਸੰਦੇਸ਼ ਦਿੱਤਾ। ਇਸ ਦਿਨ ਬਾਰੇ ਵਿਦਿਆਰਥੀਆਂ ਨੂੰ ਜਾਣਕਾਰੀ ਦਿੰਦੇ ਹੋਏ ਸਕੂਲ ਪ੍ਰਿੰਸੀਪਲ ਰੇਖਾ ਪਾਸੀ ਨੇ ਕਿਹਾ ਕਿ ਸਾਨੂੰ ਹਰ ਦਿਨ ਨੂੰ ਵਿਸ਼ਵ ਧਰਤੀ ਦਿਵਸ ਵਾਂਗ ਹੀ ਮਨਾਉਣਾ ਚਾਹੀਦਾ ਹੈ ਅਤੇ ਸਾਨੂੰ ਆਪਣੀ ਧਰਤੀ ਨੂੰ ਹਰ ਤਰ੍ਹਾਂ ਦੇ ਪ੍ਰਦੂਸ਼ਣ ਤੋਂ ਬਚਾਉਣਾ ਚਾਹੀਦਾ ਹੈ ਅਤੇ ਇਸਨੂੰ ਸਾਫ਼ ਰੱਖਣਾ ਹੈ। ਜੇਕਰ ਅਸੀਂ ਇਨ੍ਹਾਂ ਗੱਲਾਂ ਦੀ ਪਾਲਣਾ ਕਰਾਂਗੇ ਤਾਂ ਹੀ ਅਸੀਂ ਧਰਤੀ ਤੇ ਇੱਕ ਚੰਗਾ ਅਤੇ ਸਿਹਤਮੰਦ ਜੀਵਨ ਜੀਅ ਸਕਾਂਗੇ। ਇਸ ਮੌਕੇ ਉਨ੍ਹਾਂ ਵਿਦਿਆਰਥੀਆਂ ਨੂੰ ਵਾਤਾਵਰਣ ਬਚਾਉਣ ਦੀ ਸਹੁੰ ਵੀ ਚੁਕਾਈ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਇੰਟਰਨੈਸ਼ਨਲ ਪੰਥਕ ਦਲ ਦੇ ਸਰਪ੍ਰਸਤ ਸਾਬਕਾ ਜਥੇਦਾਰ ਸਿੰਘ ਸਾਹਿਬ ਜਸਵੀਰ ਸਿੰਘ ਜੀ ਖਾਲਸਾ ਦੇ ਦਿਸ਼ਾ ਨਿਰਦੇਸ਼ਾਂ ਹੇਠ

# ਇੰਟਰਨੈਸ਼ਨਲ ਪੰਥਕ ਦਲ ਛੂਹ ਰਿਹਾ ਬੁਲੰਦੀਆਂ



**ਅੰਮ੍ਰਿਤਸਰ 23 ਅਪ੍ਰੈਲ (ਕੁਲਵੰਤ ਸਿੰਘ ਵਿਰਦੀ)**- ਇੰਟਰਨੈਸ਼ਨਲ ਪੰਥਕ ਦਲ ਦੇ ਸਰਪ੍ਰਸਤ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਾਬਕਾ ਜਥੇਦਾਰ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਖਾਲਸਾ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਇੰਟਰਨੈਸ਼ਨਲ ਪੰਥਕ ਦਲ ਦੇ ਪ੍ਰੀਵਾਰ ਵਿੱਚ ਵਾਧਾ ਹੋ ਰਿਹਾ ਹੈ ਜਿਸ ਅਧੀਨ ਪੰਜਾਬ ਪ੍ਰਧਾਨ ਧਾਰਮਿਕ ਵਿੰਗ ਬਾਬਾ ਸਤਨਾਮ ਸਿੰਘ ਜੀ ਵੱਲੀਆਂ ਦੇ ਯਤਨਾਂ ਸਦਕਾ ਅੱਜ ਜਥੇਬੰਦੀ ਦੇ ਆਗੂਆਂ ਜਿਨ੍ਹਾਂ ਵਿੱਚ ਬਾਬਾ ਸਤਨਾਮ ਸਿੰਘ ਜੀ ਤੋਂ ਇਲਾਵਾ ਭਾਈ ਜੋਗਿੰਦਰ ਸਿੰਘ ਸ਼ਾਮ ਸਿੰਘ ਵਾਲਾ ਸੀਨੀਅਰ ਮੀਤ ਪ੍ਰਧਾਨ ਪੰਜਾਬ, ਭਾਈ ਪਿੱਪਲ ਸਿੰਘ ਸਦਰਦੀਨ ਵਾਲਾ ਜ਼ਿਲ੍ਹਾ ਪ੍ਰਧਾਨ ਫਿਰੋਜ਼ਪੁਰ, ਭਾਈ ਮਲਕੀਤ ਸਿੰਘ ਜ਼ਿਲ੍ਹਾ ਪ੍ਰਧਾਨ ਧਾਰਮਿਕ ਵਿੰਗ, ਭਾਈ ਬਲਵਿੰਦਰ ਸਿੰਘ ਬਲਾਕ ਪ੍ਰਧਾਨ ਮਮਦੋਟ ਅਤੇ ਭਾਈ ਗੁਰਸਾਹਿਬ ਸਿੰਘ ਇਕਾਈ ਪ੍ਰਧਾਨ ਸਦਰਦੀਨ ਵਾਲਾ ਵੱਲੋਂ ਉਪਰਾਲਾ ਕਰ ਕੇ ਜ਼ਿਲ੍ਹਾ ਫ਼ਿਰੋਜ਼ਪੁਰ ਦੇ ਸਰਹੱਦੀ ਪਿੰਡ ਰਾਜਾ ਰਾਇ ਵਿਖੇ ਭਾਰੀ ਇੱਕਤਰਤਾ ਕੀਤੀ ਗਈ ਇਸ ਮੌਕੇ ਸੂਝਵਾਨ ਸਿੰਘਾਂ ਨੇ ਭਾਰੀ ਗਿਣਤੀ ਵਿੱਚ ਹਿੱਸਾ ਲੈਂਦਿਆਂ ਆਏ ਹੋਏ ਆਗੂਆਂ ਨਾਲ ਪੰਥਕ ਵਿਚਾਰਾਂ ਕੀਤੀਆਂ ਗਈਆਂ। ਇਸ ਮੌਕੇ ਆਏ ਹੋਏ ਆਗੂਆਂ ਨੇ ਇੰਟਰਨੈਸ਼ਨਲ ਪੰਥਕ ਦਲ ਜਥੇਬੰਦੀ ਦੇ ਸਿਧਾਂਤ ਅਤੇ ਪੰਥਕ ਕਾਰਜਾਂ ਤੋਂ ਜਾਣੂ ਕਰਵਾਇਆ ਜਿਸ ਤੋਂ ਪ੍ਰਭਾਵਿਤ ਹੋ ਕੇ ਤਕਰੀਬਨ 18 ਪ੍ਰੀਵਾਰਾਂ ਨੇ ਜਥੇਬੰਦੀ ਵਿੱਚ ਸ਼ਾਮਲ ਹੋਣ ਦਾ ਪ੍ਰਣ ਲਿਆ ਅਤੇ ਜਥੇਬੰਦੀ ਦੇ ਆਗੂਆਂ ਨੇ ਵੱਖ ਵੱਖ ਅਹੁਦਿਆਂ ਦੀ ਜ਼ਿਮੇਵਾਰੀ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਭਾਈ ਕੁਲਦੀਪ ਸਿੰਘ ਜਾਮਾਂ ਰੱਖਈਆਂ ਨੂੰ ਬਲਾਕ ਪ੍ਰਧਾਨ ਗੁਰ ਹਰਸਹਾਇ, ਭਾਈ ਸਰਬਜੀਤ ਸਿੰਘ ਫਾਰੂ ਵਾਲਾ ਜਨਰਲ ਸਕੱਤਰ,ਹਰਭੇਜ ਸਿੰਘ ਸੀਨੀਅਰ ਮੀਤ ਪ੍ਰਧਾਨ, ਬਲਦੇਵ ਸਿੰਘ ਮੀਤ ਪ੍ਰਧਾਨ, ਗੁਰਪ੍ਰੀਤ ਸਿੰਘ ਮੀਤ ਪ੍ਰਧਾਨ, ਬਖਸ਼ੀਸ਼ ਸਿੰਘ ਮੀਤ ਪ੍ਰਧਾਨ, ਗੁਰਜੀਤ ਸਿੰਘ ਪ੍ਰੈਸ ਸਕੱਤਰ, ਗੁਰਮੇਲ ਸਿੰਘ ਮੀਤ ਸਕੱਤਰ, ਸੁਖਵਿੰਦਰ ਸਿੰਘ ਕੈਸ਼ੀਅਰ, ਜਸ਼ਨਪ੍ਰੀਤ ਸਿੰਘ ਮੀਤ ਪ੍ਰੈਸ ਸਕੱਤਰ,ਬੋਹੜ ਸਿੰਘ ਬੁਲਾਰਾ, ਪਿੱਪਲ ਸਿੰਘ ਮੈਂਬਰ, ਦਿਲਬਾਗ ਸਿੰਘ ਮੈਂਬਰ, ਸਰਵਣ ਸਿੰਘ ਮੈਂਬਰ, ਜਸਬੀਰ ਸਿੰਘ ਮੈਂਬਰ, ਬਾਬਾ ਹੀਰਾ ਸਿੰਘ ਮੈਂਬਰ ਅਤੇ ਪ੍ਰੀਤਮ ਸਿੰਘ ਮੈਂਬਰ ਆਦਿ ਨੂੰ ਗੁਰੂ ਘਰ ਦੀ ਬਖਸ਼ਿਸ਼ ਸਿਰੋਪਾਓ ਦੇ ਕੇ ਨਿਯੁਕਤ ਕੀਤਾ ਗਿਆ। ਇਸ ਮੌਕੇ ਨਵੇਂ ਚੁਣੇ ਗਏ ਆਗੂਆਂ ਵੱਲੋਂ ਜਥੇਬੰਦੀ ਵਿੱਚ ਤਨਦੇਹੀ ਨਾਲ ਸੇਵਾ ਕਰਨ ਦਾ ਭਰੋਸਾ ਦਿੱਤਾ ਗਿਆ। ਅਖੀਰ ਵਿੱਚ ਬਾਬਾ ਸਤਨਾਮ ਸਿੰਘ ਵੱਲੀਆਂ ਨੇ ਜਥੇਬੰਦੀ ਦੇ ਆਗੂਆਂ ਅਤੇ ਨਵੇਂ ਚੁਣੇ ਗਏ ਆਗੂਆਂ ਅਤੇ ਵਰਕਰਾਂ ਨੂੰ 23 ਅਪ੍ਰੈਲ ਦਿਨ ਬੁੱਧਵਾਰ ਨੂੰ ਗੁਰਦੁਆਰਾ ਸੰਤ ਖਾਲਸਾ ਜਨਮ ਅਸਥਾਨ ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੇ ਨਗਰ ਰੋਡੇ ਵਿਖੇ ਹੋ ਰਹੀ ਜਥੇਬੰਦੀ ਦੀ ਮੀਟਿੰਗ ਵਿੱਚ ਪਹੁੰਚਣ ਦੀ ਅਪੀਲ ਕੀਤੀ ਗਈ।

**ਧਾਰਮਿਕ ਵਿੰਗ ਪੰਜਾਬ ਪ੍ਰਧਾਨ ਬਾਬਾ ਸਤਨਾਮ ਸਿੰਘ ਵੱਲੀਆਂ ਦੀ ਅਗਵਾਈ ਚ 18 ਪ੍ਰੀਵਾਰ ਬਣੇ ਹਿੱਸਾ**

ਪੰਜਾਬੀ ਐਡਵੈਂਚਰਜ ਵੱਲੋਂ ਪਹਿਲਗਾਮ ਵਿੱਚ

# ਸੈਲਾਨੀਆਂ ਦੇ ਕੀਤੇ ਕਤਲਾਂ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ



**ਬਠਿੰਡਾ, 23 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)**- ਪੰਜਾਬੀ ਐਡਵੈਂਚਰਜ ਨੇ ਪਹਿਲਗਾਮ ਵਿੱਚ ਅੱਤਵਾਦੀਆਂ ਵੱਲੋਂ ਸੈਲਾਨੀਆਂ ਦੇ ਕੀਤੇ ਕਤਲਾਂ ਦੀ ਨਿਖੇਧੀ ਕਰਦਿਆਂ ਇਸ ਕਤਲ ਕਾਂਡ ਦੇ ਦੋਸ਼ੀਆਂ ਨੂੰ ਮਿਸਾਲੀ ਸਜ਼ਾਵਾਂ ਦੇਣ ਦੀ ਮੰਗ ਕੀਤੀ ਹੈ।ਕਲੱਬ ਦੇ ਪ੍ਰਧਾਨ ਗੁਰਪ੍ਰੇਮ ਲਹਿਰੀ ਅਤੇ ਜਨਰਲ ਸਕੱਤਰ ਭੁਪਿੰਦਰ ਸਿੰਘ ਮਾਨ ਨੇ ਕਿਹਾ ਕਿ ਜੇਕਰ ਦਹਿਸ਼ਤਗਰਦੀ ਸਮਝਦੇ ਹਨ ਕਿ ਉਨਾਂ ਦੇ ਇਸ ਕਾਰੇ ਨਾਲ ਸੈਲਾਨੀ ਜੰਮੂ ਕਸ਼ਮੀਰ ਵਿੱਚ ਜਾਣਾ ਬੰਦ ਕਰ ਦੇਣਗੇ ਤਾਂ ਇਹ ਉਹਨਾਂ ਦਾ ਵੱਡਾ ਭੁਲੇਖਾ ਹੈ। ਉਹਦਾ ਕਿਹਾ ਕਿ ਪੰਜਾਬੀ ਐਡਵੈਂਚਰਜ ਦੀ ਟੀਮ ਪਹਿਲਾਂ ਤੇ ਤੈਅ ਕੀਤੇ ਪ੍ਰੋਗਰਾਮ ਤਹਿਤ ਅਗਸਤ ਮਹੀਨੇ ਵਿੱਚ ਲੇਹ ਲੱਦਾਖ ਦਾਖ ਜਾਵੇਗੀ ਜਿਸ ਦਾ ਰੂਟ ਵੀ ਜੰਮੂ ਕਸ਼ਮੀਰ ਹੋਵੇਗਾ। ਚੇਅਰਮੈਨ ਸੁਖਮੰਦਰ ਸਿੰਘ ਚੱਠਾ ਨੇ ਕਿਹਾ ਕਿ ਜੋ ਲੋਕ ਧਰਮ ਦੇ ਨਾਂ ’ਤੇ ਵੰਡੀਆਂ ਪਾਉਣੀਆਂ ਚਾਹੁੰਦੇ ਨੇ ਅਸਲ ਵਿੱਚ ਉਹਨਾਂ ਦਾ ਆਪਣਾ ਕੋਈ ਧਰਮ ਨਹੀਂ ਹੈ। ਅੱਤਵਾਦੀਆਂ ਦਾ ਧਰਮ ਸਿਰਫ ਆਤੰਕ ਫੈਲਾਉਣਾ ਹੀ ਹੁੰਦਾ ਹੈ। ਉਹਨਾਂ ਕਿਹਾ ਕਿ ਮੁਸਲਮਾਨਾਂ ਦੇ ਨਾਂ ਤੇ ਹਮਲਾ ਕਰਨ ਵਾਲੇ ਕਿਸੇ ਵੀ ਧਰਮ ਦੇ ਸਕੇ ਨਹੀਂ। ਜਸਪਾਲ ਸਿੰਘ ਨੇ ਕਿਹਾ ਕਿ ਬੜੀ ਮੁਸ਼ਿਕਲ ਨਾਲ ਕਸ਼ਮੀਰ ਵਿੱਚ ਸੈਲਾਨੀਆਂ ਦਾ ਆਉਣਾ ਸ਼ੁਰੂ ਹੋਇਆ ਸੀ ਤੇ ਸਥਾਨਕ ਲੋਕ ਚੰਗਾ ਗੁਜ਼ਰ ਬਸ਼ਰ ਕਰਨ ਲੱਗੇ ਸੀ। ਇਸ ਹਮਲੇ ਨੇ ਉਹਨਾਂ ਦੇ ਢਿੱਡ ਤੇ ਇੱਕ ਵਾਰ ਫੇਰ ਲੱਤ ਮਾਰ ਦਿੱਤੀ ਹੈ। ਵਿਕਰਮਜੀਤ ਸਿੰਘ ਬਾਹੀਆ ਨੇ ਇਸ ਹਮਲਾ ਮਾਮਲੇ ਵਿੱਚ ਕੇਂਦਰ ਸਰਕਾਰ ਤੋਂ ਮੰਗ ਕੀਤੀ ਹੈ ਕਿ ਉਹ ਅੱਤਵਾਦੀਆਂ ਖਿਲਾਫ ਤੁਰੰਤ ਸਖਤ ਕਾਰਵਾਈ ਕਰੇ। ਇਸ ਮੌਕੇ ਡਾ. ਪ੍ਰਦੀਪ ਕੌੜਾ, ਜਸਵਿੰਦਰ ਬਰਾੜ, ਜਸਵੰਤ ਕੌਸ਼ਿਕ,ਬਲਵਿੰਦਰ ਬਾਵਾ, ਸਬੀਨਾ ਬਰਾੜ, ਪ੍ਰਦੀਪ ਬਰਾੜ, ਸੂਰਜ ਮਨੀ, ਬਾਬਾ ਬਲਜੀਤ ਸਿੰਘ, ਅਮਰਦੀਪ ਸਿੰਘ, ਪਰੀ ਸਿੰਗਲਾ, ਰੌਕੀ ਸ਼ਰਮਾ, ਰਮਨਿੰਦਰ ਸਿੰਘ,ਅਜੇ ਸੈਣੀ, ਅਨੀਸ਼ ਗਾਰਗੀ, ਜਸਕਰਨ ਸਰਾਂ, ਮਹਿੰਦਰ ਸਿੰਘ ਭੋਲਾ, ਡਿਪਟੀ ਜੈਨ, ਗੁਰਮੀਤ ਸਿੰਘ ਗਿੱਦੜਬਾਹਾ, ਬਲਕਾਰ ਸਿੰਘ ਸਰਪੰਚ, ਸੁਖਪ੍ਰੀਤ ਸਿੰਘ ਸਰਪੰਚ, ਪਰਮਵੀਰ ਸਿੰਘ, ਸ਼ੰਮੀ ਸੈਣੀ, ਦਿਨੇਸ਼ ਇੰਦੌਰਾ, ਸੰਨੀ ਸਿੰਘ ਰੋਹਤਕ, ਐਡਵੋਕੇਟ ਸਾਹਿਲ ਠਾਕੁਰ, ਤਰੁਣ, ਵਿਪਿਨ ਵਿਲਸਨ, ਜਸਵੀਰ ਸਿੰਘ, ਗੁਰਦੀਪ ਬਾਹੀਆ, ਪਵਨ ਕੱਕੜ ਆਦਿ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਸ਼ਿਕਾਗੋ ਦੇ ਸ਼ਹੀਦਾਂ ਨੂੰ ਇਕ ਮਈ ਨੂੰ ਭੇਂਟ ਕੀਤੀਆਂ ਜਾਣਗੀਆਂ ਸ਼ਰਧਾਂਜਲੀਆਂ



ਫ਼ਿਰੋਜ਼ਪੁਰ, 23 ਅਪ੍ਰੈਲ (ਮਨੋਹਰ ਲਾਲ) :— ਕੇਂਦਰ ਅਤੇ ਰਾਜ ਸਰਕਾਰ ਦੇ ਮਜਦੂਰ ਮੁਲਾਜ਼ਮ ਅਤੇ ਪੈਨਸ਼ਨਰ ਜਥੇਬੰਦੀਆਂ ਐਸੋਸੀਏਸ਼ਨ ਤੇ ਅਧਾਰਤ ਆਲ ਇੰਪਲਾਈਜ ਕੋਆਰਡੀਨੇਸ਼ਨ ਕਮੇਟੀ ਫ਼ਿਰੋਜ਼ਪੁਰ ਦੇ ਸਮੂਹ ਅਹੁਦੇਦਾਰ ਅਤੇ ਸਰਗਰਮ ਮੈਂਬਰਾਂ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਸ਼ਿਕਾਗੋ ਦੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਂਟ ਕਰਨ ਲਈ 1 ਮਈ 2025 ਨੂੰ ਰੇਲਵੇ ਸਟੇਸ਼ਨ ਫ਼ਿਰੋਜ਼ਪੁਰ ਛਾਉਣੀ ਦੇ ਬਾਹਰ ਖੁੱਲ੍ਹੇ ਪੰਡਾਲ ਵਿੱਚ ਕਮੇਟੀ ਪ੍ਰਧਾਨ ਸ਼੍ਰੀ ਸੁਭਾਸ਼ ਸ਼ਰਮਾ ਦੀ ਅਗਵਾਈ ਹੇਠ ਸ਼ਹੀਦੀ ਦਿਹਾੜਾ ਮਨਾਇਆ ਜਾ ਰਿਹਾ ਹੈ। ਇਸ ਸਬੰਧੀ ਅੱਜ ਪੰਜਾਬ ਫੋਰੈਸਟ ਪੈਨਸ਼ਨਰਜ਼ ਐਸੋਸੀਏਸ਼ਨ ਅਤੇ ਪੰਜਾਬ ਨਾਨ ਗਜ਼ਿਟਡ ਫੋਰੈਸਟ ਅਫਸਰ ਯੂਨੀਅਨ ਵੱਲੋਂ ਸਾਂਝੀ ਮੀਟਿੰਗ ਵਣ ਰੇਂਜ ਦਫਤਰ ਫ਼ਿਰੋਜ਼ਪੁਰ ਵਿੱਚ ਕੀਤੀ, ਜਿਸ ਵਿੱਚ ਪੰਜ਼ਾਬ ਫੋਰੈਸਟ ਪੈਨਸ਼ਨਰਜ਼ ਐਸੋਸੀਏਸ਼ਨ ਦੇ ਸੂਬਾ ਜਨਰਲ ਸਕੱਤਰ ਮੋਹਿੰਦਰ ਸਿੰਘ ਧਾਲੀਵਾਲ, ਰਸ਼ਪਾਲ ਸਿੰਘ ਸੂਬਾਈ ਮੀਤ ਪ੍ਰਧਾਨ, ਗੁਰਜੀਤ ਸਿੰਘ ਵਣ ਰੇਂਜ ਅਫ਼ਸਰ, ਗੁਰਪ੍ਰੀਤ ਸਿੰਘ ਵਣ ਬਲਾਕ ਅਫਸਰ ਗੁਰੂਹਰਸਹਾਇ ਕੁਲਦੀਪ ਸਿੰਘ ਡੋਗਰਾ ਵਣ ਬਲਾਕ ਅਫਸਰ ਫ਼ਿਰੋਜ਼ਪੁਰ ਕੰਵਰਜੀਤ ਸਿੰਘ ਵਣ ਬਲਾਕ ਅਫਸਰ ਮਮਦੋਟ ਸਿਮਰਨਜੀਤ ਸਿੰਘ ਜਿਲ੍ਹਾ ਆਗੂ ਕੁਲਵੰਤ ਸਿੰਘ ਵਣ ਗਾਰਡ ਮਲਕੀਤ ਸਿੰਘ ਵਣ ਗਾਰਡ ਸ੍ਰੀਮਤੀ ਦੀਪਿਕਾ ਕਲਰਕ ਸ਼੍ਰੀਮਤੀ ਵੀਨਾ ਸੇਵਾਦਾਰ ਸ਼੍ਰੀਮਤੀ ਪਰਵੀਨ ਕੌਰ ਸ਼੍ਰੀਮਤੀ ਰੀਚਾ ਸ੍ਰੀਮਤੀ ਗੁਰਵਿੰਦਰ ਕੌਰ ਸਾਰੇ ਵਣ ਗਾਰਡ ਨੇ ਵਿਸ਼ਵਾਸ਼ ਦਵਾਇਆ ਕਿ ਮਈ ਦਿਵਸ ਦੇ ਸ਼ਹੀਦੀ ਦਿਹਾੜੇ ਨੂੰ ਕਾਮਯਾਬ ਕਰਨ ਲਈ ਕੋਈ ਕਸਰ ਨਹੀ ਛੱਡੀ ਜਾਵੇਗੀ।

# ਖਾਲਸਾ ਸਕੂਲ ਦੇ ਵਿਦਿਆਰਥੀਆਂ ਨੇ ਮਨਾਇਆ ਵਿਸ਼ਵ ਧਰਤੀ ਦਿਵਸ



ਫ਼ਿਰੋਜ਼ਪੁਰ, 23 ਅਪ੍ਰੈਲ (ਮਨੋਹਰ ਲਾਲ) :— ਸ੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਮੁਖੀ ਦਮਦਮੀ ਟਕਸਾਲ ਦੀ ਰਹਿਨੁਮਾਈ ਹੇਠ ਚੱਲ ਰਹੇ ਸੰਤ ਗਿਆਨੀ ਕਰਤਾਰ ਸਿੰਘ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਵਿੱਚ ਵਿਸ਼ਵ ਧਰਤੀ ਦਿਵਸ ਮਨਾਇਆ ਗਿਆ, ਜਿਸ ਵਿੱਚ ਵਿਦਿਆਰਥੀਆਂ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ। ਇਸ ਮੌਕੇ ਵਿਦਿਆਰਥੀਆਂ ਦੇ ਚਾਰਟ ਮੁਕਾਬਲੇ ਕਰਵਾਏ ਗਏ, ਧਰਤੀ ਨੂੰ ਦੂਸ਼ਿਤ ਹੋਣ ਤੋਂ ਬਚਾਉਣ ਲਈ ਭਾਸ਼ਣ ਮੁਕਾਬਲੇ ਕਰਵਾਏ ਗਏ। ਅਧਿਆਪਕ ਸਾਹਿਬਾਨ ਵੱਲੋਂ ਵਿਸ਼ਵ ਧਰਤੀ ਦਿਵਸ ਤੇ ਬੋਲਦਿਆਂ ਵਿਦਿਆਰਥੀਆਂ ਨੂੰ ਦੱਸਿਆ ਕਿ ਅਸੀਂ ਕਿਸ ਤਰ੍ਹਾਂ ਧਰਤੀ ਦਾ ਨੁਕਸਾਨ ਕਰ ਰਹੇ ਹਾਂ ਕਿਸ ਤਰ੍ਹਾਂ ਅਸੀਂ ਧਰਤੀ ਦੇ ਅੰਦਰ ਜਹਿਰ ਭੇਜ ਰਹੇ ਹਾਂ ਜਿਸ ਨਾਲ ਸਾਨੂੰ ਆਉਣ ਵਾਲੇ ਸਮੇਂ ਵਿੱਚ ਬਹੁਤ ਮੁਸ਼ਿਕਲਾਂ ਦਾ ਸਾਹਮਣਾ ਕਰਨਾ ਪਵੇਗਾ। ਇਸ ਮੌਕੇ ਸਕੂਲ ਪ੍ਰਿੰਸੀਪਲ ਮੈਡਮ ਜਸਪ੍ਰੀਤ ਕੌਰ ਨੇ ਕਿਹਾ ਕਿ ਸਾਨੂੰ ਆਪਣੀ ਧਰਤੀ ਨੂੰ ਹਰਾ ਭਰਾ ਰੱਖਣ ਲਈ ਵੱਧ ਤੋਂ ਵੱਧ ਦਰਖਤ ਲਗਾਉਣੇ ਚਾਹੀਦੇ ਹਨ ਅਤੇ ਦਰਖਤ ਲਗਾ ਕੇ ਉਨ੍ਹਾਂ ਦੀ ਪਾਲਣਾ ਕਰਨੀ ਚਾਹੀਦੀ ਹੈ ਹਰੇਕ ਵਿਦਿਆਰਥੀ ਨੂੰ ਪ੍ਰਣ ਕਰਨਾ ਚਾਹੀਦਾ ਹੈ ਕਿ ਆਪਣੇ ਜਨਮ ਦਿਨ ਵਾਲੇ ਦਿਨ ਇੱਕ ਦਰੱਖਤ ਜ਼ਰੂਰ ਲਗਾਉਣ ਅਤੇ ਉਸ ਦੀ ਪਰਵਰਿਸ਼ ਕਰਨ ਤਾਂ ਜੋ ਇਸ ਧਰਤੀ ਨੂੰ ਹਰਾ ਭਰਿਆ ਰੱਖਿਆ ਜਾ ਸਕੇ। ਉਨ੍ਹਾਂ ਕਿਹਾ ਕਿ ਅੱਜ ਦੇ ਮਾਡਰਨ ਜੀਵਨ ਵਿੱਚ ਆਪਣੀਆਂ ਲੋੜਾਂ ਨੂੰ ਪੂਰਾ ਕਰਨ ਲਈ ਦਰਖਤਾਂ ਦੀ ਕਟਾਈ ਬਹੁਤ ਜ਼ੋਰਾਂ ਤੇ ਕੀਤੀ ਜਾ ਰਹੀ ਹੈ ਜਿੰਨੀ ਕਟਾਈ ਕੀਤੀ ਜਾ ਰਹੀ ਹੈ ਉਸ ਦੇ ਮੁਕਾਬਲੇ ਦਰੱਖਤ ਨਹੀਂ ਲਗਾਏ ਜਾ ਰਹੇ, ਇਸ ਲਈ ਬਿਮਾਰੀਆਂ ਦਾ ਪਸਾਰਾ ਵੱਧਦਾ ਜਾ ਰਿਹਾ ਹੈ ਸ਼ੁੱਧ ਹਵਾਂ ਅਤੇ ਆਕਸੀਜਨ ਦੀ ਘਾਟ ਕਾਰਨ ਸਾਹ ਦੀਆਂ ਬਿਮਾਰੀਆਂ ਸੁਭਾਵਿਕ ਹਨ ਜੇਕਰ ਅਸੀਂ ਆਉਣ ਵਾਲੀਆਂ ਪੀੜ੍ਹੀਆਂ ਨੂੰ ਤੰਦਰੁਸਤ ਰੱਖਣਾ ਹੈ ਤਾਂ ਦਰਖਤਾਂ ਦੀ ਕਟਾਈ ਤੇ ਰੋਕ ਲਗਾ ਕੇ ਹਜ਼ਾਰਾਂ ਗੁਣਾਂ ਦਰਖਤ ਲਗਾਉਣੇ ਹੋਣਗੇ। ਇਸ ਮੌਕੇ ਮੈਡਮ ਏਕਤਾ, ਮੈਡਮ ਕਾਂਤਾ, ਮੈਡਮ ਗੁਰਪਿੰਦਰ ਕੌਰ, ਮੈਡਮ ਹਰਜੀਤ ਕੌਰ, ਮੈਡਮ ਜਸਪ੍ਰੀਤ ਕੌਰ, ਮੈਡਮ ਨਵਜੋਤ ਕੌਰ ਵੱਲੋਂ ਵਿਸ਼ੇਸ਼ ਭੂਮਿਕਾ ਨਿਭਾਈ ਅਤੇ ਸਕੂਲ ਦਾ ਸਮੁੱਚਾ ਸਟਾਫ ਹਾਜ਼ਰ ਸੀ।

# ਪਹਿਲਗਾਮ ਵਿਖੇ ਹੋਏ ਅੱਤਵਾਦੀ ਹਮਲੇ ਦੇ ਚਲਦਿਆਂ ਫ਼ਿਰੋਜ਼ਪੁਰ ਵਿਖੇ ਕੱਢੀ ਜਾਵੇਗੀ ਕੈਂਡਲ ਮਾਰਚ

ਫ਼ਿਰੋਜ਼ਪੁਰ, 23 ਅਪ੍ਰੈਲ (ਮਨੋਹਰ ਲਾਲ) :— ਭਾਰਤ ਵਿਚ ਸਹਿਮ ਦਾ ਮਾਹੌਲ ਪੈਦਾ ਕਰਨ ਲਈ ਪਹਿਲਗਾਮ ਵਿਖੇ ਹੋਏ ਅੱਤਵਾਦੀ ਹਮਲੇ ਵਿਚ ਮਾਰੇ ਗਏ ਲੋਕਾਂ ਅਤੇ ਜਖਮੀ ਹੋਏ ਵਿਅਕਤੀਆਂ ਦੇ ਸਬੰਧ ਵਿਚ ਸਮੂਹ ਜਨਤਕ ਜਥੇਬੰਦੀਆਂ ਵੱਲੋਂ 24 ਅਪ੍ਰੈਲ ਨੂੰ ਕੈਂਡਲ ਮਾਰਚ ਕੱਢੀ ਜਾਵੇਗੀ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਮੋਹਿੰਦਰ ਸਿੰਘ ਧਾਲੀਵਾਲ ਜਨਰਲ ਸਕੱਤਰ ਸੀਨੀਅਰ ਸਿਟੀਜਨ ਫੋਰਮ ਫ਼ਿਰੋਜ਼ਪੁਰ ਨੇ ਦੱਸਿਆ ਕਿ ਇਹ ਕੈਂਡਲ ਮਾਰਚ 24 ਅਪ੍ਰੈਲ ਨੂੰ ਸ਼ਾਮ 6:30 ਵਜੇ ਊਧਮ ਸਿੰਘ ਚੌਂਕ ਫ਼ਿਰੋਜ਼ਪੁਰ ਸ਼ਹਿਰ ਵਿਖੇ ਤੋਂ ਕੱਢੀ ਜਾਵੇਗੀ ਜ਼ੋ ਨਾਮਦੇਵ ਚੌਂਕ ਵਿਖੇ ਸਮਾਗਮ ਹੋਵੇਗੀ। ਇਸ ਕੈਂਡਲ ਮਾਰਚ ਵਿਚ ਇਲਾਕਾ ਨਿਵਾਸੀਆਂ ਨੂੰ ਵੱਡੀ ਤਦਾਦ ਵਿਚ ਸ਼ਾਮਲ ਹੋਣ ਦੀ ਅਪੀਲ ਕਰਦਿਆਂ ਸੀਨੀਅਰ ਸਿਟੀਜਨ ਫੋਰਮ ਫ਼ਿਰੋਜ਼ਪੁਰ ਦੇ ਸਮੂਹ ਅਹੁਦੇਦਾਰ ਅਤੇ ਸਰਗਰਮ ਮੈਂਬਰਾਂ ਨੇ ਸ਼ਾਮਲ ਹੋਣ ਦੀ ਅਪੀਲ ਕੀਤੀ।

### ਮਨਜੀਤ ਸਿੰਘ ਜੀ.ਕੇ. ਵੱਲੋਂ ਕੀਤੀ ਗੋਲਕ ਦੀ ਦੁਰਵਰਵਰਤੋ ਮਾਮਲੇ 'ਚ

# ਤਿੰਨ ਕੇਸਾਂ 'ਚ ਚਾਰਜਸ਼ੀਟ ਦਾਖਲ: ਦਿੱਲੀ ਗੁਰਦੁਆਰਾ ਕਮੇਟੀ

**ਨਵੀਂ ਦਿੱਲੀ, 23 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਪ੍ਰਧਾਨ ਹੁੰਦਿਆਂ ਮਨਜੀਤ ਸਿੰਘ ਜੀ.ਕੇ. ਵੱਲੋਂ ਗੋਲਕ ਦੇ ਪੈਸੇ ਦੀ ਕੀਤੀ ਗਈ ਦੁਰਵਰਤੋਂ ਦੇ ਮਾਮਲੇ ਵਿਚ ਤਿੰਨ ਕੇਸਾਂ ਵਿਚ ਉਹਨਾਂ ਖਿਲਾਫ ਅਦਾਲਤ ਵਿਚ ਚਾਰਜਸ਼ੀਟਾਂ ਦਾਖਲ ਹੋ ਗਈਆਂ ਹਨ ਤੇ ਹੁਣ ਉਹਨਾਂ ਕੋਲੋਂ ਸੰਗਤ ਦੇ ਇਕ-ਇਕ ਪੈਸੇ ਦਾ ਹਿਸਾਬ ਲਿਆ ਜਾਵੇਗਾ। ਇਹ ਪ੍ਰਗਟਾਵਾ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਕੀਤਾ ਹੈ।




ਇਥੇ ਇਕ ਅਹਿਮ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਸਰਦਾਰ ਕਾਲਕਾ ਤੇ ਸਰਦਾਰ ਕਾਹਲੋਂ ਨੇ ਦੱਸਿਆ ਕਿ ਗੋਲਕ ਦੀ ਦੁਰਵਰਤੋਂ ਦੇ ਮਾਮਲੇ ਵਿਚ ਮਨਜੀਤ ਸਿੰਘ ਜੀ.ਕੇ. ਖਿਲਾਫ ਕੁੱਲ ਤਿੰਨ ਐਫ ਆਈ ਆਰ ਦਰਜ ਹੋਈਆਂ ਹਨ ਜਿਹਨਾਂ ਵਿਚੋਂ ਦੋ ਆਰਥਿਕ ਅਪਰਾਧਾ ਸਾਖ਼ਾ ਤੇ ਇਕ ਨਾਰਥ ਅਵੈਨਿਊ ਪੁਲਿਸ ਥਾਣੇ ਵਿਚ 2019 ਤੋਂ 2022 ਤੱਕ ਦਰਜ ਹੋਈਆਂ ਸਨ ਜਿਹਨਾਂ ਵਿਚੋਂ ਇਕ ਵਿਚ ਸ਼ਿਕਾਇਤ ਕਰਤਾ ਕਮੇਟੀ ਦੇ ਸਾਬਕਾ ਜਨਰਲ ਸਕੱਤਰ ਗੁਰਮੀਤ ਸਿੰਘ ਸ਼ੰਟੀ ਹਨ ਤੇ ਦੋ ਵਿਚ ਮੌਜੂਦਾ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਹਨ। ਉਹਨਾਂ ਦੱਸਿਆ ਕਿ ਸੰਗਤ ਦੇ ਪੈਸੇ ਦੀ ਲੁੱਟ ਦੇ ਮਾਮਲੇ ਵਿਚ ਇਹ ਐਫ ਆਈ ਆਰ ਆਈ ਨੰਬਰ 192, 2020, 406,0409,420,120 ਆਈ ਪੀ ਸੀ ਐਫ਼ ਆਈ ਆਰ ਨੰਬਰ 3219,409,511,406,465,471,4771, 120-ਬੀ, ਆਈ. ਪੀ. ਸੀ. ਐਫ ਆਈ ਆਰ ਨੰਬਰ 1882 ,409, 420, 467, 468, 471 ਦੀ ਧਾਰਾ ਹੇਠ ਦਰਜ ਹੋਈਆਂ ਹਨ। ਤਿੰਨਾਂ ਕੇਸਾਂ ਵਿਚ ਹੁਣ ਅਦਾਲਤਾਂ ਵਿਚ ਚਾਰਜਸ਼ੀਟ ਦਾਖਲ ਹੋ ਚੁੱਕੀ ਹੈ ਅਤੇ ਜਲਦ ਹੀ ਨਿਯਮਿਤ ਸੁਣਵਾਈ ਯਾਨੀ ਟ੍ਰਾਇਲ ਸ਼ੁਰੂ ਹੋ ਜਾਵੇਗਾ। ਉਹਨਾਂ ਦੱਸਿਆ ਕਿ ਇਹ ਮਾਮਲਾ ਮਨਜੀਤ ਸਿੰਘ ਜੀ. ਕੇ. ਵੱਲੋਂ ਆਪਣੇ ਪੀ ਏ ਪਰਮਜੀਵਨ ਜੋਤ ਸਿੰਘ ਤੇ ਸਾਥੀਆਂ ਨਾਲ ਮਿਲ ਕੇ ਕਮੇਟੀ ਦੇ ਖ਼ਜ਼ਾਨੇ ਵਿਚੋਂ 50 ਲੱਖ ਰੁਪਏ, 30 ਲੱਖ ਰੁਪਏ ਅਤੇ 1 ਲੱਖ ਕੈਨੇਡੀਅਨ ਡਾਲਰ ਦੀ ਹੇਰਾ ਫੇਰੀ ਕਰਨ ਦੇ ਮਾਮਲੇ ਨਾਲ ਸਬੰਧਤ ਹੈ। ਉਹਨਾਂ ਦੱਸਿਆ ਕਿ ਮਨਜੀਤ ਸਿੰਘ ਜੀ.ਕੇ. ਨੇ ਆਪਣੀ ਹੀ ਧੀ ਤੇ ਜਵਾਈ ਦੇ ਨਾਂ 'ਤੇ ਆਪਣੇ ਹੀ ਪਤੇ 'ਤੇ ਰਜਿਸਟਰਡ ਫਰਮ ਰੇਨਬੀ ਕਲੋਥਿੰਗ ਦੇ ਨਾਂ 'ਤੇ ਘੁਟਾਲੇ ਕੀਤੇ ਹਨ। ਇਸੇ ਤਰੀਕੇ ਐਕਸਿਸ ਬੈਂਕ ਦੇ ਜਾਅਲੀ ਵੋਚਰ ਭਰ ਕੇ 50 ਲੱਖ ਰੁਪਏ ਦੀ ਹੇਰਾ ਫੇਰੀ ਕੀਤੀ ਹੈ। ਉਹਨਾਂ ਦੱਸਿਆ ਕਿ ਕਮੇਟੀ ਦੇ ਇਤਿਹਾਸ ਵਿਚ ਅੱਜ ਤੱਕ ਇਹ ਤਾਂ ਵੇਖਿਆ ਸੀ ਕਿ ਕਮੇਟੀ ਪ੍ਰਧਾਨ ਵਿਦੇਸ਼ ਦੌਰੇ 'ਤੇ ਜਾਂਦੇ ਹਨ ਤੇ ਵਿਦੇਸ਼ਾਂ ਦਾ ਫੰਡ ਲਿਆ ਕੇ ਕਮੇਟੀ ਦੇ ਖ਼ਜ਼ਾਨੇ ਵਿਚ ਜਮ੍ਹਾਂ ਕਰਦੇ ਹਨ ਪਰ ਇਹ ਪਹਿਲੀ ਵਾਰ ਵੇਖਿਆ ਹੈ ਕਿ ਮਨਜੀਤ ਸਿੰਘ ਜੀ.ਕੇ. ਇਥੋਂ ਪੈਸੇ ਕਢ ਕੇ ਵਿਦੇਸ਼ ਲੈ ਗਏ ਤੇ ਫੰਡਾਂ ਦਾ ਗਬਨ ਕੀਤਾ। ਉਹਨਾਂ ਕਿਹਾ ਕਿ ਇਸੇ ਤਰੀਕੇ ਮਨਜੀਤ ਸਿੰਘ ਜੀ.ਕੇ. ਨੇ ਇਸੇ ਤਰੀਕੇ 1 ਲੱਖ ਕਿਤਾਬ ਜੋ ਕਦੇ ਛਪੀ ਹੀ ਨਹੀਂ, ਉਸਦੇ ਬਿੱਲ ਦਾ ਮਾਮਲਾ ਵੀ ਜਗਜ਼ਾਹਰ ਹੋਇਆ ਹੈ ਤੇ ਜਾਂਚ ਅਫਸਰ ਨੇ ਸਾਰੀ ਜਾਂਚ ਮੁਕੰਮਲ ਕਰ ਕੇ ਸਾਹਮਣੇ ਲਿਆਂਦਾ ਹੈ ਕਿ ਮਨਜੀਤ ਸਿੰਘ ਜੀ.ਕੇ. ਨੇ ਕਿਵੇਂ ਘਪਲੇਬਾਜ਼ੀ ਕੀਤੀ। ਉਹਨਾਂ ਕਿਹਾ ਕਿ ਉਹ ਦਿੱਲੀ ਦੇ ਉਪ ਰਾਜਪਾਲ ਕੋਲ ਵੀ ਇਹ ਮਾਮਲਾ ਚੁੱਕਣਗੇ ਕਿ ਇਕ ਮੁਲਜ਼ਮ ਦੀ ਗ੍ਰਿਫਤਾਰੀ ਤੋਂ ਬਗੈਰ ਚਾਰਜ ਸ਼ੀਟਾਂ ਕਿਵੇਂ ਦਾਖਲ ਹੋਈਆਂ ਹਨ ਜਦੋਂ ਕਿ ਮੁਲਜ਼ਮ ਦੀ ਗ੍ਰਿਫਤਾਰੀ ਬਹੁਤ ਜ਼ਰੂਰੀ ਹੈ। ਉਹਨਾਂ ਕਿਹਾ ਕਿ ਮਨਜੀਤ ਸਿੰਘ ਜੀ.ਕੇ. ਵੱਲੋਂ ਸਰਕਾਰਾਂ ਨਾਲ ਗੰਢਤੁੱਪ ਕਰ ਕੇ ਹੁਣ ਤੱਕ ਆਪਣੇ ਖਿਲਾਫ ਜਾਂਚ ਤਾਰਪੀਡੋ ਕੀਤੀ ਗਈ ਸੀ ਪਰ ਹੁਣ ਸੱਚ ਸਾਹਮਣੇ ਆ ਰਿਹਾ ਹੈ ਤੇ ਮਨਜੀਤ ਸਿੰਘ ਜੀ.ਕੇ. ਨੂੰ ਸੰਗਤ ਦੇ ਇਕ ਇਕ ਪੈਸੇ ਦਾ ਹਿਸਾਬ ਦੇਣਾ ਪਵੇਗਾ। ਇਸ ਮੌਕੇ 'ਤੇ ਕਮੇਟੀ ਅਹੁਦੇਦਾਰਾਂ ਤੇ ਮੈਂਬਰਾਂ ਨੇ ਪ੍ਰਧਾਨ ਸਰਦਾਰ ਕਾਲਕਾ ਤੇ ਜਨਰਲ ਸਕੱਤਰ ਸਰਦਾਰ ਕਾਹਲੋਂ ਦੀ ਅਗਵਾਈ ਹੇਠ ਦੋ ਮਿੰਟ ਦਾ ਮੌਨ ਧਾਰ ਕੇ ਪਹਿਲਗਾਮ ਦੇ ਸ਼ਹੀਦਾਂ ਨੂੰ ਸ਼ਰਧਾਂਜਲੀ ਵੀ ਭੇਟ ਕੀਤੀ ਅਤੇ ਕਤਲੇਆਮ ਦੀ ਨਿਖੇਧੀ ਵੀ ਕੀਤੀ। ਸਰਦਾਰ ਕਾਲਕਾ ਤੇ ਸਰਦਾਰ ਕਾਹਲੋਂ ਨੇ ਦੱਸਿਆ ਕਿ ਅੱਜ ਸ਼ਾਮ ਗੁਰਦੁਆਰਾ ਬੰਗਲਾ ਸਾਹਿਬ ਵਿਚ ਮ੍ਰਿਤਕਾਂ ਦੀ ਆਤਮਿਕ ਸ਼ਾਂਤੀ ਲਈ ਅਰਦਾਸ ਵੀ ਕੀਤੀ ਜਾ ਰਹੀ ਹੈ। ਉਹਨਾਂ ਇਹ ਵੀ ਕਿਹਾ ਕਿ ਇਸ ਮਾਮਲੇ ਵਿਚ ਸੰਗਤ ਤੇ ਸਰਕਾਰ ਜੋ ਵੀ ਡਿਊਟੀ ਕਮੇਟੀ ਦੀ ਲਗਾਵੇਗੀ, ਅਸੀਂ ਪੂਰੀ ਤਨਦੇਹੀ ਨਾਲ ਨਿਭਾਵਾਂਗੇ।

> ☛ ਜੀ.ਕੇ. ਤੋਂ ਸੰਗਤ ਦੇ ਇਕ-ਇਕ ਪੈਸੇ ਦਾ ਹਿਸਾਬ ਲਵਾਂਗੇ: ਕਾਲਕਾ, ਕਾਹਲੋਂ ☛ ਪਹਿਲਗਾਮ ਕਤਲੇਆਮ ਦੇ ਮ੍ਰਿਤਕਾਂ ਨੂੰ ਭੇਟ ਕੀਤੀ ਸ਼ਰਧਾਂਜਲੀ

ਆਵਾਜ਼ਿ ਕੌਮ AWAZE QAUM International Newspaper & WEB TV

# ਗਿਆਨੀ ਹਰਪ੍ਰੀਤ ਸਿੰਘ ਵੱਲੋਂ ਸਰਕਾਰ ਤੇ ਮੀਡੀਆ ਨੂੰ ਚੇਤਾਵਨੀ

**ਅੰਮ੍ਰਿਤਸਰ, 23 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਕਸ਼ਮੀਰ ਦੇ ਪਹਿਲਗਾਮ ਵਿੱਚ ਸੈਲਾਨੀਆਂ ਉਪਰ ਹੋਏ ਅੱਤਵਾਦੀ ਹਮਲੇ ਬਾਰੇ ਸਾਬਕਾ ਜਥੇਦਾਰ ਗਿਆਨ ਹਰਪ੍ਰੀਤ ਸਿੰਘ ਦਾ ਵੱਡਾ ਬਿਆਨ ਆਇਆ ਹੈ। ਉਨ੍ਹਾਂ ਨੇ ਇਸ ਹਮਲੇ ਦੀ ਨਿੰਦਾ ਕਰਦੇ ਹੋਏ ਸਰਕਾਰਾਂ ਨੂੰ ਘੇਰਿਆ ਹੈ। ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਹੈ ਕਿ ਧਰਮ ਪੁੱਛ ਕੇ ਗੋਲੀ ਮਾਰਨ ਦਾ ਇਹ ਵਰਤਾਰਾ ਅਜੋਕੀ ਘਟੀਆ ਰਾਜਨੀਤੀ ਦੇ ਗਰਭ ਵਿੱਚੋਂ ਹੀ ਪੈਦਾ ਹੋਇਆ ਹੈ। ਉਨ੍ਹਾਂ ਨੇ ਚੇਤਾਵਨੀ ਦਿੱਤੀ ਹੈ ਕਿ ਸਰਕਾਰਾਂ ਤੇ ਜਿੰਮੇਵਾਰ ਮੀਡੀਆ ਜਿੰਨਾ, ਧਰਮਾਂ ਤੇ ਭਾਈਚਾਰਿਆਂ ਪ੍ਰਤੀ ਪੈਦਾ ਹੋਈ ਨਫਰਤ ਨੂੰ ਘਟਾਉਣ ਦਾ ਯਤਨ ਕਰੇਗਾ, ਓਨਾ ਹੀ ਸਮਾਜ ਸੁਖਦ ਰਹੇਗਾ। ਨਹੀਂ ਤਾਂ ਬਲਦੀ ਤੇ ਤੇਲ ਪਾਉਣ ਦਾ ਕੰਮ ਹੋਰ ਭਾਂਬੜ ਬਾਲੇਗਾ। ਗਿਆਨੀ ਹਰਪ੍ਰਤੀ ਸਿੰਘ ਨੇ ਆਪਣੇ ਫੇਸਬੁੱਕ ਪੇਜ ਉਪਰ ਇੱਕ ਤਸਵੀਰ ਸ਼ੇਅਰ ਕਰਦਿਆਂ ਲਿਖਿਆ....ਕਸ਼ਮੀਰ ਦੀ ਧਰਤੀ ਤੇ ਇਨਸਾਨੀਅਤ ਦੇ ਨੰਗੇ ਚਿੱਟੇ ਕਤਲੇਆਮ ਨੂੰ ਬਿਆਨ ਕਰਦੀ ਇਹ ਤਸਵੀਰ ਇਹ ਵਹਿਸ਼ੀਆਣਾ ਕਾਰਵਾਈ ਕਰਨ ਵਾਲੇ ਦੀ ਕਰੂਰਤਾ ਨੂੰ ਵੀ ਬਿਆਨ ਕਰਦੀ ਹੈ। ਧਰਮ ਪੁੱਛ ਕੇ ਗੋਲੀ ਮਾਰਨ ਦਾ ਇਹ ਵਰਤਾਰਾ ਅਜੋਕੀ ਘਟੀਆ ਰਾਜਨੀਤੀ ਦੇ ਗਰਭ ਵਿੱਚੋਂ ਪੈਦਾ ਹੋਇਆ ਹੈ। ਕਦੇ ਧਰਮ ਦੇਖ ਕੇ ਗ੍ਰਿਫਤਾਰੀ ਤੇ ਕਦੇ ਧਰਮ ਦੇਖ ਕੇ ਘਰ ਤੇ ਹਮਲਾ ਕਰਨਾ, ਇਹ ਵਰਤਾਰਾ ਵੀ ਨਵਾਂ ਨਹੀਂ ਹੈ।



ਆਵਾਜ਼ਿ ਕੌਮ AWAZE QAUM International Newspaper & WEB TV

ਉਨ੍ਹਾਂ ਨੇ ਲਿਖਿਆ ਕਿ ਜਦੋਂ ਵੀ ਕਿਸੇ ਵੀ ਦੇਸ਼ ਅੰਦਰ ਸਰਕਾਰੀ ਦਮਨ ਦੇ ਵਿਰੋਧ ਵਿੱਚ ਲਹਿਰਾਂ ਪੈਦਾ ਹੁੰਦੀਆਂ ਹਨ ਤਾਂ ਉਨ੍ਹਾਂ ਦੀ ਕਾਮਜਾਬੀ ਲੋਕਾਂ ਵਿੱਚ ਅਧਾਰ ਕਾਇਮ ਕੀਤੇ ਬਿਨਾਂ ਨਹੀਂ ਹੋ ਸਕਦੀ। ਜਦੋਂ ਲਹਿਰਾਂ ਵਿੱਚ ਘਟੀਆ ਸੋਚ ਦੇ ਲੋਕ ਸ਼ਾਮਲ ਹੋ ਕੇ ਲੋਕ ਹਿਤਕਾਰੀ ਕੰਮ ਕਰਨ ਦੀ ਬਜਾਏ ਲੋਕ ਵਿੱਚ ਨਫਰਤ ਪੈਦਾ ਕਰਨ ਵਾਲੇ ਕਾਰਜ ਆਰੰਭ ਕਰ ਦਿੰਦੇ ਹਨ ਤਾਂ ਲੋਕ ਹਿਤਾਂ ਲਈ ਉਠੇ ਅੰਦੋਲਨ ਦਮ ਤੋੜ ਜਾਂਦੇ ਹਨ। ਚਾਹੇ ਉਹ ਸ਼ਾਂਤੀ ਨਾਲ ਲੜੇ ਜਾਣ ਵਾਲੇ ਅੰਦੋਲਨ ਹੀ ਕਿਉਂ ਨਾ ਹੋਣ। ਗਿਆਨ ਹਰਪ੍ਰੀਤ ਸਿੰਘ ਨੇ ਅੱਗੇ ਲਿਖਿਆ ਪਹਿਲਗਾਮ ਵਿੱਚ ਹੋਏ ਹਮਲਾਵਰਾਂ ਨੇ ਨਾ ਸਿਰਫ ਕਈ ਮਜ਼ਲੂਮਾਂ ਦੀ ਜਾਨ ਲਈ ਸਗੋਂ ਸੈਲਾਨੀਆਂ ਦੇ ਸਿਰ ਤੇ ਪਲਣ ਵਾਲੇ ਕਈ ਕਸ਼ਮੀਰੀ ਪਰਿਵਾਰਾਂ ਦੀ ਕਿਰਤ ਤੇ ਵੀ ਬੁਲਡੋਜਰ ਚਲਾਇਆ ਹੈ। ਇਸ ਕਤਲੇਆਮ ਦੀ ਪੀੜ, ਪੀੜਤ ਪਰਿਵਾਰਾਂ ਦੇ ਨਾਲ-ਨਾਲ ਹਰ ਸੰਸਾਰ ਵਿੱਚ ਵਸਦੇ ਹਰ ਅਮਨਪਸੰਦ ਨੂੰ ਹੋਈ ਹੈ। ਇਸ ਤਰ੍ਹਾਂ ਦੀ ਪੀੜ ਚਿੱਠੀ ਸਿੰਘਪੁਰਾ ਦੇ ਕਤਲੇਆਮ ਸਮੇਂ ਵੀ ਬਹੁਤ ਉਠੀ ਸੀ। ਪਹਿਲਗਾਮ ਦੇ ਇਸ ਕਤਲੇਆਮ ਨੇ ਚਿੱਠੀ ਸਿੰਘਪੁਰਾ ਦੇ ਕਤਲੇਆਮ ਦੇ ਜਖਮ ਨੂੰ ਫਿਰ ਤੋਂ ਹਰਾ ਕੀਤਾ ਹੈ। ਸਰਕਾਰਾਂ ਤੇ ਜਿੰਮੇਵਾਰ ਮੀਡੀਆ ਜਿੰਨਾ, ਧਰਮਾਂ ਤੇ ਭਾਈਚਾਰਿਆਂ ਪ੍ਰਤੀ ਪੈਦਾ ਹੋਈ ਨਫਰਤ ਨੂੰ ਘਟਾਉਣ ਦਾ ਯਤਨ ਕਰੇਗਾ, ਉਨਾਂ ਹੀ ਸਮਾਜ ਸੁਖਦ ਰਹੇਗਾ। ਨਹੀ ਤਾਂ ਬਲਦੀ ਤੇ ਤੇਲ ਪਾਉਣ ਦਾ ਕੰਮ ਹੋਰ ਭਾਂਬੜ ਬਾਲੇਗਾ।

## ਅੰਮ੍ਰਿਤਪਾਲ ਸਿੰਘ ਦੀ ਵਟਸਐਪ ਚੈਟ ਫਰਜ਼ੀ ! ਪਿਤਾ ਤਰਸੇਮ ਸਿੰਘ ਦਾ ਵੱਡਾ ਦਾਅਵਾ

**ਅੰਮ੍ਰਿਤਸਰ, 23 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ਦੇ ਪਿਤਾ ਤਰਸੇਮ ਸਿੰਘ ਨੇ ਦਾਅਵਾ ਕੀਤਾ ਹੈ ਕਿ ਵਾਇਰਲ ਕੀਤੀ ਜਾ ਰਹੀ ਵਟਸਐਪ ਚੈਟ ਫਰਜ਼ੀ ਹੈ। ਉਨ੍ਹਾਂ ਨੇ ਗ੍ਰਹਿ ਮੰਤਰੀ ਅਮਿਤ ਸ਼ਾਹ ਨੂੰ ਮਾਰਨ ਦੀ ਸਾਜ਼ਿਸ਼ ਦੇ ਦਾਅਵਿਆਂ ਨੂੰ ਵੀ ਰੱਦ ਕੀਤਾ ਹੈ। ਉਨ੍ਹਾਂ ਕਿਹਾ ਹੈ ਕਿ ਅੰਮ੍ਰਿਤਪਾਲ ਸਿੰਘ ਨੂੰ ਬਦਨਾਮ ਕੀਤਾ ਜਾ ਰਿਹਾ ਹੈ। ਸਰਕਾਰ ਦੇ ਲੋਕ ਖੁਦ ਫਰਜ਼ੀ ਚੈਟ ਜਾਰੀ ਕਰਕੇ ਬਿਆਨ ਦੇ ਰਹੇ ਹਨ। ਇਹ ਦਾਅਵੇ ਉਨ੍ਹਾਂ ਨੇ ਹਿੰਦੀ ਅਖਬਾਰ ਨੂੰ ਦਿੱਤੇ ਇੰਟਰਵਿਊ ਵਿੱਚ ਕੀਤੇ। ਦੱਸ ਦਈਏ ਕਿ ਪੰਜਾਬ ਪੁਲਿਸ ਨੇ ਦਾਅਵਾ ਕੀਤਾ ਸੀ ਕਿ ਅੰਮ੍ਰਿਤਪਾਲ ਸਿੰਘ ਦੇ ਸਮਰਥਕ ਗ੍ਰਹਿ ਮੰਤਰੀ ਅਮਿਤ ਸ਼ਾਹ ਨੂੰ ਮਾਰਨ ਦੀ ਤਿਆਰੀ ਕਰ ਰਹੇ ਸਨ। ਹਾਲਾਂਕਿ, ਉਨ੍ਹਾਂ ਦੇ ਅਪਰਾਧ ਨੂੰ ਅੰਜਾਮ ਦੇਣ ਤੋਂ ਪਹਿਲਾਂ ਹੀ ਵਟਸਐਪ ਗਰੁੱਪ ਚੈਟ ਲੀਕ ਹੋ ਗਈ ਸੀ। ਇਹ ਵਟਸਐਪ ਗਰੁੱਪ 'ਵਾਰਿਸ ਪੰਜਾਬ ਦੇ' ਤੇ 'ਅਕਾਲੀ ਦਲ ਮੋਗਾ ਜਥੇਬੰਦੀ' ਦੇ ਨਾਮ 'ਤੇ ਬਣਾਏ ਗਏ ਸਨ। ਚੈਟ ਦੇ ਅਨੁਸਾਰ ਕੇਂਦਰੀ ਰਾਜ ਮੰਤਰੀ ਰਵਨੀਤ ਬਿੱਟੂ ਤੇ ਸੀਨੀਅਰ ਅਕਾਲੀ ਨੇਤਾ ਤੇ ਸਾਬਕਾ ਮੰਤਰੀ ਬਿਕਰਮ ਸਿੰਘ ਮਜੀਠੀਆ ਵੀ ਉਨ੍ਹਾਂ ਦੀ ਹਿੱਟ ਲਿਸਟ ਵਿੱਚ ਸਨ। ਇਸ ਆਧਰ ਉਪਰ ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ 'ਤੇ ਲਗਾਏ ਗਏ NSA ਨੂੰ ਤੀਜੀ ਵਾਰ ਵਧਾਇਆ ਗਿਆ ਹੈ। ਅੰਮ੍ਰਿਤਪਾਲ ਸਿੰਘ ਦੇ ਪਿਤਾ ਤਰਸੇਮ ਸਿੰਘ ਨੇ ਕਿਹਾ ਕਿ ਇਹ ਘੱਟ ਗਿਣਤੀਆਂ ਨਾਲ ਕੀ ਹੋ ਰਿਹਾ ਹੈ, ਇਸ ਦੀ ਸਿੱਧੀ ਉਦਾਹਰਣ ਹੈ। NSA ਇੱਕ ਸਾਲ ਲਈ ਹੈ। ਇਸ ਨੂੰ ਤੀਜੀ ਵਾਰ ਵਧਾਉਣਾ ਲੋਕਤੰਤਰ ਦਾ ਕਤਲ ਹੈ। ਇਹ ਬਹੁਤ ਹੀ ਘਿਣਾਉਣੀ ਕਾਰਵਾਈ ਹੈ ਜੋ ਲੋਕ ਇਨਸਾਫ ਪਸੰਦ ਕਰਦੇ ਹਨ, ਉਹ ਇਸ ਦੀ ਨਿੰਦਾ ਕਰ ਰਹੇ ਹਨ। ਉਨ੍ਹਾਂ ਨੇ ਕਿਹਾ ਕਿ ਸਰਕਾਰਾਂ ਸੋਚਦੀਆਂ ਹਨ ਕਿ ਉਹ ਅੰਮ੍ਰਿਤਪਾਲ ਸਿੰਘ ਨੂੰ ਇਕੱਲਾ ਰੱਖ ਕੇ ਮਾਨਸਿਕ ਤੌਰ 'ਤੇ ਪ੍ਰੇਸ਼ਾਨ ਕਰ ਸਕਦੇ ਹਨ, ਪਰ ਅਜਿਹਾ ਨਹੀਂ ਹੋਏਗਾ। ਸਾਡੇ ਤੇ ਸਾਡੇ ਸਮਰਥਕਾਂ ਦੇ ਮਨ ਵਿੱਚ ਇੱਕ ਗੱਲ ਹੈ ਕਿ ਉਸ ਨੂੰ ਇਕੱਲਾ ਰੱਖ ਕੇ ਜਾਂ ਉਸ ਦੇ ਖਾਣੇ ਵਿੱਚ ਕੁਝ ਮਿਲਾ ਕੇ ਉਸ ਨੂੰ ਨੁਕਸਾਨ ਨਾ ਪਹੁੰਚਾਇਆ ਜਾਵੇ। ਉਨ੍ਹਾਂ ਨੇ ਕਿਹਾ ਕਿ ਉਸ ਦਾ ਕਸੂਰ ਇਹ ਹੈ ਕਿ ਉਹ ਨਸ਼ਿਆਂ ਦੇ ਦਰਿਆ ਨੂੰ ਰੋਕਣ ਲਈ ਅੱਗੇ ਆਇਆ ਸੀ। ਬਿਕਰਮ ਮਜੀਠੀਆ ਵਰਗੇ ਲੋਕ ਹੁਣ ਰੌਲਾ ਪਾ ਰਹੇ ਹਨ ਕਿ ਇਹ ਸਭ ਅੰਮ੍ਰਿਤਪਾਲ ਦੇ ਆਉਣ ਕਾਰਨ ਹੋਇਆ ਪਰ ਜੋ ਹਾਲਾਤ ਪੈਦਾ ਹੋਏ ਹਨ, ਉਹ ਉਨ੍ਹਾਂ ਦੀ ਸਰਕਾਰ ਦੌਰਾਨ ਪੈਦਾ ਹੋਏ ਹਨ। ਸਾਡੇ ਨੌਜਵਾਨਾਂ ਨੂੰ ਰਾਜਨੀਤੀ ਲਈ ਗੈਂਗਸਟਰ ਬਣਾਇਆ ਗਿਆ ਤੇ ਬੇਘਰ ਕਰ ਦਿੱਤਾ ਗਿਆ।



# ਅੱਤਵਾਦੀ ਹਮਲੇ ਦੇ ਵਿਰੋਧ ਚ 24 ਅਪ੍ਰੈਲ ਨੂੰ ਜੰਡਿਆਲਾ ਗੁਰੂ ਪੂਰਨ ਬੰਦ ਰਹੇਗਾ ਸਵੇਰੇ 9 ਵਜੇ ਕੱਢਿਆ ਜਾਵੇਗਾ ਮਾਰਚ:- ਸੋਨੀ ਅਰੋੜਾ



**ਜੰਡਿਆਲਾ ਗੁਰੂ, 23 ਅਪ੍ਰੈਲ ( ਕੁਲਵੰਤ ਸਿੰਘ ਵਿਰਦੀ)**-ਸ਼੍ਰੀ ਰਾਮ ਨੌਮੀ ਉਤਸਵ ਕਮੇਟੀ ਦੇ ਪ੍ਰਧਾਨ ਸੋਨੀ ਅਰੋੜਾ ਨੇ ਜਾਣਕਾਰੀ ਦਿੰਦੇ ਹੋਏ ਦਸਿਆ ਕਿ ਬੀਤੇ ਕੱਲ੍ਹ ਪਹਿਲਗਾਮ ਵਿੱਚ ਘੁੰਮਣ ਆਏ ਸੈਲਾਨੀਆਂ ਉਪਰ ਜੋ ਆਤੰਕਵਾਦੀਆਂ ਵੱਲੋਂ ਅੰਨ੍ਹੇ ਵਾਹ ਗੋਲੀਆਂ ਚਲਾ ਕੇ ਕਾਇਰਾਨਾ ਹਮਲਾ ਕੀਤਾ ਗਿਆ ਹੈ। ਬਹੁਤ ਹੀ ਨਿੰਦਣਯੋਗ ਹੈ , ਸਾਰਾ ਦੇਸ਼ ਇਸ ਨਾਲ ਬਹੁਤ ਦੁਖੀ ਹੋਇਆ ਹੈ । ਇਸ ਸੰਬੰਧ ਵਿਚ ਸ਼ਹਿਰ ਦੀਆਂ ਸਾਰੀਆਂ ਧਾਰਮਿਕ ਜਥੇਬੰਦੀਆਂ, ਸਮਾਜਿਕ ਜਥੇਬੰਦੀਆਂ, ਅਤੇ ਸ਼ਹਿਰ ਦੀਆਂ ਵਪਾਰਿਕ ਐਸੋਸੀਏਸ਼ਨ ਦੇ ਸਹਿਯੋਗ ਨਾਲ ਮਿਤੀ 24 ਅਪ੍ਰੈਲ ਨੂੰ ਜੰਡਿਆਲਾ ਗੁਰੂ ਰੋਸ ਕਾਰਨ ਪੂਰਨ ਬੰਦ ਰਹੇਗਾ। ਸਾਰੇ ਦੁਕਾਨਦਾਰ ਆਪਣਾ ਫਰਜ਼ ਸਮਝਦੇ ਹੋਏ ਆਪਣੀਆਂ ਦੁਕਾਨਾਂ ਬੰਦ ਰੱਖਣ ਅਤੇ ਰੋਸ ਮਾਰਚ ਵਿੱਚ ਹਿਸਾ ਜਰੂਰ ਲਓ । ਇਹ ਰੋਸ ਮਾਰਚ ਸਵੇਰੇ 9 ਵਜੇ ਵਾਲਮੀਕੀ ਚੌਂਕ ਤੋਂ ਰਵਾਨਾ ਹੋਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

# ਜੰਮੂ ਕਸ਼ਮੀਰ ਦੇ ਪਹਿਲਗਾਮ ਘੁੰਮਣ ਆਏ ਬੇਕਸੂਰ ਸੈਲਾਨੀਆਂ ਨੂੰ ਨਿਸ਼ਾਨਾ ਬਣਾਉਣ ਵਾਲੇ ਅੱਤਵਾਦੀ ਹਮਲੇ ਦੀ ਜੰਡਿਆਲਾ ਪ੍ਰੈਸ ਕਲੱਬ ਵੱਲੋਂ ਸਖ਼ਤ ਨਿੰਦਾ ਕੀਤੀ ਜਾਂਦੀ ਮਲਹੋਤਰਾ

**ਜੰਡਿਆਲਾ ਗੁਰੂ, 23 ਅਪ੍ਰੈਲ ( ਕੁਲਵੰਤ ਸਿੰਘ ਵਿਰਦੀ)**-ਅੱਜ ਜੰਡਿਆਲਾ ਪ੍ਰੈਸ ਕਲੱਬ ਦੀ ਇਕ ਵਿਸ਼ੇਸ਼ ਮੀਟਿੰਗ ਚੇਅਰਮੈਨ ਸੁਨੀਲ ਦੇਵਗਨ ਦੀ ਅਗਵਾਈ ਵਿੱਚ ਹੋਈ । ਇਸ ਮੌਕੇ ਗੱਲਬਾਤ ਕਰਦਿਆਂ ਹੋਇਆਂ ਕਲੱਬ ਪ੍ਰਧਾਨ ਵਰਿੰਦਰ ਸਿੰਘ ਮਲਹੋਤਰਾ ਨੇ ਕਿਹਾ ਕਿ ਬੀਤੇ ਦਿਨ ਜੰਮੂ ਕਸ਼ਮੀਰ ਦੇ ਪਹਿਲਗਾਮ ਵਿੱਚ ਘੁੰਮਣ ਆਏ ਬੇਕਸੂਰ ਸੈਲਾਨੀਆਂ ਨੂੰ ਨਿਸ਼ਾਨਾ ਬਣਾਉਣ ਵਾਲੇ ਅੱਤਵਾਦੀ ਹਮਲੇ ਦੀ ਸਖ਼ਤ ਸ਼ਬਦਾਂ ਚ ਨਿੰਦਾ ਕੀਤੀ ਜਾਂਦੀ ਹੈ ਅਤੇ ਪੀੜਤਾਂ ਅਤੇ ਉਹਨਾਂ ਦੇ ਪਰਿਵਾਰਾਂ ਨਾਲ ਹਮਦਰਦੀ ਪ੍ਰਗਟ ਕਰਦੇ ਹਾਂ। ਅਤੇ ਦੇਸ਼ ਦੇ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਜੀ ਅਤੇ ਗ੍ਰਹਿ ਮੰਤਰੀ ਸ਼੍ਰੀ ਅਮਿਤ ਸ਼ਾਹ ਜੀ ਨੂੰ ਬੇਨਤੀ ਕਰਦੇ ਹਾ ਕਿ ਇਸ ਪੂਰੇ ਘਟਨਾਕ੍ਰਮ ਦੀ ਜਾਂਚ ਕਰਕੇ ਦੇਸ਼ ਦੇ ਦੁਸ਼ਮਣਾਂ ਦੇ ਵਿਰੁੱਧ ਸਖ਼ਤ ਤੋਂ ਸਖ਼ਤ ਐਕਸ਼ਨ ਲੈਂਦਿਆਂ ਹੋਇਆਂ ਕਾਰਵਾਈ ਕੀਤੀ ਜਾਵੇ। ਤਾਂ ਜੋ ਆਉਣ ਵਾਲੇ ਭਵਿੱਖ ਵਿੱਚ ਇਸ ਤਰ੍ਹਾਂ ਦੀਆਂ ਦੁਖਦਾਈ ਘਟਨਾਵਾਂ ਨਾ ਵਾਪਰਨ ਇਸ ਮੌਕੇ ਕੁਲਵੰਤ ਸਿੰਘ ਵਿਰਦੀ ਸੀਨੀਅਰ ਮੀਤ ਪ੍ਰਧਾਨ, ਹਰਿੰਦਰਪਾਲ ਸਿੰਘ ਮੀਤ ਪ੍ਰਧਾਨ, ਪਰਦੀਪ ਜੈਨ ਜਨਰਲ ਸੈਕਟਰੀ, ਸੋਨੂੰ ਮਿਗਲਾਨੀ, ਗੁਰਦੇਵ ਸਿੰਘ ਮੱਲੀ, ਵਰੁਣ ਸੋਨੀ, ਇੰਦਰਜੀਤ ਮਹਿਤਾ, ਸੁਖਦੇਵ ਸਿੰਘ ਟਾਂਗਰਾ ਆਦਿ ਹਾਜਰ ਸਨ।



ਆਵਾਜ਼ਿ ਕੌਮ AWAZE QAUM International Newspaper & WEB TV

## ਜ਼ਮੀਰ

ਹੁਣ ਨਾ ਬੰਦੇ ਦਾ ਬੰਦਾ ਰਿਹਾ ਦਾਰੂ
ਪੰਜ ਵਿਕਾਰ ਹੋਏ ਕਿਰਦਾਰਾਂ ਤੇ ਭਾਰੂ।

ਇਸ ਕਲਯੁੱਗੀ ਪਸਾਰੇ ਤੋਂ ਕੌਣ ਤਾਰੂ
ਸਜ਼ਾ ਝੂਠ ਦੀ ਚਰਖੜੀ ਜ਼ਮੀਰ ਮਾਰੂ।।

ਗੈਰਤ,ਅਣਖਾਂ ਵਾਲੀ ਮੁੱਕ ਚਲੀ ਬਾਤ
ਜ਼ਿੰਦਗੀ ਹੋ ਗਈ ਸਿਆਹ ਕਾਲੀ ਰਾਤ।

ਸੱਚਿਆਂ ਦੀ ਝੂਠਿਆਂ ਅੱਗੇ ਕੀ ਔਕਾਤ
ਵਲ ਛਲ ਨਾਲ ਭੁੰਝੇ ਸੁੱਟਣ ਦੀ ਸੌਗਾਤ।।

ਹੁਣ ਕਿਦੇ ਅੱਗੇ ਦੁੱਖੜੇ ਆਪਣੇ ਰੋਈਏ
ਪਲ ਪਲ ਆਪਣਿਆਂ ਦੇ ਧੋਖੇ ਪਰੋਈਏ।

ਸਾਂਝ ਵਾਲੀ ਵੇਲ ਦੀ ਜੜ੍ਹੀਂ ਤੇਲ ਚੜ੍ਹਾਉਂਦੇ
ਆਪਣਿਆਂ ਹੱਥੋਂ ਆਪਣੇ ਹੀ ਖਤਾ ਖਾਂਦੇ।



ਆਵਾਜ਼ਿ ਕੌਮ AWAZE QAUM International Newspaper & WEB TV

**-ਸੁਰਿੰਦਰਪਾਲ ਸਿੰਘ, ਸ੍ਰੀ ਅੰਮ੍ਰਿਤਸਰ ਸਾਹਿਬ**

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਯੂਰੋਲੋਜੀਕਲ ਸੋਸਾਇਟੀ ਆਫ਼ ਇੰਡੀਆ ਦੀ ਕਾਨਫਰੰਸ ਏਮਜ਼ ਬਠਿੰਡਾ ਵਿਖੇ ਸਮਾਪਤ ਹੋਈ

# ਯੂਰੋਲੋਜੀਕਲ ਐਕਸੀਲੈਂਸ ਵਿੱਚ ਨਵੇਂ ਮਾਪਦੰਡ ਸਥਾਪਤ ਕੀਤੇ







ਬਠਿੰਡਾ, 23 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)- ਯੂਰੋਲੋਜੀਕਲ ਸੋਸਾਇਟੀ ਆਫ਼ ਇੰਡੀਆ ਦੇ ਉੱਤਰੀ ਜ਼ੋਨ ਚੈਪਟਰ ਨੇ ਏਮਜ਼ ਬਠਿੰਡਾ ਵਿਖੇ ਆਪਣੀ ਦੋ ਰੋਜ਼ਾ ਮਿਡਟਰਮ ਵਰਕਸ਼ਾਪ ਸਫਲਤਾਪੂਰਵਕ ਸਮਾਪਤ ਕੀਤੀ, ਜਿਸ ਨਾਲ ਯੂਰੋਲੋਜੀਕਲ ਸਿਹਤ ਸੰਭਾਲ ਅਤੇ ਸਿੱਖਿਆ ਵਿੱਚ ਉੱਤਮਤਾ ਨੂੰ ਉਤਸ਼ਾਹਿਤ ਕਰਨ ਵਿੱਚ ਇੱਕ ਵੱਡਾ ਮੀਲ ਪੱਥਰ ਪ੍ਰਾਪਤ ਹੋਇਆ। ਇਸ ਸਮਾਗਮ ਨੇ ਦੇਸ਼ ਭਰ ਦੇ ਮੋਹਰੀ ਯੂਰੋਲੋਜਿਸਟਾਂ, ਖੋਜਕਰਤਾਵਾਂ ਅਤੇ ਵਿਦਿਆਰਥੀਆਂ ਨੂੰ ਦੋ ਦਿਨਾਂ ਸੂਝਵਾਨ ਸੈਸ਼ਨਾਂ, ਹੱਥੀਂ ਸਿਖਲਾਈ ਅਤੇ ਅਕਾਦਮਿਕ ਆਦਾਨ-ਪ੍ਰਦਾਨ ਲਈ ਇਕੱਠਾ ਕੀਤਾ। ਇਸ ਸਮਾਗਮ ਦਾ ਉਦਘਾਟਨ ਮੁੱਖ ਮਹਿਮਾਨ, ਪੰਜਾਬ ਦੇ ਮਾਣਯੋਗ ਰਾਜਪਾਲ, ਸ੍ਰੀ ਗੁਲਾਬ ਚੰਦ ਕਟਾਰੀਆ ਜੀ ਦੁਆਰਾ ਕੀਤਾ ਗਿਆ, ਜਿਨ੍ਹਾਂ ਨੇ ਗਰੀਬ ਮਰੀਜ਼ਾਂ ਨੂੰ ਸਿਹਤ ਸੰਭਾਲ ਸਹੂਲਤਾਂ ਪ੍ਰਦਾਨ ਕਰਨ ਵਿੱਚ ਏਮਜ਼ ਬਠਿੰਡਾ ਦੇ ਯਤਨਾਂ ਦੀ ਸ਼ਲਾਘਾ ਕੀਤੀ ਅਤੇ ਗੁਰਦੇ ਦੀਆਂ ਪੱਥਰੀਆਂ ਸਮੇਤ ਗੁਰਦੇ ਦੀਆਂ ਸਮੱਸਿਆਵਾਂ ਨੂੰ ਰੋਕਣ ਲਈ ਇੱਕ ਸਿਹਤਮੰਦ ਜੀਵਨ ਸ਼ੈਲੀ ਬਣਾਈ ਰੱਖਣ ਬਾਰੇ ਸਲਾਹ ਦਿੱਤੀ। ਉਨ੍ਹਾਂ ਨੇ ਇਸ ਵਰਕਸ਼ਾਪ ਦਾ ਹਿੱਸਾ ਬਣੇ ਮਰੀਜ਼ਾਂ ਨਾਲ ਵੀ ਗੱਲਬਾਤ ਕੀਤੀ ਅਤੇ ਵਿਭਾਗ ਵਿੱਚ ਉਪਲਬਧ ਸਹੂਲਤਾਂ ਦਾ ਸਰਵੇਖਣ ਕੀਤਾ। ਏਮਜ਼ ਬਠਿੰਡਾ ਦੇ ਯੂਰੋਲੋਜੀ ਵਿਭਾਗ ਨੇ ਸੰਸਥਾਪਕ ਕਾਰਜਕਾਰੀ ਨਿਰਦੇਸ਼ਕ ਪ੍ਰੋਫੈਸਰ ਡੀ ਕੇ ਸਿੰਘ ਅਤੇ ਮੌਜੂਦਾ ਕਾਰਜਕਾਰੀ ਨਿਰਦੇਸ਼ਕ ਪ੍ਰੋਫੈਸਰ ਮੀਨੂੰ ਸਿੰਘ ਦੇ ਸਹਿਯੋਗ ਨਾਲ ਕਈ ਮਹੱਤਵਪੂਰਨ ਕੰਮ ਕੀਤੇ ਹਨ। ਆਪਣੇ ਸੰਬੋਧਨ ਦੌਰਾਨ, ਪ੍ਰੋਫੈਸਰ ਮੀਨੂੰ ਸਿੰਘ ਨੇ ਇਸ ਸਮਾਗਮ ਰਾਹੀਂ ਪ੍ਰੈਕਟੀਸ਼ਨਰਾਂ ਅਤੇ ਵਿਦਿਆਰਥੀਆਂ ਦੋਵਾਂ ਨੂੰ ਨਵੀਨਤਮ ਤਕਨਾਲੋਜੀਆਂ ਅਤੇ ਵਿਧੀਆਂ ਤੱਕ ਪਹੁੰਚ ਪ੍ਰਦਾਨ ਕਰਨ ਲਈ ਪ੍ਰਬੰਧਕਾਂ ਦੀ ਸ਼ਲਾਘਾ ਕੀਤੀ। ਕਾਨਫਰੰਸ ਦਾ ਇੱਕ ਮੁੱਖ ਆਕਰਸ਼ਣ ਸਿਖਲਾਈ ਵਰਕਸ਼ਾਪ ਸੀ, ਜਿਸ ਦੌਰਾਨ ਉੱਨਤ, ਘੱਟੋ-ਘੱਟ ਹਮਲਾਵਰ ਤਕਨੀਕਾਂ ਦੀ ਵਰਤੋਂ ਕਰਕੇ ਗੁਰਦੇ ਦੀ ਪੱਥਰੀ ਹਟਾਉਣ ਲਈ ਉਨ੍ਹੀ ਮਰੀਜ਼ਾਂ ਦੀਆਂ ਮੁਫਤ ਸਰਜਰੀਆਂ ਕੀਤੀਆਂ ਗਈਆਂ। ਇਸ ਤੋਂ ਇਲਾਵਾ, ਖੋਜ ਵਿਦਿਆਰਥੀਆਂ ਨੇ ਆਪਣੇ ਅਕਾਦਮਿਕ ਪੇਪਰ ਪੇਸ਼ ਕੀਤੇ, ਅਤੇ ਨੌਜਵਾਨ ਦਿਮਾਗਾਂ ਨੂੰ ਯੂਰੋਲੋਜੀ ਵਿੱਚ ਵਿਕਸਤ ਹੋਣ ਵਾਲੇ ਅਭਿਆਸਾਂ ਨਾਲ ਜੋੜਨ ਲਈ ਇੱਕ ਕੁਇਜ਼ ਮੁਕਾਬਲਾ ਆਯੋਜਿਤ ਕੀਤਾ ਗਿਆ। ਇਸ ਤਰ੍ਹਾਂ, ਇਸ ਵਰਕਸ਼ਾਪ ਨੇ ਨਾ ਸਿਰਫ਼ ਗਰੀਬ ਮਰੀਜ਼ਾਂ ਨੂੰ ਖੇਤਰ ਦੇ ਸਭ ਤੋਂ ਵਧੀਆ ਲੋਕਾਂ ਦੁਆਰਾ ਸਭ ਤੋਂ ਵਧੀਆ ਉਪਕਰਣਾਂ ਅਤੇ ਤਕਨਾਲੋਜੀ ਨਾਲ ਆਪ੍ਰੇਸ਼ਨ ਕਰਦੇ ਦੇਖਿਆ, ਸਗੋਂ ਸੰਸਥਾ ਦੀ ਤਰੱਕੀ ਵਿੱਚ ਇੱਕ ਹੋਰ ਖੰਭ ਵੀ ਜੋੜਿਆ। ਮਹਿਮਾਨ ਵਜੋਂ, ਡਾ. ਸੰਦੀਪ ਸਿੰਘ ਕੌੜਾ, ਰਾਸ਼ਟਰੀ ਹੁਨਰ ਵਿਕਾਸ ਨਿਗਮ ਅਤੇ ਰਾਸ਼ਟਰੀ ਹੁਨਰ ਵਿਕਾਸ ਨਿਗਮ ਇੰਟਰਨੈਸ਼ਨਲ. ਹੁਨਰ ਵਿਕਾਸ ਅਤੇ ਉੱਦਮਤਾ ਮੰਤਰਾਲੇ, ਭਾਰਤ ਸਰਕਾਰ ਦੇ ਸਲਾਹਕਾਰ, ਨੇ ਸਿਹਤ ਸੰਭਾਲ ਖੇਤਰ ਵਿੱਚ ਨਿਰੰਤਰ ਹੁਨਰ ਵਿਕਾਸ ਦੇ ਮਹੱਤਵਪੂਰਨ ਮਹੱਤਵ 'ਤੇ ਜ਼ੋਰ ਦਿੱਤਾ। ਇਸ ਸਮਾਗਮ ਵਿੱਚ ਕਈ ਉੱਘੀਆਂ ਹਸਤੀਆਂ ਦੀ ਮੌਜੂਦਗੀ ਸੀ, ਜਿਨ੍ਹਾਂ ਵਿੱਚ ਪ੍ਰੋਫੈਸਰ ਰਾਜੀਵ ਸੂਦ, ਵਾਈਸ ਚਾਂਸਲਰ, ਬਾਬਾ ਫਰੀਦ ਯੂਨੀਵਰਸਿਟੀ ਆਫ਼ ਹੈਲਥ ਸਾਇੰਸਜ਼, ਫਰੀਦਕੋਟ: ਪ੍ਰੋਫੈਸਰ ਰਾਘਵੇਂਦਰ ਪੀ. ਤਿਵਾੜੀ, ਵਾਈਸ ਚਾਂਸਲਰ, ਸੈਂਟਰਲ ਯੂਨੀਵਰਸਿਟੀ ਆਫ਼ ਪੰਜਾਬ, ਡਾ. ਏ.ਕੇ. ਸਾਂਵਾਲ, ਪ੍ਰਧਾਨ, ਨੌਰਥ ਜ਼ੋਨ ਯੂਰੋਲੋਜੀਕਲ ਸੋਸਾਇਟੀ ਆਫ਼ ਇੰਡੀਆ: ਡਾ. ਰਿਸ਼ੀ ਨਈਅਰ, ਸਕੱਤਰ, ਨੌਰਥ ਜ਼ੋਨ ਯੂਰੋਲੋਜੀਕਲ ਸੋਸਾਇਟੀ ਆਫ਼ ਇੰਡੀਆ, ਡਾ. ਅਖਿਲੇਸ਼ ਪਾਠਕ, ਡੀਨ ਅਕਾਦਮਿਕ, ਏਮਜ਼ ਬਠਿੰਡਾ ਅਤੇ ਪ੍ਰੋਫੈਸਰ ਰਾਜੀਵ ਗੁਪਤਾ, ਮੈਡੀਕਲ ਸੁਪਰਡੈਂਟ ਏਮਜ਼ ਬਠਿੰਡਾ ਸ਼ਾਮਲ ਸਨ। ਕਾਨਫਰੰਸ ਦਾ ਅੰਤ ਦੇਸ਼ ਦੇ ਚੋਟੀ ਦੇ ਯੂਰੋਲੋਜਿਸਟਾਂ ਨੂੰ ਇਸ ਖੇਤਰ ਵਿੱਚ ਉਨ੍ਹਾਂ ਦੇ ਮਹੱਤਵਪੂਰਨ ਯੋਗਦਾਨ ਲਈ ਸਨਮਾਨਿਤ ਕਰਨ ਲਈ ਇੱਕ ਸਨਮਾਨ ਸਮਾਰੋਹ ਨਾਲ ਹੋਇਆ। ਯੂਰੋਲੋਜੀਕਲ ਸੋਸਾਇਟੀ ਆਫ਼ ਇੰਡੀਆ ਨੇ ਡਾ. ਕਵਲਜੀਤ ਸਿੰਘ ਕੌੜਾ, ਮੁਖੀ, ਯੂਰੋਲੋਜੀ ਅਤੇ ਕਿਡਨੀ ਟ੍ਰਾਂਸਪਲਾਂਟੇਸ਼ਨ, ਏਮਜ਼ ਬਠਿੰਡਾ ਅਤੇ ਉਨ੍ਹਾਂ ਦੀ ਦੂਰਦਰਸ਼ੀ ਅਗਵਾਈ ਅਤੇ ਇਸ ਵੱਕਾਰੀ ਕਾਨਫਰੰਸ ਦੇ ਸਫਲ ਆਯੋਜਨ ਲਈ ਉਨ੍ਹਾਂ ਦੀ ਟੀਮ ਸਮੇਤ ਦਿਲੋਂ ਵਧਾਈਆਂ ਦਿੱਤੀਆਂ। ਸਾਰੇ ਹਸਤੀਆਂ ਨੇ ਸ਼ਿਰਕਤ ਕੀਤੀ ਅਤੇ ਕਾਨਫਰੰਸ ਦੀ ਸਫਲਤਾ ਵਿੱਚ ਅਰਥਪੂਰਨ ਯੋਗਦਾਨ ਪਾਇਆ. ਇਸ ਪਹਿਲਕਦਮੀ ਅਤੇ ਸਹਿਯੋਗੀ ਭਾਵਨਾ ਦੀ ਸ਼ਲਾਘਾ ਕੀਤੀ ਜਿਸਨੇ ਇਸ ਸਮਾਗਮ ਨੂੰ ਪਰਿਭਾਸ਼ਿਤ ਕੀਤਾ। ਸਲਾਹਕਾਰ, ਨੇ ਸਿਹਤ ਸੰਭਾਲ ਖੇਤਰ ਵਿੱਚ ਨਿਰੰਤਰ ਹੁਨਰ ਵਿਕਾਸ ਦੇ ਮਹੱਤਵਪੂਰਨ ਮਹੱਤਵ 'ਤੇ ਜ਼ੋਰ ਦਿੱਤਾ। ਇਸ ਸਮਾਗਮ ਵਿੱਚ ਕਈ ਉੱਘੀਆਂ ਹਸਤੀਆਂ ਦੀ ਮੌਜੂਦਗੀ ਸੀ, ਜਿਨ੍ਹਾਂ ਵਿੱਚ ਪ੍ਰੋਫੈਸਰ ਰਾਜੀਵ ਸੂਦ, ਵਾਈਸ ਚਾਂਸਲਰ, ਬਾਬਾ ਫਰੀਦ ਯੂਨੀਵਰਸਿਟੀ ਆਫ਼ ਹੈਲਥ ਸਾਇੰਸਜ਼, ਫਰੀਦਕੋਟ; ਪ੍ਰੋਫੈਸਰ ਰਾਘਵੇਂਦਰ ਪੀ. ਤਿਵਾੜੀ, ਵਾਈਸ ਚਾਂਸਲਰ, ਸੈਂਟਰਲ ਯੂਨੀਵਰਸਿਟੀ ਆਫ਼ ਪੰਜਾਬ, ਡਾ. ਏ.ਕੇ. ਸਾਂਵਾਲ, ਪ੍ਰਧਾਨ, ਨੌਰਥ ਜ਼ੋਨ ਯੂਰੋਲੋਜੀਕਲ ਸੋਸਾਇਟੀ ਆਫ਼ ਇੰਡੀਆ; ਡਾ. ਰਿਸ਼ੀ ਨਈਅਰ, ਸਕੱਤਰ, ਨੌਰਥ ਜ਼ੋਨ ਯੂਰੋਲੋਜੀਕਲ ਸੋਸਾਇਟੀ ਆਫ਼ ਇੰਡੀਆ, ਡਾ. ਅਖਿਲੇਸ਼ ਪਾਠਕ, ਡੀਨ ਅਕਾਦਮਿਕ, ਏਮਜ਼ ਬਠਿੰਡਾ ਅਤੇ ਪ੍ਰੋਫੈਸਰ ਰਾਜੀਵ ਗੁਪਤਾ, ਮੈਡੀਕਲ ਸੁਪਰਡੈਂਟ ਏਮਜ਼ ਬਠਿੰਡਾ ਸ਼ਾਮਲ ਸਨ। ਕਾਨਫਰੰਸ ਦਾ ਅੰਤ ਦੇਸ਼ ਦੇ ਚੋਟੀ ਦੇ ਯੂਰੋਲੋਜਿਸਟਾਂ ਨੂੰ ਇਸ ਖੇਤਰ ਵਿੱਚ ਉਨ੍ਹਾਂ ਦੇ ਮਹੱਤਵਪੂਰਨ ਯੋਗਦਾਨ ਲਈ ਸਨਮਾਨਿਤ ਕਰਨ ਲਈ ਇੱਕ ਸਨਮਾਨ ਸਮਾਰੋਹ ਨਾਲ ਹੋਇਆ। ਯੂਰੋਲੋਜੀਕਲ ਸੋਸਾਇਟੀ ਆਫ਼ ਇੰਡੀਆ ਨੇ ਡਾ. ਕਵਲਜੀਤ ਸਿੰਘ ਕੌੜਾ, ਮੁਖੀ ਯੂਰੋਲੋਜੀ ਅਤੇ ਕਿਡਨੀ ਟ੍ਰਾਂਸਪਲਾਂਟੇਸ਼ਨ, ਏਮਜ਼ ਬਠਿੰਡਾ ਅਤੇ ਉਨ੍ਹਾਂ ਦੀ ਦੂਰਦਰਸ਼ੀ ਅਗਵਾਈ ਅਤੇ ਇਸ ਵੱਕਾਰੀ ਕਾਨਫਰੰਸ ਦੇ ਸਫਲ ਆਯੋਜਨ ਲਈ ਉਨ੍ਹਾਂ ਦੀ ਟੀਮ ਸਮੇਤ ਦਿਲੋਂ ਵਧਾਈਆਂ ਦਿੱਤੀਆਂ। ਸਾਰੇ ਹਸਤੀਆਂ ਨੇ ਸ਼ਿਰਕਤ ਕੀਤੀ ਅਤੇ ਕਾਨਫਰੰਸ ਦੀ ਸਫਲਤਾ ਵਿੱਚ ਅਰਥਪੂਰਨ ਯੋਗਦਾਨ ਪਾਇਆ, ਇਸ ਪਹਿਲਕਦਮੀ ਅਤੇ ਸਹਿਯੋਗੀ ਭਾਵਨਾ ਦੀ ਸ਼ਲਾਘਾ ਕੀਤੀ ਜਿਸਨੇ ਇਸ ਸਮਾਗਮ ਨੂੰ ਪਰਿਭਾਸ਼ਿਤ ਕੀਤਾ।

## ਅੱਤਵਾਦੀਆਂ ਦੀ ਪਨਾਹਗਾਹ ਬਣਿਆ ਪਾਕਿਸਤਾਨ ਆਪਣੀਆਂ ਹਰਕਤਾਂ ਤੋਂ ਬਾਜ ਆਵੇ : ਪਰਮਜੀਤ ਸਿੰਘ ਗਿੱਲ

### ਗਿੱਲ ਨੇ ਪਹਿਲਗਾਮ 'ਚ ਹੋਏ ਅੱਤਵਾਦੀ ਹਮਲੇ ਦੀ ਕੀਤੀ ਕਰੜੀ ਨਿੰਦਾ



**ਗੁਰਦਾਸਪੁਰ/ਬਟਾਲਾ, 23 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਹਿਮਾਲਿਆ ਪਰਿਵਾਰ ਸੰਗਠਨ ਦੇ ਕੌਮੀ ਮੀਤ ਪ੍ਰਧਾਨ ਅਤੇ ਲੋਕ ਸਭਾ ਹਲਕਾ ਗੁਰਦਾਸਪੁਰ ਦੇ ਸੀਨੀਅਰ ਆਗੂ ਪਰਮਜੀਤ ਸਿੰਘ ਗਿੱਲ ਨੇ ਪਾਕਿਸਤਾਨ ਨੂੰ ਅੱਤਵਾਦੀਆਂ ਦੀ ਪਨਾਹਗਾਹ ਕਰਾਰ ਦਿੰਦਿਆਂ ਪਹਿਲਗਾਮ ਵਿੱਚ ਹੋਈ ਘਟਨਾ ਦੀ ਕਰੜੇ ਸ਼ਬਦਾਂ ਵਿੱਚ ਨਿੰਦਾ ਕੀਤੀ। ਉਹਨਾਂ ਨੇ ਕਿਹਾ ਕਿ ਬੀਤੀ ਕੱਲ ਪਹਿਲਗਾਮ ਵਿੱਚ ਟੂਰਿਸਟਾਂ ਤੇ ਜੋ ਅੱਤਵਾਦੀ ਹਮਲਾ ਹੋਇਆ ਹੈ ਇਹ ਪਾਕਿਸਤਾਨ ਦੀ ਕਾਇਰਾਨਾ ਹਰਕਤ ਹੈ ਅਤੇ ਅੱਤਵਾਦੀਆਂ ਨੂੰ ਹਥਿਆਰ ਅਤੇ ਸਾਰੀ ਸਿਖਲਾਈ ਪਾਕਿਸਤਾਨ ਵੱਲੋਂ ਦਿੱਤੀ ਜਾਂਦੀ ਹੈ ਜੋ ਹਰ ਵੇਲੇ ਭਾਰਤ ਵਿੱਚ ਦਹਿਸ਼ਤ ਫੈਲਾਉਣ ਦੇ ਮਨਸੂਬੇ ਨਾਲ ਘੁਸਪੈਠ ਕਰਾਉਂਦਾ ਰਹਿੰਦਾ ਹੈ। ਉਹਨਾਂ ਨੇ ਕਿਹਾ ਕਿ ਪਾਕਿਸਤਾਨ ਨੂੰ ਕਰੜਾ ਸਬਕ ਸਿਖਾਇਆ ਜਾਵੇਗਾ ਜਿਸ ਲਈ ਪ੍ਰਧਾਨ ਮੰਤਰੀ ਮੋਦੀ ਅਤੇ ਗ੍ਰਿਹ ਮੰਤਰੀ ਅਮਿਤ ਸ਼ਾਹ ਵੱਲੋਂ ਸੁਰੱਖਿਆ ਫੋਰਸਾਂ ਨੂੰ ਸਖਤ ਆਦੇਸ਼ ਜਾਰੀ ਕਰ ਦਿੱਤੇ ਗਏ ਹਨ ਅਤੇ ਅੱਤਵਾਦੀਆਂ ਨੂੰ ਕਿਸੇ ਵੀ ਕੀਮਤ ਤੇ ਬਖਸ਼ਿਆ ਨਹੀਂ ਜਾਵੇਗਾ। ਉਹਨਾਂ ਨੇ ਪਹਿਲਗਾਮ ਵਿਖੇ ਹੋਏ ਅੱਤਵਾਦੀ ਹਮਲੇ ਵਿੱਚ ਮਾਰੇ ਗਏ ਹਿੰਦੁਸਤਾਨੀਆਂ ਦੇ ਪਰਿਵਾਰਾਂ ਨਾਲ ਸੰਵੇਦਨਾ ਪ੍ਰਗਟ ਕਰਦੇ ਹੋਏ ਇਸ ਦੁੱਖ ਦੀ ਘੜੀ ਵਿੱਚ ਸ਼ਾਮਿਲ ਹੁੰਦਿਆਂ ਕਿਹਾ ਕਿ ਦੇਸ਼ ਭਰ ਵਿੱਚ ਇਸ ਘਟਨਾ ਪ੍ਰਤੀ ਲੋਕਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ ਅਤੇ ਦੇਸ਼ ਗੁੱਸੇ ਦੇ ਆਲਮ ਵਿੱਚ ਹੈ। ਉਹਨਾਂ ਨੇ ਕਿਹਾ ਕਿ ਦੇਸ਼ ਦੀਆਂ ਸੁਰੱਖਿਆ ਫੋਰਸਾਂ ਐਕਸ਼ਨ ਵਿੱਚ ਹਨ ਅਤੇ ਪਹਿਲਗਾਮ ਦੀ ਘਟਨਾ ਨੂੰ ਅੰਜਾਮ ਦੇਣ ਵਾਲੇ ਅੱਤਵਾਦੀਆਂ ਨੂੰ ਬਿਲਕੁਲ ਵੀ ਮਾਫ ਨਹੀਂ ਕੀਤਾ ਜਾਵੇਗਾ ਤੇ ਅਜਿਹੀਆਂ ਹਰਕਤਾਂ ਕਰਨ ਵਾਲਿਆਂ ਨੂੰ ਦੇਸ਼ ਦੀਆਂ ਸੁਰੱਖਿਆ ਫੋਰਸਾਂ ਮਿੱਟੀ ਵਿੱਚ ਮਿਲਾ ਦੇਣਗੀਆਂ।

## ਹੈਰੋਇਨ ਦਾ ਨਸ਼ਾ ਕਰਨ ਵਾਲੇ ਦੋ ਗ੍ਰਿਫਤਾਰ

**ਖਰੜ, 23 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਪੁਲਿਸ ਥਾਣਾ ਸਦਰ ਖਰੜ ਵੱਲੋ ਨਸ਼ਾ ਕਰਦੇ ਦੋ ਨੌਜਵਾਨਾਂ ਨੂੰ ਕਾਬੂ ਕਰਨ ਵਿੱਚ ਸਫਲਤਾ ਹਾਸਿਲ ਕੀਤੀ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਐਸਐਚ ਓ ਸਦਰ ਥਾਣਾ ਖਰੜ ਅਮਰਿੰਦਰ ਸਿੰਘ ਸਿੱਧੂ ਨੇ ਦੱਸਿਆ ਕਿ ਏਐਸਆਈ ਚਰਨਜੀਤ ਸਿੰਘ ਸਮੇਤ ਪੁਲਿਸ ਪਾਰਟੀ ਖੂਨੀ ਮਾਜਰਾ ਤੋਂ ਤੋਲੇ ਮਾਜਰਾ ਰੋਡ ਤੇ ਗਸ਼ਤ ਕਰ ਰਹੀ ਸੀ ਤਾਂ ਕਰੀਬ 9:15 ਵਜੇ ਰਾਤ ਦੇ ਸੁੰਨ ਸਾਨ ਜਗ੍ਹਾ ਤੇ ਦੋ ਨੌਜਵਾਨ ਬੈਠੇ ਸਿਲਵਰ ਪੇਪਰ ਤੇ ਲਾਈਟਰ ਚਲਾ ਕੇ ਨਸ਼ਾ ਕਰਦੇ ਦਿਖਾਈ ਦਿੱਤੇ। ਜਿਨ੍ਹਾਂ ਨੇ ਪੁਲਿਸ ਪਾਰਟੀ ਨੂੰ ਦੇਖ ਕੇ ਆਪਣੇ ਹੱਥਾਂ ਵਿੱਚ ਫੜੀਆਂ ਸਿਲਵਰ ਦੇ ਪੇਪਰ ਦੀਆਂ ਪੰਨੀਆਂ ਤੇ ਲੈਟਰ ਨੂੰ ਸੁੱਟ ਕੇ ਭੱਜਣ ਦੀ ਕੋਸ਼ਿਸ ਕੀਤੀ ਪਰ ਉਹਨਾਂ ਨੂੰ ਪੁਲਿਸ ਵੱਲੋਂ ਕਾਬੂ ਕਰ ਲਿਆ ਗਿਆ। ਕਾਬੂ ਕੀਤੇ ਨੌਜਵਾਨਾਂ ਦੀ ਪਹਿਚਾਣ ਦਵਿੰਦਰ ਸਿੰਘ ਵਾਸੀ ਪਿੰਡ ਮਜਾਤੜੀ ਅਤੇ ਹਰਪ੍ਰੀਤ ਸਿੰਘ ਵਾਸੀ ਪਿੰਡ ਝੰਝੇੜੀ ਵਜੋਂ ਹੋਈ ਹੈ। ਇਸ ਮੌਕੇ ਪੁਲਿਸ ਵੱਲੋਂ ਉਕਤ ਨੌਜਵਾਨਾਂ ਵੱਲੋਂ ਅੱਗ ਚਲਾਉਣ ਲਈ ਸੁੱਟੇ ਗਏ ਲਾਈਟਰ ਸਿਲਵਰ ਪੇਪਰ ਦੀਆਂ ਪੰਨੀਆ ਜਿਨਾਂ ਤੇ ਹੈਰੋਇਨ ਲੱਗੀ ਜਾਪਦੀ ਹੈ ਅਤੇ 10 ਰੁਪਏ ਦੀ ਕਰੰਸੀ ਦੇ ਨੋਟ ਅਤੇ ਨਾਲ ਹੀ ਇੱਕ ਕੌਲੀ ਸਟੀਲ ਜਿਸ ਵਿੱਚ ਪਾਣੀ ਮੌਜੂਦ ਸੀ ਨੂੰ ਕਬਜ਼ੇ ਵਿੱਚ ਲੈ ਲਿਆ ਗਿਆ। ਉਹਨਾਂ ਦੱਸਿਆ ਕਿ ਉਕਤ ਨੌਜਵਾਨਾਂ ਵੱਲੋਂ ਹੈਰੋਇਨ ਦਾ ਨਸ਼ਾ ਕਰਨ ਦੇ ਜੁਰਮ ਅਧੀਨ ਐਨਡੀਪੀਐਸ ਐਕਟ ਤਹਿਤ ਮੁਕਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਗਈ ਹੈ।



## ਪਹਿਲਗਾਮ ਅਟੈਕ ਨਾਲ ਚਿੱਟੀ ਸਿੰਘਪੁਰਾ ਕਾਂਡ ਦੀ ਯਾਦ ਤਾਜ਼ਾ, 25 ਸਾਲਾਂ ਬਾਅਦ ਵੀ ਨਹੀਂ ਆਈ ਸੱਚਾਈ ਸਾਹਮਣੇ



**ਅੰਮ੍ਰਿਤਸਰ, 23 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਹੈ ਕਿ ਪਹਿਲਗਾਮ ਅੱਤਵਾਦੀ ਹਮਲੇ ਨੇ ਮਾਰਚ 2000 ਵਿੱਚ ਕਸ਼ਮੀਰ ਦੇ ਚਿੱਟੀ ਸਿੰਘਪੁਰਾ ਵਿੱਚ ਕਤਲ ਕੀਤੇ ਗਏ 35 ਸਿੱਖਾਂ ਦੀ ਯਾਦ ਦਿਵਾਈ ਹੈ, ਜਿਸ ਵਿੱਚ ਹੁਣ ਤੱਕ ਸੱਚ ਸਾਹਮਣੇ ਨਹੀਂ ਆ ਸਕਿਆ। ਪਹਿਲਗਾਮ ਵਿੱਚ ਵਾਪਰੀ ਘਟਨਾ ਦਾ ਇਨਸਾਫ਼ ਹੋਵੇ ਤੇ ਇਸ ਦੇ ਨਾਲ ਹੀ ਚਿੱਟੀ ਸਿੰਘਪੁਰਾ ਵਿੱਚ ਵਾਪਰੀ ਘਟਨਾ ਦਾ ਵੀ ਸੱਚ ਸਾਹਮਣੇ ਲਿਆ ਕਿ ਪੀੜਤ ਪਰਿਵਾਰਾਂ ਨੂੰ ਇਨਸਾਫ਼ ਦੇਣਾ ਚਾਹੀਦਾ ਹੈ। ਇਹ ਜਥੇਦਾਰ ਗੜਗੱਜ ਨੇ ਜੰਮੂ ਕਸ਼ਮੀਰ ਦੇ ਪਹਿਲਗਾਮ ਵਿੱਚ ਕੀਤੇ ਗਏ ਹਮਲੇ ਦੀ ਕਰੜੇ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਇਸ ਘਟਨਾ ਵਿੱਚ ਮਾਰੇ ਗਏ ਲੋਕਾਂ ਦੇ ਪਰਿਵਾਰਾਂ ਨਾਲ ਦੁੱਖ ਦਾ ਪ੍ਰਗਟਾਵਾ ਕੀਤਾ ਹੈ। ਉਨ੍ਹਾਂ ਅਕਾਲ ਪੁਰਖ ਅੱਗੇ ਅਰਦਾਸ ਕੀਤੀ ਕਿ ਉਹ ਵਿਛੜੀਆਂ ਰੂਹਾਂ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਤੇ ਪਰਿਵਾਰਾਂ ਨੂੰ ਭਾਣਾ ਮੰਨਣ ਦਾ ਬਲ ਬਖ਼ਸ਼ਣ। ਉਨ੍ਹਾਂ ਅਰਦਾਸ ਕੀਤੀ ਕਿ ਦੁਨੀਆ ਵਿਚ ਕਿਸੇ ਵੀ ਥਾਂ ਅਜਿਹੀ ਅਣਮਨੁੱਖੀ ਘਟਨਾ ਨਾ ਵਾਪਰੇ ਤੇ ਦੇਸ਼ ਦੁਨੀਆ ਅੰਦਰ ਅਮਨ ਸ਼ਾਂਤੀ ਬਣੀ ਰਹੇ। ਜਥੇਦਾਰ ਨੇ ਕਿਹਾ ਕਿ ਇਸ ਘਟਨਾ ਨੇ ਉਨ੍ਹਾਂ ਦੇ ਮਨ ਨੂੰ ਗਹਿਰਾ ਦੁੱਖ ਪਹੁੰਚਾਇਆ ਹੈ ਤੇ ਮਾਰਚ 2000 ਵਿਚ ਕਸ਼ਮੀਰ ਦੇ ਚਿੱਟੀ ਸਿੰਘਪੁਰਾ ਵਿਚ ਕਤਲ ਕੀਤੇ ਗਏ 35 ਸਿੱਖਾਂ ਦੀ ਯਾਦ ਦਿਵਾਈ ਹੈ, ਜਿਸ ਵਿਚ ਹੁਣ ਤੱਕ ਸੱਚ ਸਾਹਮਣੇ ਨਹੀਂ ਆਇਆ। ਉਨ੍ਹਾਂ ਕਿਹਾ ਕਿ ਪਹਿਲਗਾਮ ਵਿਚ ਵਾਪਰੀ ਘਟਨਾ ਦਾ ਇਨਸਾਫ਼ ਹੋਵੇ ਤੇ ਇਸ ਦੇ ਨਾਲ ਹੀ ਚਿੱਟੀ ਸਿੰਘਪੁਰਾ ਵਿਚ ਵਾਪਰੀ ਘਟਨਾ ਦਾ ਵੀ ਸੱਚ ਸਾਹਮਣੇ ਲਿਆ ਕਿ ਪੀੜਤ ਪਰਿਵਾਰਾਂ ਨੂੰ ਇਨਸਾਫ਼ ਦੇਣਾ ਚਾਹੀਦਾ ਹੈ। ਉਧਰ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਜੰਮੂ ਕਸ਼ਮੀਰ ਦੇ ਪਹਿਲਗਾਮ ਵਿਚ ਹੋਏ ਹਮਲੇ ਦੌਰਾਨ ਮਾਰੇ ਗਏ ਲੋਕਾਂ ਦੇ ਪਰਿਵਾਰਾਂ ਨਾਲ ਸੰਵੇਦਨਾ ਪ੍ਰਗਟ ਕੀਤੀ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਇਸ ਅਨਮਨੁੱਖੀ ਤੇ ਕਰੂਰ ਕਾਰੇ ਨੇ ਸਮਾਜਿਕ ਕਦਰਾਂ ਕੀਮਤਾਂ ਨੂੰ ਸੱਟ ਮਾਰੀ ਹੈ। ਉਨ੍ਹਾਂ ਕਿਹਾ ਕਿ ਮਾਨਵੀ ਸਰੋਕਾਰ ਅਜਿਹਾ ਨਹੀਂ ਸਿਖਾਉਂਦੇ, ਸਗੋਂ ਸਾਰਿਆਂ ਨੂੰ ਭਾਈਚਾਰੇ ਤੇ ਸਦਭਾਵਨਾ ਦਾ ਰਾਹ ਦਿਖਾਉਂਦੇ ਹਨ। ਉਨ੍ਹਾਂ ਪੀੜਤ ਪਰਿਵਾਰਾਂ ਨਾਲ ਹਮਦਰਦੀ ਪ੍ਰਗਟ ਕਰਦਿਆਂ ਪ੍ਰਮਾਤਮਾ ਅੱਗੇ ਅਰਦਾਸ ਕੀਤੀ ਕਿ ਹਮਲੇ ਦੌਰਾਨ ਵਿਛੜੀਆਂ ਰੂਹਾਂ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਤੇ ਪਰਿਵਾਰਾਂ ਨੂੰ ਭਾਣਾ ਮੰਨਣ ਦਾ ਬਲ ਬਖ਼ਸ਼ਣ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243